ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ

# ਆਵਾਜ਼ਿ ਕੌਮ

Awaze Qaum

(ਯੂ. ਕੇ. ਤੋਂ ਪ੍ਰਕਾਸ਼ਿਤ)

International Daily Newspaper & WEB TV

www.awazeqaumtv.com

Also On

Visit on facebook

https://www.facebook.com/awazeqaumtv/videos/194899582124531/

YouTube https://youtu.be/LQwolgxDu7I

awazeqaumtvpunjab@gmail.com

ਮੰਗਲਵਾਰ, 8 ਅਕਤੂਬਰ 2024 (ਨਾਨਕਸ਼ਾਹੀ ਸੰਮਤ : ੫੫੬, ੨੩ ਅੱਸੂ) ਸੰਪਾਦਕ : ਰਘਵੀਰ ਸਿੰਘ ਵਾਲਸਾਲ ਯੂ.ਕੇ., ਸੰਪਰਕ : +447458381111,+447976210161,+919729091243




## ਸ਼੍ਰੋਮਣੀ ਕਮੇਟੀ ਦੇ ਪ੍ਰਧਾਨ ਤੇ ਹੋਰ ਅਹੁਦੇਦਾਰਾਂ ਦੀ ਚੋਣ ਲਈ 28 ਅਕਤੂਬਰ ਨੂੰ ਹੋਵੇਗਾ ਜਨਰਲ ਇਜਲਾਸ- ਐਡਵੋਕੇਟ ਧਾਮੀ

**ਨਵੀਂ ਦਿੱਲੀ, 7 ਅਕਤੂਬਰ (ਮਨਪ੍ਰੀਤ ਸਿੰਘ ਖਾਲਸਾ):-** ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਐਡਵੋਕੇਟ ਹਰਜਿੰਦਰ ਸਿੰਘ ਧਾਮੀ ਨੇ ਸ਼੍ਰੋਮਣੀ ਕਮੇਟੀ ਦੇ ਪ੍ਰਧਾਨ ਅਤੇ ਹੋਰ ਅਹੁਦੇਦਾਰਾਂ ਦੀ ਸਾਲਾਨਾ ਚੋਣ ਲਈ ਜਨਰਲ ਇਜਲਾਸ 28 ਅਕਤੂਬਰ 2024 ਨੂੰ ਸੱਦਣ ਦਾ ਐਲਾਨ ਕੀਤਾ ਹੈ।



ਐਡਵੋਕੇਟ ਧਾਮੀ ਨੇ ਜਾਰੀ ਇਕ ਪ੍ਰੈੱਸ ਬਿਆਨ ਵਿਚ ਕਿਹਾ ਕਿ ਇਸ ਵਾਰ ਅਹੁਦੇਦਾਰਾਂ ਦੀ ਚੋਣ ਵਾਸਤੇ ਸਾਲਾਨਾ ਇਜਲਾਸ 28 ਅਕਤੂਬਰ ਨੂੰ ਦੁਪਹਿਰ 12 ਵਜੇ ਸ਼੍ਰੋਮਣੀ ਕਮੇਟੀ ਦਫ਼ਤਰ ਸਥਿਤ ਤੇਜਾ ਸਿੰਘ ਸਮੁੰਦਰੀ ਹਾਲ ਵਿਖੇ ਹੋਵੇਗਾ। ਇਸ ਵਿਚ ਪ੍ਰਧਾਨ, ਸੀਨੀਅਰ ਮੀਤ ਪ੍ਰਧਾਨ, ਜੂਨੀਅਰ ਮੀਤ ਪ੍ਰਧਾਨ, ਜਨਰਲ ਸਕੱਤਰ ਅਤੇ ਅੰਤ੍ਰਿੰਗ ਕਮੇਟੀ ਦੇ ਮੈਂਬਰਾਂ ਦੀ ਚੋਣ ਕੀਤੀ ਜਾਵੇਗੀ।

### ਪੰਚਾਇਤੀ ਚੋਣਾਂ ਦੇ ਮੱਦੇਨਜ਼ਰ

# ਪੰਜਾਬ 'ਚ ਹਾਈਟੈਕ ਸਕਿਓਰਿਟੀ

**ਚੰਡੀਗੜ੍ਹ, 7 ਅਕਤੂਬਰ (ਆਵਾਜ਼ਿ ਕੌਮ ਬਿਊਰੋ)**-ਪੁਲਸ ਕਮਿਸ਼ਨਰ ਸਵਪਨ ਸ਼ਰਮਾ ਦੇ ਦਿਸ਼ਾ-ਨਿਰਦੇਸ਼ਾਂ ਤਹਿਤ ਕਮਿਸ਼ਨਰੇਟ ਪੁਲਸ ਨੇ ਤਿਉਹਾਰਾਂ ਦੇ ਸੀਜ਼ਨ ਅਤੇ ਪੰਚਾਇਤੀ ਚੋਣਾਂ ਦੌਰਾਨ ਅਮਨ-ਕਾਨੂੰਨ ਨੂੰ ਯਕੀਨੀ ਬਣਾਉਣ ਲਈ 19 ਨਾਜ਼ੁਕ ਬਿੰਦੂਆਂ 'ਤੇ ਵਿਸ਼ੇਸ਼ ਨਕਾਬਬੰਦੀ ਕਰਦੇ ਹੋਏ ਸ਼ਹਿਰ ਭਰ ਵਿੱਚ ਆਪਣੀਆਂ ਕਾਰਵਾਈਆਂ ਤੇਜ਼ ਕਰ ਦਿੱਤੀਆਂ ਹਨ। ਇਸ ਨਾਕਾਬੰਦੀ ਦਾ ਮਕਸਦ ਅਮਨ-ਕਾਨੂੰਨ ਨੂੰ ਬਣਾਈ ਰੱਖਣਾ, ਸ਼ੱਕੀ ਵਿਅਕਤੀਆਂ ਦੀ ਕਾਰਵਾਈ 'ਤੇ ਨਜ਼ਰ ਰੱਖਣਾ ਅਤੇ ਟ੍ਰੈਫਿਕ ਨਿਯਮਾਂ ਨੂੰ ਲਾਗੂ ਕਰਨਾ ਸੀ। ਕਮਿਸ਼ਨਰੇਟ ਪੁਲਸ ਨੇ ਤਿਉਹਾਰਾਂ ਦੇ ਸੀਜ਼ਨ ਅਤੇ ਆਗਾਮੀ ਗ੍ਰਾਮ ਪੰਚਾਇਤ ਚੋਣਾਂ 2024 ਦੌਰਾਨ ਅਮਨ-ਕਾਨੂੰਨ ਨੂੰ ਯਕੀਨੀ ਬਣਾਉਣ ਲਈ ਸ਼ਹਿਰ ਦੇ 19 ਨਾਜ਼ੁਕ ਪੁਆਇੰਟਾਂ 'ਤੇ ਵਿਸ਼ੇਸ਼ ਨਕਾਬੰਦੀ ਕੀਤੀ। ਇਸ ਅਪ੍ਰੇਸ਼ਨ ਦੀ ਨਿਗਰਾਨੀ ਹਲਕਾ ਜੀ.ਓਜ਼. ਦੁਆਰਾ ਕੀਤੀ ਗਈ ਅਤੇ ਐੱਸ. ਐੱਚ. ਓਜ਼. ਦੁਆਰਾ ਕਮਿਸ਼ਨਰੇਟ ਪੁਲਸ, ਜਲੰਧਰ ਦੀ ਐਮਰਜੈਂਸੀ ਰਿਸਪਾਂਸ ਸਿਸਟਮ ਟੀਮ ਦੇ ਸਹਿਯੋਗ ਨਾਲ ਚਲਾਈ ਗਈ। ਇਸ ਵਿਸ਼ੇਸ਼ ਮੁਹਿੰਮ ਦਾ ਮੁੱਖ ਟੀਚਾ ਤਿਉਹਾਰਾਂ ਦੇ ਸੀਜ਼ਨ ਅਤੇ ਆਗਾਮੀ ਗ੍ਰਾਮ ਪੰਚਾਇਤ ਚੋਣਾਂ 2024 ਦੌਰਾਨ ਜਨਤਕ ਸੁਰੱਖਿਆ ਨੂੰ ਬਣਾਈ ਰੱਖਣਾ ਸੀ। ਕਮਿਸ਼ਨਰੇਟ ਪੁਲਸ ਜਲੰਧਰ ਨੇ ਇਨ੍ਹਾਂ ਨਾਜ਼ੁਕ ਸਮਿਆਂ ਦੌਰਾਨ ਸੁਰੱਖਿਆ, ਨਿਰਵਿਘਨ ਆਵਾਜਾਈ ਅਤੇ ਨਾਗਰਿਕਾਂ ਦੀ ਸਹੂਲਤ ਨੂੰ ਪਹਿਲ ਦਿੱਤੀ। ਵਿਸ਼ੇਸ਼ ਨਾਕਾਬੰਦੀ ਨੇ ਸ਼ਹਿਰ ਵਿਚ ਸ਼ੱਕੀ ਤੱਤਾਂ ਦੀ ਪਛਾਣ ਕਰਨ ਅਤੇ ਉਨ੍ਹਾਂ ਵਿਰੁੱਧ ਕਾਰਵਾਈ ਕਰਨ 'ਤੇ ਜ਼ੋਰ ਦਿੱਤਾ। ਮਾੜੇ ਅਨਸਰਾਂ 'ਤੇ ਵਿਸ਼ੇਸ਼ ਧਿਆਨ ਦਿੱਤਾ ਗਿਆ, ਟੀਮਾਂ ਕਿਸੇ ਵੀ ਅਣਸੁਖਾਵੀਂ ਘਟਨਾ ਨੂੰ ਰੋਕਣ ਲਈ ਸਰਗਰਮੀ ਨਾਲ ਉਨ੍ਹਾਂ ਦੀਆਂ ਗਤੀਵਿਧੀਆਂ 'ਤੇ ਨਜ਼ਰ ਰੱਖ ਰਹੀਆਂ ਹਨ। ਨਾਕਾਬੰਦੀ ਦੌਰਾਨ ਟ੍ਰੈਫਿਕ ਨਿਯਮਾਂ ਦੀ ਪਾਲਣਾ ਨਾ ਕਰਨ ਲਈ ਉਲੰਘਣਾ ਕਰਨ ਵਾਲਿਆਂ ਦੇ ਕੁੱਲ੍ਹ 94 ਟ੍ਰੈਫਿਕ ਚਲਾਨ ਕੀਤੇ ਗਏ ਅਤੇ 13 ਵਾਹਨਾਂ ਨੂੰ ਦਸਤਾਵੇਜ਼ਾਂ ਦੀ ਘਾਟ ਕਾਰਨ ਜ਼ਬਤ ਕੀਤਾ ਗਿਆ। ਨਾਕਾਬੰਦੀ ਦੌਰਾਨ ਉਲੰਘਣਾਵਾਂ ਜਿਵੇਂ ਕਿ ਹੈਲਮਟ ਤੋਂ ਬਿਨਾਂ ਸਵਾਰੀ, ਟ੍ਰਿਪਲ ਰਾਈਡਿੰਗ, ਬਿਨਾਂ ਨੰਬਰ ਪਲੇਟ ਵਾਲੇ ਵਾਹਨ, ਗੈਰ-ਕਾਨੂੰਨੀ ਕਾਲੀਆਂ ਫ਼ਿਲਮਾਂ ਵਾਲੇ ਵਾਹਨ, ਰੌਲਾ ਪ੍ਰਦੂਸ਼ਣ ਪੈਦਾ ਕਰਨ ਵਾਲੇ ਗੈਰ-ਕਾਨੂੰਨੀ ਵੱਡੇ ਹਾਰਨ, ਰੌਲਾ ਪ੍ਰਦੂਸ਼ਣ ਪੈਦਾ ਕਰਨ ਵਾਲੇ ਸੋਧੇ ਸਾਈਲੈਂਸਰਾਂ ਵਾਲੇ ਬੁਲੇਟ ਮੋਟਰਸਾਈਕਲ, ਲਾਲ ਬੱਤੀ ਜੰਪਿੰਗ ਅਤੇ ਹੋਰ ਟਰੈਫਿਕ ਉਲੰਘਣਾਵਾਂ 'ਤੇ ਧਿਆਨ ਕੇਂਦਰਿਤ ਕੀਤਾ।



## 'ਆਪ' ਆਗੂ ਦਾ ਗੋਲੀਆਂ ਮਾਰ ਕੇ ਕੀਤਾ ਕਤਲ

**ਤਰਨਤਾਰਨ, 7 ਅਕਤੂਬਰ (ਆਵਾਜ਼ਿ ਕੌਮ ਬਿਊਰੋ)**-ਤਰਨਤਾਰਨ ਤੋਂ ਵੱਡੀ ਵਾਰਦਾਤ ਹੋਣ ਦਾ ਸਮਾਚਾਰ ਪ੍ਰਾਪਤ ਹੋਇਆ ਹੈ। ਜਿਥੇ ਪਿੰਡ ਠੱਕਰਪੁਰਾ ਦੀ ਚਰਚ ਨਜ਼ਦੀਕ ਮੋਟਰਸਾਈਕਲ ਸਵਾਰ ਤਿੰਨ ਨੌਜਵਾਨਾਂ ਨੇ ਇਕ ਕਾਰ ਚਾਲਕ 'ਤੇ ਅੰਨ੍ਹੇਵਾਹ ਗੋਲੀਆਂ ਚਲਾ ਦਿੱਤੀਆਂ। ਇਸ ਦੌਰਾਨ ਰਾਜਵਿੰਦਰ ਸਿੰਘ ਉਰਫ਼ ਰਾਜ ਤਲਵੰਡੀ ਦੀ ਮੌਕੇ 'ਤੇ ਮੌਤ ਹੋ ਗਈ। ਪ੍ਰਾਪਤ ਜਾਣਕਾਰੀ ਅਨੁਸਾਰ ਪਿੰਡ ਤਲਵੰਡੀ ਮੋਹਰ ਸਿੰਘ ਦੀ ਐੱਸ. ਸੀ. ਸਰਪੰਚ ਬਿਨ੍ਹਾਂ ਮੁਕਾਬਲਾ ਜੇਤੂ ਕਰਾਰ ਦਿੱਤੀ ਗਈ ਸੀ, ਜੋ ਕਿ ਰਾਜਵਿੰਦਰ ਸਿੰਘ ਦੇ ਧੜੇ ਨਾਲ ਆਮ ਆਦਮੀ ਪਾਰਟੀ ਨਾਲ ਸੰਬੰਧਿਤ ਸੀ। ਇਸ ਦੌਰਾਨ ਜਦੋਂ ਰਾਜਵਿੰਦਰ ਸਿੰਘ ਕਾਰ ਵਿਚ ਸਵਾਰ ਹੋ ਕੇ ਆਪਣੇ ਪਿੰਡ ਜਾ ਰਿਹਾ ਸੀ ਤਾਂ ਪਿੰਡ ਠੱਕਰਪੁਰਾ ਦੇ ਨਜ਼ਦੀਕ ਮੋਟਰਸਾਈਕਲ ਸਵਾਰ ਤਿੰਨ ਨੌਜਵਾਨਾਂ ਨੇ ਇਨ੍ਹਾਂ ਦੀ ਗੱਡੀ ਨੂੰ ਰੋਕ ਕੇ ਰਾਜਵਿੰਦਰ ਸਿੰਘ 'ਤੇ ਗੋਲੀਆਂ ਚਲਾਉਣੀਆਂ ਸ਼ੁਰੂ ਕਰ ਦਿੱਤੀਆਂ। ਜਿਸ ਵਿਚ ਰਾਜਵਿੰਦਰ ਸਿੰਘ ਦੀ ਮੌਕੇ 'ਤੇ ਹੀ ਮੌਤ ਹੋ ਗਈ।



ਇਸ ਦੌਰਾਨ ਕਪੂਰਥਲਾ ਵਿਖ ਜਲੰਧਰ ਰੋਡ ਸਥਿਤ ਐੱਮ. ਆਈ. ਸੀ. ਮੋਬਾਇਲ ਸ਼ੋਅਰੂਮ 'ਤੇ ਸੋਮਵਾਰ ਨੂੰ ਬਾਈਕ ਸਵਾਰ ਨੌਜਵਾਨਾਂ ਨੇ ਤਾਬੜਤੋੜ ਗੋਲ਼ੀਆਂ ਚਲਾ ਦਿੱਤੀਆਂ। ਹਮਲੇ ਵਿਚ ਸ਼ੋਅਰੂਮ ਮਾਲਕ ਵਾਲ-ਵਾਲ ਬਚ ਗਏ ਹਨ। ਸੂਚਨਾ ਮਿਲਣ ਤੋਂ ਬਾਅਦ ਮੌਕੇ ਉਤੇ ਪਹੁੰਚੀ ਪੁਲਸ ਨੇ ਅਗਲੇਰੀ ਜਾਂਚ ਸ਼ੁਰੂ ਕਰ ਦਿੱਤੀ ਹੈ। ਸ਼ੋਅਰੂਮ ਮਾਲਕ ਨਰੇਸ਼ ਮਲਹੋਤਰਾ ਨੇ ਦੱਸਿਆ ਕਿ ਸਵੇਰੇ 10 ਵਜੇ ਬਾਈਕ 'ਤੇ ਸਵਾਰ ਹੋ ਕੇ ਦੋ ਨੌਜਵਾਨ ਆਏ। ਅਜੇ ਸ਼ੋਅਰੂਮ ਖੋਲ੍ਹਿਆ ਹੀ ਸੀ ਕਿ ਦੋਵਾਂ ਨੇ ਫਾਇਰਿੰਗ ਕਰਨੀ ਸ਼ੁਰੂ ਕਰ ਦਿੱਤੀ। ਸ਼ੋਅਰੂਮ ਦੇ ਸਾਰੇ ਸ਼ੀਸ਼ੇ ਟੁੱਟ ਗਏ ਹਨ। ਉਨ੍ਹਾਂ ਨੇ ਬੜੀ ਮੁਸ਼ਿਕਲ ਨਾਲ ਆਪਣੀ ਜਾਨ ਬਚਾਈ। ਕਰੀਬ 10 ਰਾਊਂਡ ਫਾਇਰ ਕੀਤੇ ਗਏ ਹਨ।

## ਗੁਰਬਾਣੀ ਦੇ ਗੁਟਕਾ ਸਾਹਿਬ ਤੇ ਪੋਥੀਆਂ ਦੀ ਵੈੱਬਸਾਈਟਾਂ ਨਹੀਂ ਕਰ ਸਕਣਗੀਆਂ ਆਨਲਾਈਨ ਵਿਕਰੀ: ਐਡਵੋਕੇਟ ਧਾਮੀ

### ਧਰਮ ਪ੍ਰਚਾਰ ਕਮੇਟੀ, ਸਿੱਖ ਇਤਿਹਾਸ ਰੀਸਰਚ ਬੋਰਡ ਅਤੇ ਐਜੂਕੇਸ਼ਨ ਕਮੇਟੀ ਦੀਆਂ ਮੀਟਿੰਗਾਂ ਆਯੋਜਤ

**ਨਵੀਂ ਦਿੱਲੀ, 7 ਅਕਤੂਬਰ (ਮਨਪ੍ਰੀਤ ਸਿੰਘ ਖਾਲਸਾ):-** ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੀ ਧਰਮ ਪ੍ਰਚਾਰ ਕਮੇਟੀ, ਸਿੱਖ ਇਤਿਹਾਸ ਰੀਸਰਚ ਬੋਰਡ ਅਤੇ ਐਜੂਕੇਸ਼ਨ ਕਮੇਟੀ ਦੀਆਂ ਵੱਖ-ਵੱਖ ਤਿੰਨ ਅਹਿਮ ਇਕੱਤਰਤਾਵਾਂ ਅੱਜ ਸ਼੍ਰੋਮਣੀ ਕਮੇਟੀ ਦੇ ਪ੍ਰਧਾਨ ਐਡਵੋਕੇਟ ਹਰਜਿੰਦਰ ਸਿੰਘ ਧਾਮੀ ਦੀ ਅਗਵਾਈ ਹੇਠ ਸ੍ਰੀ ਗੁਰੂ ਰਾਮਦਾਸ ਯੂਨੀਵਰਸਿਟੀ ਆਫ਼ ਹੈਲਥ ਸਾਇੰਸਿਜ਼ ਵੱਲ੍ਹਾ ਸ੍ਰੀ ਅੰਮ੍ਰਿਤਸਰ ਵਿਖੇ ਹੋਈਆਂ। ਇਸ ਦੌਰਾਨ ਸਿੱਖੀ ਦੇ ਪ੍ਰਚਾਰ ਪ੍ਰਸਾਰ ਲਈ ਰੂਪ ਰੇਖਾ ਦੇ ਨਾਲ-ਨਾਲ ਸਿੱਖ ਸਾਹਿਤ ਦੀਆਂ ਨਵੀਆਂ ਪ੍ਰਕਾਸ਼ਨਾਵਾਂ ਅਤੇ ਵਿਦਿਅਕ ਅਦਾਰਿਆਂ ਦੇ ਮਾਮਲੇ ਵਿਚਾਰੇ ਗਏ। ਇਕੱਤਰਤਾਵਾਂ ਮਗਰੋਂ ਜਾਣਕਾਰੀ ਦਿੰਦਿਆਂ ਸ਼੍ਰੋਮਣੀ ਕਮੇਟੀ ਦੇ ਪ੍ਰਧਾਨ ਐਡਵੋਕੇਟ ਹਰਜਿੰਦਰ ਸਿੰਘ ਧਾਮੀ ਨੇ ਦੱਸਿਆ ਕਿ ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਸਮੇਤ ਹੋਰ ਇਤਿਹਾਸਕ ਗੁਰਦੁਆਰਾ ਸਾਹਿਬਾਨ ਅੰਦਰ ਸੰਗਤ ਵੱਲੋਂ ਸ਼ਰਧਾ ਤੇ ਸਤਿਕਾਰ ਵਜੋਂ ਵੱਡੀ ਗਿਣਤੀ ਵਿਚ ਰੁਮਾਲਾ ਸਾਹਿਬ ਭੇਟ ਕੀਤੇ ਜਾਂਦੇ ਹਨ, ਪਰੰਤੂ ਅਕਸਰ ਹੀ ਰੁਮਾਲਿਆਂ ਦੀ ਗੁਣਵਤਾ ਤੇ ਮਿਆਰ ਠੀਕ ਨਹੀਂ ਹੁੰਦਾ। ਇਸ ਦੇ ਨਾਲ ਹੀ ਰੁਮਾਲਿਆਂ ਦੀ ਬਹੁਤਾਤ ਕਾਰਨ ਸਾਂਭ-ਸੰਭਾਲ ਵਿਚ ਵੱਡੀ ਸਮੱਸਿਆ ਬਣਦੀ ਹੈ। ਇਸ ਦੇ ਮੱਦੇਨਜ਼ਰ ਵਿਚਾਰ-ਵਟਾਂਦਰੇ ਉਪਰੰਤ ਇਹ ਫੈਸਲਾ ਕੀਤਾ ਗਿਆ ਹੈ ਕਿ ਗੁਰਦੁਆਰਾ ਸਾਹਿਬਾਨ ਅੰਦਰ ਵਿਸ਼ੇਸ਼ ਕਾਊਂਟਰ ਸਥਾਪਤ ਕੀਤੇ ਜਾਣਗੇ, ਜਿਥੇ ਸੰਗਤ ਰੁਮਾਲਾ ਸਾਹਿਬ ਲਈ ਯਥਾਸ਼ਕਤ ਭੇਟਾ ਜਮ੍ਹਾਂ ਕਰਵਾ ਸਕੇਗੀ। ਉਨ੍ਹਾਂ ਸੰਗਤ ਨੂੰ ਅਪੀਲ ਕੀਤੀ ਕਿ ਸਥਾਪਤ ਕੀਤੇ ਜਾਣ ਵਾਲੇ ਕਾਊਂਟਰਾਂ 'ਤੇ ਸ਼ਰਧਾ ਅਨੁਸਾਰ ਰੁਮਾਲਿਆਂ ਲਈ ਭੇਟਾ ਜਮ੍ਹਾਂ ਕਰਵਾ ਕੇ ਰਸੀਦ ਪ੍ਰਾਪਤ ਕਰਨ ਤੇ ਗੁਰੂ ਦਰਬਾਰ ਅੰਦਰ ਰਸੀਦ ਦਿਖਾ ਕੇ ਅਰਦਾਸ ਕਰਵਾਉਣ। ਉਨ੍ਹਾਂ ਕਿਹਾ ਕਿ ਰੁਮਾਲਾ ਸਾਹਿਬ ਲਈ ਪੁੱਜਣ ਵਾਲੀ ਭੇਟਾ ਕੌਮ ਦੇ ਉਜਲੇ ਭਵਿੱਖ ਲਈ ਵਰਤੀ ਜਾਵੇਗੀ। ਉਨ੍ਹਾਂ ਇਹ ਵੀ ਦੱਸਿਆ ਕਿ ਸਿਰੋਪਾਓ ਦੀ ਵਰਤੋਂ ਇਸ ਦੀ ਭਾਵਨਾ ਅਤੇ ਧਾਰਮਿਕ ਮਹੱਤਵ ਅਨੁਸਾਰ ਯਕੀਨੀ ਬਣਾਉਣ ਲਈ ਬੀਤੇ ਵਿਚ ਸ਼ੁਰੂ ਕੀਤੇ ਗਏ ਯਤਨਾਂ ਨੂੰ ਹੋਰ ਪੁਖ਼ਤਗੀ ਨਾਲ ਲਾਗੂ ਕੀਤਾ ਜਾਵੇਗਾ। ਇਸ ਨੂੰ ਸੰਕੋਚ ਕੇ ਕੇਵਲ ਧਾਰਮਿਕ ਤੇ ਪੰਥਕ ਸ਼ਖ਼ਸੀਅਤਾਂ ਤੱਕ ਹੀ ਸੀਮਤ ਕੀਤਾ ਜਾਵੇਗਾ। ਐਡਵੋਕੇਟ ਧਾਮੀ ਨੇ ਹੋਰ ਫੈਸਲਿਆਂ ਬਾਰੇ ਦੱਸਿਆ ਕਿ ਸ੍ਰੀ ਗੁਰੂ ਗੋਬਿੰਦ ਸਿੰਘ ਜੀ ਦੇ ਮਾਤਾ ਗੁਜਰ ਕੌਰ ਜੀ ਦੀ 400 ਸਾਲਾ ਜਨਮ ਸ਼ਤਾਬਦੀ ਇਸੇ ਸਾਲ 22 ਨਵੰਬਰ ਨੂੰ ਗੁਰਦੁਆਰਾ ਗੰਗਸਰ ਸਾਹਿਬ ਕਰਤਾਰਪੁਰ ਜਲੰਧਰ ਵਿਖੇ ਪੰਥਕ ਜਾਹੋ-ਜਲਾਲ ਨਾਲ ਮਨਾਈ ਜਾਵੇਗੀ। ਧਰਮ ਪ੍ਰਚਾਰ ਕਮੇਟੀ ਦੀ ਇਕੱਤਰਤਾ ਵਿਚ ਵੱਖ-ਵੱਖ ਈ-ਕੌਮਰਸ ਵੈੱਬਸਾਈਟਾਂ ਤੇ ਐਪਸ 'ਤੇ ਪਾਵਨ ਗੁਰਬਾਣੀ ਦੇ ਗੁਟਕਾ ਸਾਹਿਬ, ਸੈਂਚੀਆਂ ਦੀ ਕੀਤੀ ਜਾ ਰਹੀ ਆਨਲਾਈਨ ਵਿਕਰੀ ਦਾ ਵੀ ਸਖ਼ਤ ਨੋਟਿਸ ਲੈ ਕੇ ਇਸ 'ਤੇ ਮੁਕੰਮਲ ਪਾਬੰਦੀ ਲਗਾਉਣ ਦਾ ਮਤਾ ਪਾਸ ਕੀਤਾ ਗਿਆ।



## ਸਿੱਖਾਂ ਵਿਰੁੱਧ ਨਫਰਤ ਉਗਲਣ ਵਾਲੇ ਐਮਪੀ ਚੰਦਰ ਆਰੀਆ ਦਾ ਕੈਲਗਰੀ ਅਤੇ ਐਡਮਿੰਟਨ ਵਿੱਚ ਜ਼ੋਰਦਾਰ ਵਿਰੋਧ

**ਨਵੀਂ ਦਿੱਲੀ 7 ਅਕਤੂਬਰ (ਮਨਪ੍ਰੀਤ ਸਿੰਘ ਖਾਲਸਾ):-** ਸਿੱਖਾਂ ਖਿਲਾਫ ਨਫਰਤ ਫੈਲਾਉਣ ਵਾਲੇ ਕੈਨੇਡੀਅਨ ਐਮਪੀ ਚੰਦਰਾ ਆਰੀਆ ਕੈਲਗਰੀ ਅਤੇ ਐਡਮਿੰਟਨ ਵਿੱਚ ਸ਼ਹੀਦ ਜਥੇਦਾਰ ਹਰਦੀਪ ਸਿੰਘ ਨਿੱਝਰ ਦੇ ਸਾਥੀਆਂ ਅਤੇ ਸਿੱਖ ਜਥੇਬੰਦੀਆਂ ਦੇ ਤਿੱਖੇ ਵਿਰੋਧ ਤੋਂ ਡਰਦੇ ਹੋਏ ਉਨ੍ਹਾਂ ਦੇ ਰੱਖੇ ਹੋਏ ਦੋਨਾਂ ਸਮਾਗਮ 'ਚ ਨਾ ਪਹੁੰਚਿਆ।

ਭਾਈ ਗੁਲਜ਼ਾਰ ਸਿੰਘ ਐਡਮਿੰਟਨ ਨੇ ਦੱਸਿਆ ਕਿ ਸਾਰੀਆਂ ਸਿੱਖ ਸੰਸਥਾਵਾਂ ਇਸ ਮੁੱਦੇ ਤੇ ਇੱਕ ਮੁੱਠ ਹਨ ਅਤੇ ਪੰਥ ਵਿਰੋਧੀ ਤਾਕਤਾਂ ਦਾ ਮੁਕਾਬਲਾ ਕਰਨ ਲਈ

ਆਵਾਜ਼ਿ ਕੌਮ
AWAZE QAUM
International Newspaper & WEB TV

ਤਿਆਰ ਹਨ। ਉਹਨਾਂ ਸਭ ਨੂੰ ਇਸ ਪ੍ਰੋਗਰਾਮ ਦੇ ਬਾਈਕਾਟ ਅਤੇ ਚੰਦਰਾ ਖਿਲਾਫ ਰੋਸ ਪ੍ਰਦਰਸ਼ਨ ਦਾ ਸੱਦਾ ਦਿੱਤਾ ਹੋਇਆ ਸੀ। ਇੱਥੇ ਜ਼ਿਕਰ ਯੋਗ ਹੈ ਕਿ ਚੰਦਰਾ ਆਰੀਆ ਵਿਦੇਸ਼ੀ ਏਜੰਸੀਆਂ ਦੀ ਸ਼ਿਹ 'ਤੇ, (ਜਦੋਂ ਵੀ ਸਮਾਂ ਮਿਲਦਾ ਹੈ), ਕੈਨੇਡਾ ਵਸਦੇ ਸਿੱਖਾਂ ਖਿਲਾਫ ਝੂਠ ਅਤੇ ਕੁਫਰ ਬੋਲਦਾ ਰਹਿੰਦਾ ਹੈ ਜਿਸਦਾ ਓਥੇ ਦੀ ਸਿੱਖ ਵਸੋਂ ਅੰਦਰ ਵੱਡਾ ਰੋਸ ਹੈ। ਕੈਨੇਡਾ ਦੀ ਪਾਰਲੀਮੈਂਟ ਚ ਲਿਬਰਲ ਪਾਰਟੀ ਦੇ ਐਮਪੀ ਸੁਖ ਧਾਲੀਵਾਲ ਨੇ 1985 ਏਅਰ ਬੰਬ ਧਮਾਕੇ ਦੀ ਜਾਂਚ ਦੀ ਮੰਗ ਦੀ ਪਟੀਸ਼ਨ ਕੈਨੇਡਾ ਦੀ ਪਾਰਲੀਮੈਂਟ ਵਿੱਚ ਸਪੌਂਸਰ ਕੀਤੀ ਹੋਈ ਹੈ, ਜਿਸ ਦਾ ਚੰਦਰ ਆਰੀਆ ਨੇ ਪਾਰਲੀਮੈਂਟ ਚ ਵਿਰੋਧ ਕੀਤਾ ਹੈ ਅਤੇ ਇਸ ਨੂੰ ਬੇਤੁਕਾ ਦੱਸਿਆ ਹੈ, ਜਦਕਿ ਇਸ ਪਟੀਸ਼ਨ ਤੋਂ ਪਹਿਲਾਂ ਵੀ ਵੱਖ-ਵੱਖ ਕਿਤਾਬਾਂ ਵਿੱਚ ਏਅਰ ਇੰਡੀਆ ਬੰਬ ਧਮਾਕੇ ਦੇ ਮਾਮਲੇ 'ਚ ਭਾਰਤੀ ਏਜੰਸੀਆਂ ਦੀ ਦਖਲ-ਅੰਦਾਜ਼ੀ ਬਾਰੇ ਕਾਫੀ ਚਰਚਾ ਹੋਈ ਹੈ।




ਭਾਈ ਗੁਲਜਾਰ ਸਿੰਘ ਨਿਰਮਾਣ ਨੇ ਕਿਹਾ ਕਿ ਕੈਨੇਡਾ ਦੇ ਇਤਿਹਾਸ ਵਿੱਚ ਸਭ ਤੋਂ ਵੱਡੇ ਬੰਬ ਧਮਾਕੇ ਦੇ ਦੁਖਾਂਤ ਸਬੰਧੀ 'ਭਾਰਤੀ ਏਜੰਸੀਆਂ ਦੇ ਹੱਥ ਦੀ ਇਨਕੁਆਰੀ' ਦੀ ਗੱਲ ਕਰਨੀ ਕੀ ਗਲਤ ਹੈ.? ਜੋ ਚੰਦਰਾ ਇਸ ਕਾਰੇ ਨੂੰ ਸਿੱਖਾਂ ਦੇ ਸਿਰ ਮੜ ਰਿਹਾ ਹੈ। ਇਕ ਪਾਸੇ ਕੈਨੇਡਾ ਦੀ ਸੱਤਾਧਾਰੀ ਲਿਬਰਲ ਪਾਰਟੀ, ਜਿਹੜੀ ਕਿ ਇਹ ਦਾਅਵਾ ਕਰਦੀ ਹੈ ਕਿ ਓਹ ਪੀੜਿਤ ਲੋਕਾਂ ਨੂੰ ਇਨਸਾਫ ਦਿਵਾਏਗੀ, ਉਸਦੇ ਕਾਕਸ 'ਚ ਇਸ ਵਰਗਿਆਂ ਨੂੰ ਬੈਠਣ ਦੀ ਇਜਾਜ਼ਤ ਕਿਵੇਂ ਦੇਂਦੀ ਹੈ..? ਕਦੇ ਇਹ ਕਹਿੰਦਾ ਹੈ ਕਿ ਗੀਤਾ ਪਾਰਕ 'ਤੇ ਸਿੱਖਾਂ ਨੇ ਰੰਗ ਮਲ ਦਿੱਤਾ, ਕਦੇ ਗਾਂਧੀ ਦਾ ਬੁੱਤ ਸਿੱਖਾਂ ਨੇ ਤੋੜ ਦਿੱਤਾ, ਕਦੇ ਇਹ ਆਖਦਾ ਹੈ ਕਿ ਸਿੱਖਾਂ ਨੇ ਨਫਰਤੀ ਪ੍ਰਚਾਰ ਕੀਤਾ। ਜਦਕਿ ਇਹੋ ਜਿਹੇ ਫਾਸ਼ੀਵਾਦੀ ਸਟੇਟ ਦੇ ਹੱਥ ਠੋਕੇ ਦਾ ਕੈਨੇਡਾ ਦੀ ਪਾਰਲੀਮੈਂਟ 'ਚ ਹੋਣਾ ਨਾ ਸਿਰਫ ਵਿਦੇਸ਼ੀ ਦਖਲ ਅੰਦਾਜ਼ੀ ਹੈ, ਬਲਕਿ ਦੁਨੀਆਂ ਵਿੱਚ ਇੰਡੀਅਨ ਸਟੇਟ ਦੇ ਧੱਕੇਸ਼ਾਹੀ ਖਿਲਾਫ ਆਵਾਜ਼ ਚੁੱਕਣ ਵਾਲੇ ਲੋਕਾਂ ਦਾ ਮੂੰਹ ਬੰਦ ਕਰਨਾ ਵੀ ਹੈ।

ਉਨ੍ਹਾਂ ਕਿਹਾ ਕਿ 329 ਬੇਕਸੂਰ ਮੁਸਾਫਰਾਂ ਦੀ ਜਾਨ ਲੈਣ ਵਾਲੇ ਏਅਰ ਇੰਡੀਆ ਦੁਖਾਂਤ ਜਾਂਚ ਦੀ ਪਟੀਸ਼ਨ ਡੂੰਘੀ ਮੰਗ ਕਰਦੀ ਹੈ ਕਿ ਹਰ ਪਾਸਿਓਂ ਹੀ ਇਸ ਬੰਬ ਧਮਾਕੇ ਦੀ ਘਟਨਾ ਦੀ ਜਾਂਚ ਹੋਵੇ। ਉਸ ਲਈ ਜਿਹੜੇ ਵੀ ਦੋਸ਼ੀ ਹਨ ਉਹਨਾਂ ਨੂੰ ਜਿੰਮੇਵਾਰ ਗਰਦਾਨਿਆ ਜਾਏ, ਨਾ ਕਿ ਸਿੱਖਾਂ ਨੂੰ ਬਦਨਾਮ ਕੀਤਾ ਜਾਏ। ਜੇ ਚੰਦਰ ਆਰੀਆ ਮੁਤਾਬਿਕ ਇਹ ਕਾਰਾ ਕੈਨੇਡਾ ਦੇ ਖਾਲਿਸਤਾਨੀਆਂ ਨੇ ਕੀਤਾ ਹੈ, ਤਾਂ ਫਿਰ ਉਸ ਨੂੰ ਕਿਹੜੀ ਚਿੰਤਾ ਸਤਾ ਰਹੀ ਹੈ ਕਿ ਇੰਡੀਅਨ ਏਜੰਸੀਆਂ ਦੀ ਜਾਂਚ ਨਾ ਹੋਵੇ। ਚੰਦਰ ਆਰੀਆ ਦੇ ਵਿਰੋਧ ਪ੍ਰਦਰਸ਼ਨ ਵਿੱਚ ਸ਼ਾਮਿਲ ਹੋਣ ਲਈ ਸਰੀ ਤੋਂ ਵਿਸ਼ੇਸ਼ ਤੌਰ ਤੇ ਗੁਰੂ ਨਾਨਕ ਸਿੱਖ ਗੁਰਦੁਆਰਾ ਦੇ ਸੇਵਾਦਾਰ ਭਾਈ ਨਰਿੰਦਰ ਸਿੰਘ ਖਾਲਸਾ, ਸਿੱਖਸ ਫਾਰ ਜਸਟਿਸ ਤੋਂ ਭਾਈ ਮਨਜਿੰਦਰ ਸਿੰਘ ਖਾਲਸਾ, ਭਾਈ ਅਜੇਪਾਲ ਸਿੰਘ ਐਡਮਿੰਟਨ ਤੋਂ ਭਾਈ ਗੁਲਜਾਰ ਸਿੰਘ ਨਿਰਮਾਣ ਅਤੇ ਮਲਕੀਤ ਸਿੰਘ ਢੇਸੀ ਵਡੀ ਗਿਣਤੀ ਅੰਦਰ ਆਪਣੇ ਸਾਥੀਆਂ ਸਮੇਤ ਪਹੁੰਚੇ ਹੋਏ ਸਨ।

ਸਿੰਘ ਸਾਹਿਬ ਭਾਈ ਜਸਵੀਰ ਸਿੰਘ ਜੀ ਰੋਡੇ (ਸਾਬਕਾ ਜਥੇਦਾਰ ਸ੍ਰੀ ਅਕਾਲ ਤਖ਼ਤ ਸਾਹਿਬ) ਦੀ ਪ੍ਰੇਰਨਾ ਸਦਕਾ

www.nsycuk.com

ਸਾਲਾਨਾ ਯਾਤਰਾ 20 ਫਰਵਰੀ ਤੋਂ 12 ਮਾਰਚ 2025 ਤੱਕ

# ਪੰਜ ਤਖ਼ਤ ਸਾਹਿਬਾਨ ਅਤੇ ਹੋਰ ਇਤਿਹਾਸਕ ਗੁਰਦੁਆਰਿਆਂ ਦੀ ਸਾਲਾਨਾ ਯਾਤਰਾ


ਸ੍ਰੀ ਅਕਾਲ ਤਖ਼ਤ ਸਾਹਿਬ


ਤਖ਼ਤ ਸ੍ਰੀ ਪਟਨਾ ਸਾਹਿਬ


ਤਖ਼ਤ ਸ੍ਰੀ ਕੇਸਗੜ੍ਹ ਸਾਹਿਬ


ਤਖ਼ਤ ਸ੍ਰੀ ਦਮਦਮਾ ਸਾਹਿਬ


ਤਖ਼ਤ ਸ੍ਰੀ ਹਜ਼ੂਰ ਸਾਹਿਬ

## ਯਾਤਰਾ ਗੁਰਦੁਆਰਾ ਦੂਖ ਨਿਵਾਰਣ ਸਾਹਿਬ, ਗੁਰੂ ਤੇਗ ਬਹਾਦਰ ਨਗਰ, ਜਲੰਧਰ ਤੋਂ

20 ਫਰਵਰੀ 2025, ਦਿਨ ਵੀਰਵਾਰ ਨੂੰ ਸਵੇਰੇ ਠੀਕ 8 ਵਜੇ ਆਰੰਭ ਹੋਵੇਗੀ, ਸੰਗਤਾਂ ਸਵੇਰੇ 7.30 ਵਜੇ ਤੱਕ ਪਹੁੰਚਣ ਦੀ ਕਿਰਪਾ ਕਰਨ। 12 ਮਾਰਚ 2025, ਦਿਨ ਬੁੱਧਵਾਰ ਨੂੰ ਉਕਤ ਗੁਰਦੁਆਰਾ ਸਾਹਿਬ ਵਿਖੇ ਹੀ ਯਾਤਰਾ ਦੀ ਸਮਾਪਤੀ ਹੋਵੇਗੀ।



**ਬਾਹਰਲੇ ਦੇਸ਼ਾਂ ਤੋਂ ਜਾਣ ਵਾਲੇ ਯਾਤਰੀ ਦਾ ਖਰਚ 400 ਪੌਂਡ ਅਤੇ ਪੱਕੇ ਤੌਰ 'ਤੇ ਭਾਰਤ ਵਿਚ ਰਹਿ ਰਹੇ ਯਾਤਰੀ ਦਾ ਖਰਚਾ 20 ਹਜ਼ਾਰ ਰੁਪਏ ਹੈ**

ਸੀਮਤ ਸੀਟਾਂ ਜਲਦੀ ਬੁਕਿੰਗ ਕਰਵਾਉ ਜੀ

ਨੋਟ: ਵਿਦੇਸ਼ਾਂ ਤੋਂ ਸੰਗਤਾਂ ਆਪੋ-ਆਪਣੀਆਂ ਟਿਕਟਾਂ ਲੈ ਕੇ ਪੰਜਾਬ ਪਹੁੰਚਣਗੀਆਂ। ਯਾਤਰਾ ਏਅਰ ਕੰਡੀਸ਼ਨਰ ਕੋਚਾਂ ਵਿੱਚ ਕਰਵਾਈ ਜਾਵੇਗੀ। ਇੰਗਲੈਂਡ, ਅਮਰੀਕਾ, ਕੈਨੇਡਾ ਜਾਂ ਦੁਨੀਆਂ ਦੇ ਕਿਸੇ ਵੀ ਦੇਸ਼ ਵਿੱਚ ਰਹਿੰਦੇ ਸ਼ਰਧਾਲੂ ਇਸ ਯਾਤਰਾ ਵਿੱਚ ਜਾਲ ਲਈ ਸੰਪਰਕ ਕਰ ਸਕਦੇ ਹਨ। ਭਾਰਤ ਦੇ ਪੱਕੇ ਵਸਨੀਕ ਰਿਸ਼ਤੇਦਾਰਾਂ/ ਮਿੱਤਰਾਂ ਦੀ ਬੁਕਿੰਗ ਵੀ ਇੱਥੇ ਯੂ.ਕੇ. ਵਿੱਚ ਤੁਸੀਂ ਕਰਵਾ ਸਕਦੇ ਹੋ।

ਗੁ. ਸ੍ਰੀ ਗੁਰੂ ਤੇਗ ਬਹਾਦਰ, ਜਲੰਧਰ ਤੋਂ ਸ਼ੁਰੂਆਤ, ਗੁ. ਸ਼ਹੀਦ ਬੇਅੰਤ ਸਿੰਘ, ਗੁ. ਗੁਰੂ ਕਾ ਲਾਹੌਰ, ਗੁ. ਸੁਹੇਲਾ ਸਾਹਿਬ, ਤਖ਼ਤ ਸ੍ਰੀ ਕੇਸਗੜ੍ਹ ਸਾਹਿਬ, ਸ੍ਰੀ ਆਨੰਦਪੁਰ ਸਾਹਿਬ, ਬਾਉਲੀ ਸਾਹਿਬ, ਗੁ. ਨਾਢਾ ਸਾਹਿਬ, ਗੁ. ਸ੍ਰੀ ਕ੍ਰਿਪਾਲ ਸ਼ਿਲਾ, ਗੁ. ਸ੍ਰੀ ਪਾਉਂਟਾ ਸਾਹਿਬ, ਗੁ. ਦਸਤਾਰ ਅਸਥਾਨ, ਗੁ. ਭੰਗਾਣੀ ਸਾਹਿਬ, ਗੁ. ਤੀਰਗੜ੍ਹੀ ਸਾਹਿਬ, ਗੁ. ਨਾਨਕਮਤਾ ਸਾਹਿਬ, ਗੁ. ਬਾਬਾ ਅਲਮਸਤ ਸਾਹਿਬ, ਗੁ. ਭੰਡਾਰਾ ਸਾਹਿਬ, ਗੁ. ਦੁੱਧ ਵਾਲਾ ਖੂਹ, ਬਾਉਲੀ ਸਾਹਿਬ, ਗੁ. ਭਗਤ ਕਬੀਰ ਜੀ ਮਗਹਰ,ਤਖ਼ਤ ਸ੍ਰੀ ਹਰਿਮੰਦਰ ਜੀ ਪਟਨਾ ਸਾਹਿਬ, ਗੁ. ਗਊ ਘਾਟ, ਗੁ. ਤਾਕੀ ਸਾਹਿਬ, ਗੁ. ਗੁਰੂ ਕਾ ਬਾਗ ਪਟਨਾ ਸਾਹਿਬ, ਗੁ. ਕੰਗਣ ਘਾਟ, ਮਾਤਾ ਗੁਜਰੀ ਜੀ ਦਾ ਖੂਹ, ਗੁ. ਬਾਲ ਲੀਲ੍ਹਾ, ਗੁ. ਹਾਂਡੀ ਸਾਹਿਬ, ਗੁ. ਸ਼ੀਤਲ ਕੁੰਡ ਰਾਜਗੀਰ, ਗੁ. ਗਵਾਰੀ ਘਾਟ ਸਾਹਿਬ ਜੱਬਲਪੁਰ, ਤਖ਼ਤ ਸੱਚਖੰਡ ਸ੍ਰੀ ਹਜ਼ੂਰ ਸਾਹਿਬ, ਗੁ. ਰਤਨਗੜ੍ਹ ਸਾਹਿਬ, ਗੁ. ਨਾਨਕਸਰ, ਗੁ. ਸੰਗਤ ਸਾਹਿਬ, ਗੁ. ਮਾਤਾ ਸਾਹਿਬ ਦੇਵਾਂ ਜੀ, ਗੁ. ਅੰਗੀਠਾ ਸਾਹਿਬ ਸੰਤ ਬਾਬਾ ਨਿਧਾਨ ਸਿੰਘ ਜੀ-ਸੰਤ ਬਾਬਾ ਹਰਨਾਮ ਸਿੰਘ ਜੀ, ਗੁ. ਭਜਨਗੜ੍ਹ ਸਾਹਿਬ, ਗੁ. ਨਾਨਕ ਝੀਰਾ ਸਾਹਿਬ, ਗੁ. ਹੀਰਾ ਘਾਟ, ਗੁ. ਮਾਲਟੇਕੜੀ ਸਾਹਿਬ, ਗੁ. ਨਗੀਨਾ ਘਾਟ, ਗੁ. ਬੰਦਾ ਘਾਟ, ਦੇਹੁਰਾ ਭਗਤ ਨਾਮਦੇਵ ਜੀ, ਗੁ. ਬੜੀ ਸੰਗਤ ਸਾਹਿਬ ਬੁਰਹਾਨਪੁਰ, ਗੁ. ਦੱਖਣੀ ਓਅੰਕਾਰ ਸਾਹਿਬ, ਗੁ. ਸਾਹਿਬ ਬੇਟਮਾ ਇੰਦੌਰ, ਗੁ. ਦਾਤਾ ਬੰਦੀ ਛੋੜ ਗਵਾਲੀਅਰ, ਗੁ. ਦੂਖ ਨਿਵਾਰਨ ਸਾਹਿਬ ਆਗਰਾ, ਤਖ਼ਤ ਸ੍ਰੀ ਦਮਦਮਾ ਸਾਹਿਬ ਤਲਵੰਡੀ ਸਾਬੋ, ਭਾਈ ਡੱਲੇ ਦੀ ਹਵੇਲੀ, ਭੋਰਾ ਬਾਬਾ ਦੀਪ ਸਿੰਘ ਜੀ, ਗੁ. ਬਾਬਾ ਬੀਰ ਸਿੰਘ ਧੀਰ ਸਿੰਘ, ਗੁ. ਦਮਦਮਾ ਸਾਹਿਬ, ਗੁਰਦੁਆਰਾ ਬੁੰਗਾ ਮਸਤੂਆਣਾ, ਗੁਰੂਸਰ ਮਹਿਰਾਜ, ਗੁ. ਜ਼ਫ਼ਰਨਾਮਾ ਸਾਹਿਬ, ਗੁਰਦੁਆਰਾ ਟੁੱਟੀ ਗੰਢੀ ਸਾਹਿਬ, ਗੁ. ਤੰਬੂ ਸਾਹਿਬ ਸ੍ਰੀ ਮੁਕਤਸਰ ਸਾਹਿਬ, ਸ੍ਰੀ ਤਰਨਤਾਰਨ ਸਾਹਿਬ, ਛੇਹਰਟਾ ਸਾਹਿਬ, ਸ੍ਰੀ ਅਕਾਲ ਤਖ਼ਤ ਸਾਹਿਬ, ਸ੍ਰੀ ਦਰਬਾਰ ਸਾਹਿਬ ਅੰਮ੍ਰਿਤਸਰ ਤੋਂ ਜਲੰਧਰ ਵਾਪਸੀ ਹੋਵੇਗੀ ।

**ਯਾਤਰੂ ਟਰੈਵਲ ਇੰਸ਼ੋਰੈਂਸ ਖੁਦ ਜ਼ਰੂਰ ਕਰਵਾਉਣ। ਤੁਸੀਂ ਆਪਣੇ ਨਾਂਅ ਇੰਗਲੈਂਡ ਦੇ ਵੱਖ-ਵੱਖ ਸ਼ਹਿਰਾਂ ਵਿਚ ਵੀ ਸਾਡੇ ਸੇਵਾਦਾਰਾਂ ਨੂੰ ਦੇ ਸਕਦੇ ਹੋ। ਵਧੀਆ ਰਿਹਾਇਸ਼ ਅਤੇ ਮੁੱਢਲੀ ਡਾਕਟਰੀ ਸਹਾਇਤਾ ਦਾ ਖਾਸ ਪ੍ਰਬੰਧ ਕੀਤਾ ਜਾਂਦਾ ਹੈ।**

## ਗੁਰੂ ਪੰਥ ਦੇ ਦਾਸ: ਨਨਕਾਣਾ ਸਾਹਿਬ ਯਾਤਰਾ ਕਮੇਟੀ ਯੂਕੇ


| | | | |
|---|---|---|---|
| ਭਾਈ ਰਘਵੀਰ ਸਿੰਘ ਮਾਲੜੀ ਨੌਟਿੰਘਮ | +44 7813953484 | ਭਾਈ ਅਮਰੀਕ ਸਿੰਘ ਤੂਰ ਡਰਬੀ | +44 7539243163 |
| ਭਾਈ ਰਘਵੀਰ ਸਿੰਘ ਵਾਲਸਾਲ | +44 7976210161 | ਬੀਬੀ ਜਸਵਿੰਦਰ ਕੌਰ ਥਾਂਦੀ ਕਵੈਂਟਰੀ | +44 7895666314 |
| ਭਾਈ ਬਲਜੀਤ ਸਿੰਘ ਕੰਗ | +44 7780605230 | ਭਾਈ ਕਪਤਾਨ ਸਿੰਘ ਵੁਲਵਰਹੈਂਪਟਨ | +44 7788283485 |

ਨੋਟ: ਕਿਸੇ ਜਥੇਬੰਦੀ ਜਾਂ ਨਿੱਜੀ ਲਾਭ ਦੀ ਬਜਾਏ ਇਸ ਯਾਤਰਾ ਕਮੇਟੀ ਦਾ ਗਠਨ ਸੰਗਤਾਂ ਦੀ ਸੇਵਾ ਲਈ ਕੀਤਾ ਗਿਆ ਹੈ, ਇਕੱਤਰ ਮਾਇਆ ਗੁਰਦੁਆਰਾ ਸਾਹਿਬਾਨ ਦੀ ਸੇਵਾ ਵਿੱਚ ਹੀ ਲਾਈ ਜਾਂਦੀ ਹੈ।

Nankana Sahib Yatra Committee U.K, 21 Hazel Ave, Littleover, Derby De23 7HA
www.nsycuk.com, E-Mail: nsycuk1469@gmail.com
ਪਿਛਲੇ ਸਾਲਾਂ ਦੀਆਂ ਯਾਤਰਾ ਤਸਵੀਰਾਂ ਦੇਖਣ ਲਈ ਸਾਡੇ ਫੇਸਬੁੱਕ ਪੇਜ Nankana Sahib Yatra Commitee UK ਅਤੇ ਵੈੱਬਸਾਈਟ ਤੇ ਜ਼ਰੂਰ ਜਾਉ ਜੀ

ਮੈਂ ਸਰੀਰਕ ਮੌਤ ਨੂੰ ਮੌਤ ਨਹੀ ਮੰਨਦਾ ਜਮੀਰ ਦਾ ਮਰਜਾਣਾ ਯਕੀਨਨ ਮੌਤ ਹੈ।

ਸੰਤ ਜਰਨੈਲ ਸਿੰਘ ਜੀ ਖਾਲਸਾ ਭਿੰਡਰਾਂਵਾਲੇ




Physical death i do not fear
death of conscience is a sure death

Sant Jarnail Singh Ji Khalsa Bhindranwale

www.damdamitaksal.net



ਦਮਦਮੀ ਟਕਸਾਲ

ਨਾਮ ਜਪੋ / ਕਿਰਤ ਕਰੋ / ਵੰਡ ਛਕੋ — Naam Japo / Kirat Karo / Vand Shako

ਜਥਾ ਭਿੰਡਰਾਂ (ਮਹਿਤਾ)

www.damdamitaksal.net

ਵਾਹਿਗੁਰੂ ਜੀ ਕਾ ਖਾਲਸਾ॥ ਵਾਹਿਗੁਰੂ ਜੀ ਕੀ ਫਤਹਿ॥

WAHEGURU JI KA KHALSA WAHEGURU JI KI FATEH

ਖੰਡੇ ਬਾਟੇ ਦੀ ਪਾਹੁਲ ਛੱਕ ਕੇ ਗੁਰੂ ਵਾਲੇ ਬਣੋ

Khande Bate di Pahul Shak Ke Guru Wale Bano

ਗੁਰਬਾਣੀ ਸੰਥਿਆ ਅਤੇ ਗੁਰਮਤਿ ਸਿੱਖਿਆ ਨਾਲ ਜੁੜੋ

Join Gurbani Santhia and Gurmat Sikhia

ਕੀਰਤਨ ਕਥਾ ਕਵੀਸ਼ਰੀ ਅਤੇ ਢਾਡੀ ਵਾਰਾਂ ਸਿੱਖੋ

Learn Kirtan Katha Kavishri and Dhadi Waran

ਗੁਰਮੁਖੀ ਪੰਜਾਬੀ ਸਿੱਖੋ

Learn Gurmukhi Punjabi

ਗਤਕਾ ਸਿੱਖੋ Learn Gatka

www.damdamitaksal.net



ਆਵਾਜ਼ਿ ਕੌਮ

Daily Newspaper from U.K.

Publisher/Chief Editor
**Raghbir Singh Walsal**
E-mail : awazeqaumtv@gmail.com

www.awazeqaumtv.com

for **AWAZE QAUM** Channel

https://youtu.be/LQwolgxDu7I
Contact :
+447458381111
+447976210161
+919729091243


ਆਵਾਜ਼ਿ ਕੌਮ AWAZE QAUM TV



ਭਾਈ ਰਘਵੀਰ ਸਿੰਘ ਵਾਲਸਾਲ
ਯੂ.ਕੇ. ਮੁੱਖ ਸੰਪਾਦਕ
Raghbir Singh Walsall uk

ਪੰਜਾਬੀ ਸਿੱਖੋ, ਪੰਜਾਬੀ ਪੜ੍ਹੋ, ਪੰਜਾਬੀ ਬੋਲੋ, ਮਾਂ ਬੋਲੀ ਪੰਜਾਬੀ ਅਤੇ ਆਪਣੇ ਪੰਜਾਬ ਨੂੰ ਪਿਆਰ ਕਰੋ

## ਸਮੂਹ ਪੱਤਰਕਾਰ/ਲੇਖਕਾਂ ਦੇ ਧਿਆਨ ਹਿਤ

ਸਮੂਹ ਪੱਤਰਕਾਰਾਂ/ਲੇਖਕਾਂ ਨੂੰ ਅਪੀਲ ਹੈ ਕਿ ਉਹ ਆਪਣੀਆ ਖ਼ਬਰਾਂ, ਇਸ਼ਤਿਹਾਰ ਅਤੇ ਹੋਰ ਸਮੱਗਰੀ ਸ਼ੁੱਧ ਪੰਜਾਬੀ ਵਿੱਚ ਕੰਪੋਜ਼ ਕਰਕੇ ਭੇਜਣ। ਬਿਨਾਂ ਕੰਪੋਜ਼ ਕੀਤੀਆਂ ਗਈਆਂ ਖ਼ਬਰਾਂ, ਲੇਖ ਜਾਂ ਹੋਰ ਕਿਸੇ ਵੀ ਪ੍ਰਕਾਰ ਦੇ ਮੈਟਰ 'ਤੇ ਵਿਚਾਰ ਨਹੀਂ ਕੀਤਾ ਜਾਵੇਗਾ। -ਸੰਪਾਦਕ


24 HOURS SERVICE EVERYDAY

PURE AND NATURAL 100% VEGETARIAN

Enjoy Real Taste of PUNJAB

KD

FULLY A.C. HALL

Khehra VAISHNO DHABA

BREAKFAST
LUNCH
DINNER

OUR SPECIALIZATION : Au Important Ingredients used to Prepare Dishes are Grown in our own farmes.

Soup
Burger
Sandwich
Pizza
Grilled Breads
Continental Fast Food
Tandoori Snacks
Tandoori Breads
Biryani Khas
Beverages
Shakes
Desserts
Punjabi Snacks
South Indian
Kathi Roll
Pasta
Chines Food
Raita Salad

V.P.O. Mallian
Jalandhar-Amritsar G.T. Road
NEAR JANDIALA GURU
Contact
98610-00057, 99152-32757



We Accept Online & Card Payment



ਪੰਜਾਬੀ

ਸਿੱਖੋ ਬੋਲੋ ਪੜ੍ਹੋ ਲਿਖੋ

ਮਾਂ ਬੋਲੀ ਪੰਜਾਬੀ ਨੂੰ ਪਿਆਰ ਕਰੋ

Love Maa Boli Punjabi

| | | | | |
|---|---|---|---|---|
| ੳ | ਅ | ੲ | ਸ | ਹ |
| ਕ | ਖ | ਗ | ਘ | ਙ |
| ਚ | ਛ | ਜ | ਝ | ਞ |
| ਟ | ਠ | ਡ | ਢ | ਣ |
| ਤ | ਥ | ਦ | ਧ | ਨ |
| ਪ | ਫ | ਬ | ਭ | ਮ |
| ਯ | ਰ | ਲ | ਵ | ੜ |
| ਸ਼ | ਖ਼ | ਗ਼ | ਜ਼ | ਫ਼ | ਲ਼ |

www.damdamitaksal.net

ਮੁਕਤਾ, ਾ ਕੰਨਾ, ਿ ਸਿਹਾਰੀ, ੀ ਬਿਹਾਰੀ

ੁ ਔਂਕੜ, ੂ ਦੁਲੈਂਕੜ, ੇ ਲਾਂ, ੈ ਦੁਲਾਵਾਂ

ੋ ਹੋੜਾ, ੌ ਕਨੌੜਾ, ੰ ਟਿੱਪੀ, ਾਂ ਕੰਨਾ-ਬਿੰਦੀ

www.damdamitaksal.net

੧ ੨ ੩ ੪ ੫ ੬ ੭ ੮ ੯ ੧੦

www.damdamitaksal.net

Learn Speak Read Write PUNJABI



ਦੇਗ ਤੇਗ ਫ਼ਤਿਹ – ਪੰਥ ਕੀ ਜੀਤ
ਹਮ ਰਾਖਤ ਪਾਤਿਸ਼ਾਹੀ ਦਾਵਾ ॥ ਜਾਂ ਇਤ ਕੋ ਜਾਂ ਅਗਲੋ ਪਾਵਾ ॥
ਸਲਾਨਾ ਜੋੜ ਮੇਲਾ
ਜਥੇਦਾਰ ਬਾਬਾ ਖੜਕ ਸਿੰਘ ਨਿਹੰਗ ਸਿੰਘ ਜੀ
ਧੰਨ-ਧੰਨ ਮਾਤਾ ਸਾਹਿਬ ਕੌਰ ਜੀ
ਗੁਰਮਤਿ ਸਮਾਗਮ
3 ਨਵੰਬਰ 2024 ਦਿਨ ਐਤਵਾਰ ਨੂੰ
ਸੰਤ ਜਰਨੈਲ ਸਿੰਘ ਜੀ ਖਾਲਸਾ ਭਿੰਡਰਾਂ ਵਾਲੇ
ਗੁਰਦੁਆਰਾ ਸ਼ਹੀਦਾਂ, ਜੱਸੋਵਾਲ
(ਬੱਬਰਾਂ ਦਾ ਹਾਈਕੋਰਟ)
ਸੰਤ ਬਾਬਾ ਚਰਨਜੀਤ ਸਿੰਘ ਜੱਸੋਵਾਲ
ਦਮਦਮੀ ਟਕਸਾਲ ਭਿੰਡਰਾਂ ਵਾਲੇ, ਮੈਂਬਰ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਸ੍ਰੀ ਅੰਮ੍ਰਿਤਸਰ,
ਪ੍ਰਧਾਨ ਭਾਈ ਲਾਲੋ ਜੀ ਸੰਤ ਸਮਾਜ, ਮੁੱਖ ਬੁਲਾਰਾ ਇੰਟਰਨੈਸ਼ਨਲ ਪੰਥਕ ਦਲ
ਸੰਪਰਕ ਨੰਬਰ
98141-27470




ਸਾਬਤ ਸੂਰਤਿ ਦਸਤਾਰ ਸਿਰਾ
ਦਸਤਾਰਾਂ ਹੀ ਦਸਤਾਰਾਂ
ਰੰਧਾਵਾ ਪਗੜੀ ਸੈਂਟਰ
ਦਸਤਾਰਾਂ ਦੇ ਥਾਨ ਥੋਕ ਦੇ ਭਾਅ ਖ਼ਰੀਦਣ ਲਈ ਸੰਪਰਕ ਕਰੋ।
✤ ਦੁਨੀਆਂ ਦੇ ਕਿਸੇ ਵੀ ਕੋਨੇ 'ਚ ਦਸਤਾਰਾਂ ਮੰਗਵਾਉਣ ਲਈ ਸੰਪਰਕ ਕੀਤਾ ਜਾ ਸਕਦਾ ਹੈ।
ਇੱਥੇ ਹਰ ਤਰ੍ਹਾਂ ਦੀਆਂ ਪੱਗਾਂ ਅਤੇ ਸੁੰਦਰ ਰੁਮਾਲਾ ਸਾਹਿਬ ਮਿਲਦੇ ਹਨ।
ਰੈਣਕ ਬਾਜਾਰ, ਜਲੰਧਰ (ਪੰਜਾਬ)
ਸੰਪਰਕ ਨੰ. :
+91 98882-22446




ASA Gas Heating Solution Ltd.
Boilers
Certificates
Gas Work
Cylinders
Maintenance Services
Gas Safety Inspections
Plumbing Work
Vaillant APPROVED INSTALLER
WORCESTER Bosch Group
ਏ.ਐਸ.ਏ. ਗੈਸ ਹੀਟਿੰਗ ਸਲੂਸ਼ਨ ਲਿਮਟਿਡ ਕੰਪਨੀ ਦੇ ਮਾਲਕ ਜਾਣੇ ਪਹਿਚਾਣੇ ਗੋਲਡ ਮੈਡਲਿਸਟ ਢਾਡੀ ਜੱਥਾ ASA ਦੇ ਨੌਜਵਾਨਾਂ ਨੇ ਸ਼ੁਰੂ ਕੀਤੀ ਹੈ। ਜਿਹੜੇ ਗੈਸ ਅਤੇ ਬਿਜਲੀ ਦਾ ਕੰਮ ਬਹੁਤ ਹੀ ਤਸੱਲੀਬਖ਼ਸ਼ ਅਤੇ ਸਸਤੇ ਰੇਟਾਂ ਤੇ ਕਰਦੇ ਹਨ। ਨੌਜਵਾਨ ਬੱਚਿਆਂ ਨੇ ਨਵਾਂ ਨਵਾਂ ਆਪਣਾ ਕੰਮ ਸ਼ੁਰੂ ਕੀਤਾ ਹੈ। ਸੋ ਇਹਨਾਂ ਬੱਚਿਆਂ ਦਾ ਵੱਧ ਤੋਂ ਵੱਧ ਸਹਿਯੋਗ ਦੇਣ ਦੀ ਅਪੀਲ ਕੀਤੀ ਜਾਂਦੀ ਹੈ
Mr. Simran Singh : 0749 534 2620
asagasheatingsolutions@gmail.com
Call us now for a Free no-olbigation quote





KHALSA FORGE

Explore a stunning collection of high-quality Damascus and Sarbloh Kirpans, meticulously crafted for excellence.
www.khalsaforge.com

# ਖਾਲਸਾ ਫੋਰਜ

☛ ਉੱਚ ਕੁਆਲਿਟੀ ਦੀਆਂ ਸਰਬਲੋਹ ਕਿਰਪਾਨਾਂ ਅਤੇ ਗਾਤਰਾ ਸਾਹਿਬ ਖ਼ਰੀਦਣ ਲਈ ਸੰਪਰਕ ਕਰੋ।

☛ ਆਨਲਾਈਨ ਆਰਡਰ ਵੀ ਬੁੱਕ ਕੀਤੇ ਜਾਂਦੇ ਹਨ।






**www.khalsaforge.com**

# HAYES PLANT HIRE

## WE TRAIN YOU GAIN

NPORS ACCREDITED


Telescopic Handler


Excavator 360


Road Roller


Forward Tipping Dumper


Tractor


Dozer

Plant Training and Testing on All CATEGORIES OF **MACHINERY.**


Dump Truck

# HAYES PLANT HIRE

ਉਪਰੋਕਤ ਮਸ਼ੀਨਾਂ ਦੇ ਲਾਇਸੈਂਸ ਪ੍ਰਾਪਤ ਕਰਨ ਲਈ ਸੰਪਰਕ ਕਰੋ

NROPS Accredited

## ਉਪਰੋਕਤ ਹਰ ਤਰ੍ਹਾਂ ਦੀ ਮਸ਼ੀਨਰੀ ਦੀ ਟਰੇਨਿੰਗ ਅਤੇ ਟੈਸਟਿੰਗ ਦੀ ਸਿਖਲਾਈ ਦਿੱਤੀ ਜਾਂਦੀ ਹੈ।

## CONTACT- 07831543004

Hollis Farm, Clay Cross Chesterfield. S45 9BA

01246864370

ਆਵਾਜ਼ਿ ਕੌਮ AWAZE QAUM International Newspaper & WEB TV

CALL US TO BOOK YOUR CSCS LEVEL ONE COURSE.

## 07715-128621




# • ਪੁਰਜ਼ੋਰ ਅਪੀਲ •

ਦੇਸ਼ ਵਿਦੇਸ਼ ਵਿੱਚ ਵੱਸਦੀ ਸਮੂਹ ਸਿੱਖ ਸੰਗਤ ਨੂੰ ਬੇਨਤੀ ਕੀਤੀ ਜਾਂਦੀ ਹੈ ਕਿ ਭਾਰਤੀ ਹਕੂਮਤ ਦੇ ਹੁਕਮਾਂ ਤੇ ਸਿੱਖਾਂ ਦੇ ਪਾਵਨ ਪਵਿੱਤਰ ਅਸਥਾਨ ਸਾਹਿਬ ਸ੍ਰੀ ਹਰਿਮੰਦਰ ਸਾਹਿਬ ਤੇ ਧਾੜਵੀ ਬਣਕੇ ਆਕੇ ਟੈਂਕਾਂ ਤੋਪਾਂ ਨਾਲ ਸ੍ਰੀ ਅਕਾਲ ਤਖ਼ਤ ਸਾਹਿਬ ਨੂੰ ਢਹਿ ਢੇਰੀ ਕਰਨ ਵਾਲੇ ਜਰਨਲ ਵੈਦਿਆ ਨੂੰ ਸੋਧਾ ਲਾਕੇ ਸਿੱਖ ਕੌਮ ਦੀ ਡਿੱਗੀ ਪੱਗ ਸਿਰ ਤੇ ਰੱਖਣ ਵਾਲੇ ਸੂਰਬੀਰ ਯੋਧੇ ਸ਼ਹੀਦ ਭਾਈ ਹਰਜਿੰਦਰ ਸਿੰਘ ਜਿੰਦਾ ਅਤੇ ਭਾਈ ਸੁਖਦੇਵ ਸਿੰਘ ਸੁੱਖਾ ਜੀ ਦੀ 32ਵੀਂ ਬਰਸੀ ਉਹਨਾਂ ਦੇ ਜੱਦੀ ਪਿੰਡ ਗੱਦਲੀ, ਜਿਲਾ ਅੰਮ੍ਰਿਤਸਰ ਵਿਖੇ 9 ਅਕਤੂਬਰ 2024 ਨੂੰ ਮਨਾਈ ਜਾ ਰਹੀ ਹੈ। ਆਪ ਸਭ ਨੇ ਆਪਣੇਂ ਕੀਮਤੀ ਰੁਝੇਵਿਆਂ ਚੋਂ ਸਮਾਂ ਕੱਢ ਕੇ ਪਹੁੰਚਣ ਦੀ ਕ੍ਰਿਪਾਲਤਾ ਕਰਨੀ ਜੀ।

ਬੇਨਤੀ ਕਰਤਾ :-

## ਭਾਈ ਭੁਪਿੰਦਰ ਸਿੰਘ ਗੱਦਲੀ

(ਭਰਾਤਾ ਸ਼ਹੀਦ ਭਾਈ ਹਰਜਿੰਦਰ ਸਿੰਘ ਜਿੰਦਾ ਅਤੇ ਭਾਈ ਸੁਖਦੇਵ ਸਿੰਘ ਸੁੱਖਾ)


DHAN DHAN SRI GURU NANAK DEV JI'S
PARKASH PURAB
SANDWELL
NAGAR
KIRTAN
ਨਗਰ ਕੀਰਤਨ
SUNDAY 3 NOV 2024
GURDWARA GURU HAR RAI SAHIB JI START 9.00AM
George Street, West Bromwich
GURU NANAK GURDWARA 11.00AM
Edward Street, West Bromwich
GURDWARA AMRIT PARCHAR DHARMIK DIWAN 1.00PM
Birmingham Road, Oldbury
GURDWARA GURU MANEYO GRANTH 2.00PM
Popes Lane, Oldbury
GURDWARA BABA SANG 3.15PM
St Paul's Road, Smethwick
GURU NANAK GURDWARA SMETHWICK 4.00pm FINISH
High Street, Smethwick
ਗੁਰਦੁਆਰਾ ਗੁਰੂ ਹਰਿ ਰਾਇ ਸਾਹਿਬ ਅਰੰਭਤਾ: ੯.੦੦ ਵਜੇ
ਜੋਰਜ ਸਟਰੀਟ ਵੈਸਟ ਬ੍ਰਮਵਿਚ
ਗੁਰੂ ਨਾਨਕ ਗੁਰਦੁਆਰਾ, ੧੧.੦੦ ਵਜੇ
ਏਡਵਰਡ ਸਟਰੀਟ ਵੈਸਟ ਬ੍ਰਮਵਿਚ
ਗੁਰਦੁਆਰਾ ਅੰਮ੍ਰਿਤ ਪ੍ਰਚਾਰ ਧਾਰਮਿਕ ਦੀਵਾਨ ੧.੦੦ ਵਜੇ
ਬ੍ਰਮਿੰਘਮ ਰੋਡ, ਓਲਡਬਰੀ
ਗੁਰਦੁਆਰਾ ਗੁਰੂ ਮਾਨਯੋ ਗ੍ਰੰਥ ੨.੦੦ ਵਜੇ
ਪੋਪਸ ਲੇਨ, ਓਲਦਬਰੀ
ਗੁਰਦੁਆਰਾ ਬਾਬਾ ਸੰਗ ਜੀ ੩.੧੫ ਵਜੇ
ਸਟ. ਪੌਲਜ਼ ਰੋਡ, ਸਮੈਦਿਕ
ਗੁਰੂ ਨਾਨਕ ਗੁਰਦੁਆਰਾ ਸਮਾਪਤੀ: ੪.੦੦ ਵਜੇ
ਸਮੈਦਿਕ
ਆਵਾਜ਼ਿ ਕੌਮ AWAZE QAUM International Newspaper & WEB TV
GURU HAR RAI GURDWARA SAHIB - 0121 553 7219
GURU NANAK GURDWARA SMETHWICK - 0121 558 2527
GURDWARA AMRIT PARCHAR DHARMIK DIWAN OLDBURY
Gurdwara Guru Maneyo Granth OLDBURY
GURU NANAK GURDWARA SMETHWICK
The Council of Sikh Gurdwaras in Sandwell




### ਜਾਗਰੂਕ ਪਾਠਕ ਸੰਘ ਵੱਲੋਂ

# ਨੋਬਲ ਸਟੋਰੀਜ਼ ਨਿਊਲੀਨਰੀਜ਼ ਆਫ਼ ਇੰਡੀਅਨ ਸਾਇੰਸ ਦੀ ਸ਼ਲਾਘਾ

**ਬਠਿੰਡਾ, 07 ਅਕਤੂਬਰ (ਗੁਰਜੰਟ ਸਿੰਘ ਨਥੇਹਾ)**-ਵਿਦਿਆਰਥੀਆਂ ਨੂੰ ਵਿਗਿਆਨਕ ਦ੍ਰਿਸ਼ਟੀਕੋਣ ਅਤੇ ਅਗਾਂਹਵਧੂ ਸੋਚ ਨੂੰ ਉਤਸਾਹਿਤ ਕਰਨ ਲਈ ਜਾਗਰੂਕ ਪਾਠਕ ਸੰਘ ਦੀ ਪਲੇਠੀ ਮੀਟਿੰਗ ਆਯੋਜਿਤ ਕੀਤੀ ਗਈ। ਜਿਸ ਵਿੱਚ ਡਾ.ਰਜਿੰਦਰ ਸਿੰਘ, ਡਾ.ਜਤਿੰਦਰ ਕੌਰ ਅਰੋੜਾ, ਡਾ.ਕੇ.ਐਸ.ਬਾਠ ਅਤੇ ਡਾ.ਐਮ. ਠਾਕੁਰ, ਪੰਜਾਬ ਸਟੇਟ ਕੌਂਸਲ ਫਾਰ ਸਾਇੰਸ ਐਂਡ ਟੈਕਨਾਲੋਜੀ ਵੱਲੋਂ ਲਿਖੀ ਕਿਤਾਬ ਨੋਬਲ ਸਟੋਰੀਜ਼ ਨਿਊਲੀਨਰੀਜ਼ ਆਫ਼ ਇੰਡੀਅਨ ਸਾਇੰਸ ’ਤੇ ਵਿਚਾਰ ਚਰਚਾ ਕੀਤੀ ਗਈ। ਇਸ ਮੌਕੇ ਕਿਤਾਬ ਬਾਰੇ ਜਾਣਕਾਰੀ ਦਿੰਦਿਆਂ ਡਾ. ਮੰਦਾਕਿਨੀ ਠਾਕੁਰ ਨੇ ਕਿਹਾ ਕਿ ਕਿਤਾਬ ਵਿਦਿਆਰਥੀਆਂ ਨੂੰ ਵਿਗਿਆਨ ਦੇ ਖੇਤਰ ਵਿੱਚ ਨੋਬਲ ਪ੍ਰਾਈਜ਼ ਜੇਤੂ ਜਾਂ ਨਾਮਜਦ ਭਾਰਤੀ ਵਿਗਿਆਨੀਆਂ ਦੇ ਜੀਵਨ, ਸੰਘਰਸ਼ ਅਤੇ ਪ੍ਰਾਪਤੀਆਂ ਸੰਬੰਧੀ ਵਿਸਥਾਰਪੂਰਵਕ ਜਾਣਕਾਰੀ ਪ੍ਰਦਾਨ ਕਰਦੀ ਹੈ। ਉਨ੍ਹਾਂ ਇਹ ਵੀ ਕਿਹਾ ਕਿ ਵਿਗਿਆਨ ਨੂੰ ਵਿਸ਼ਵ ਪੱਧਰ ’ਤੇ ਭਾਰਤੀ ਵਿਗਿਆਨੀਆਂ ਦੀ ਬਹੁਤ ਵੱਡੀ ਦੇਣ ਹੈ। ਜਿਨ੍ਹਾਂ ਨੇ ਵਿਗਿਆਨਕ ਜਟਿਲਤਾਵਾਂ ਨੂੰ ਖ਼ਤਮ ਕਰਕੇ ਨਵੀਆਂ ਕਾਢਾਂ ਕੱਢੀਆਂ ਹਨ ਤੇ ਲੋਕਾਈ ਦਾ ਜੀਵਨ ਆਸਾਨ ਤੇ ਆਰਾਮਦਾਇਕ ਕੀਤਾ ਹੈ। ਉਨ੍ਹਾਂ ਦੱਸਿਆ ਕਿ ਇਨ੍ਹਾਂ ਸਾਇੰਸਦਾਨਾਂ ਦੀ ਮਿਹਨਤ ਅਤੇ ਸੰਘਰਸ਼ ਸਦਕਾ ਭਾਰਤ ਵਿੱਚ ਵਿਗਿਆਨਕ ਤਰੱਕੀ ਦੀ ਨੀਂਹ ਰੱਖੀ ਗਈ ਤੇ ਉਨ੍ਹਾਂ ਦੀਆਂ ਪ੍ਰਾਪਤੀਆਂ ਨੇ ਸਾਡੇ ਜੀਵਨ ਦੀ ਗੁਣਵੱਤਾ ਨੂੰ ਬਦਲ ਕੇ ਰੱਖ ਦਿੱਤਾ ਹੈ। ਬੈਠਕ ਵਿੱਚ ਹਾਜ਼ਰ ਪਾਠਕ ਮੰਡਲ ਵੱਲੋਂ ਕਿਤਾਬ ਦੇ ਲੇਖਕਾਂ ਦੀ ਸੋਚ ਅਤੇ ਦੂਰ ਦ੍ਰਿਸ਼ਟੀ ਦੀ ਪ੍ਰਸ਼ੰਸਾ ਕਰਦਿਆਂ ਵਿਚਾਰ ਪ੍ਰਗਟ ਕੀਤੇ ਗਏ ਕਿ ਹੱਥਲੀ ਕਿਤਾਬ ਮਾਣਮੱਤੀ ਪ੍ਰਾਪਤੀਆਂ ਕਰਨ ਵਾਲੇ ਭਾਰਤੀ ਵਿਗਿਆਨੀਆਂ ਦੇ ਜੀਵਨ ਬਿਰਤਾਂਤ ਅਤੇ ਉਨ੍ਹਾਂ ਵੱਲੋਂ ਕੀਤੇ ਗਏ ਅਨੂਠੇ ਕਾਰਜਾਂ ਦਾ ਸੰਗ੍ਰਹਿ ਹੈ। ਜਿਸ ਵਿੱਚ ਉਨ੍ਹਾਂ ਵੱਲੋਂ ਉੱਚ ਪ੍ਰਾਪਤੀ ਕਰਨ ਸਮੇਂ ਰਸਤੇ ਵਿੱਚ ਆਈਆਂ ਰੁਕਾਵਟਾਂ ਮੁਸ਼ਕਿਲਾਂ ਅਤੇ ਸਮਾਧਾਨ ਪ੍ਰਤੀ ਵਿਸ਼ੇਸ਼ ਜਾਣਕਾਰੀ ਹੈ, ਜੋ ਉਭਰ ਰਹੇ ਵਿਗਿਆਨੀਆਂ ਲਈ ਮਾਰਗ ਦਰਸ਼ਕ ਦਾ ਕੰਮ ਕਰੇਗੀ।




ਆਵਾਜ਼ਿ ਕੌਮ AWAZE QAUM International Newspaper & WEB TV

# ਫ਼ਿਰੋਜ਼ਪੁਰ ਤੋਂ ਹਰਿਦੁਆਰ ਲਈ ਜਲਦ ਸ਼ੁਰੂ ਹੋਵੇਗੀ ਰੇਲ : ਜਯੋਤਿਸ਼ ਅਨਿਲ ਸ਼ਰਮਾ

**ਫ਼ਿਰੋਜ਼ਪੁਰ, 7 ਅਕਤੂਬਰ (ਮਨੋਹਰ ਲਾਲ) :**— ਸ੍ਰੀ ਸਨਾਤਨ ਧਰਮ ਮਹਾਂਵੀਰ ਦਲ ਮੰਦਿਰ ਫ਼ਿਰੋਜ਼ਪੁਰ ਵਿਖੇ ਇਲਾਕੇ ਦੀਆਂ ਸਾਰੀਆਂ ਧਾਰਮਿਕ ਅਤੇ ਸਮਾਜਿਕ ਸੰਸਥਾਵਾਂ ਦੇ ਪ੍ਰਤੀਨਿਧੀਆਂ ਦੀ ਹੰਗਾਮੀ ਮੀਟਿੰਗ ਹੋਈ। ਇਸ ਦੌਰਾਨ ਫੈਸਲਾ ਕੀਤਾ ਗਿਆ ਕਿ ਫ਼ਿਰੋਜ਼ਪੁਰ ਤੋਂ ਹਰਿਆਣਾ ਲਈ ਰੇਲ ਚਲਾਉਣ ਲਈ ਡੀ.ਆਰ.ਐਮ ਮੰਡਲ ਰੇਲਵੇ ਫ਼ਿਰੋਜ਼ਪੁਰ ਨੂੰ ਇਕ ਮੰਗ ਪੱਤਰ ਦਿੱਤਾ ਜਾਵੇਗਾ। ਉਨ੍ਹਾਂ ਕਿਹਾ ਕਿ ਮੰਗ ਪੱਤਰ ਵਿਚ ਮੰਗ ਵਿਸ਼ੇਸ਼ ਤੌਰ ਤੇ ਉਠਾਈ ਜਾਵੇਗੀ ਕਿ ਫ਼ਿਰੋਜ਼ਪੁਰ ਤੋਂ ਹਰਿਆਣਾ ਲਈ ਵਿਸ਼ੇਸ਼ ਰੇਲ ਚਲਾਈ ਜਾਵੇ ਤਾਂ ਜ਼ੋ ਹਰਿਦੁਆਰ ਜਾਣ ਵਾਲੇ ਯਾਤਰੀਆਂ ਨੂੰ ਕੁਝ ਰਾਹਤ ਮਿਲ ਸਕੇ। ਗੱਲਬਾਤ ਕਰਦਿਆਂ ਪੰਡਿਤ ਅਨਿਲ ਸ਼ਰਮਾ ਅਤੇ ਮੰਦਿਰ ਕਮੇਟੀ ਦੇ ਪ੍ਰਧਾਨ ਐਡਵੋਕੇਟ ਪ੍ਰਿਥਵੀ ਪੁੱਗਲ ਨੇ ਦੱਸਿਆ ਕਿ ਗੁਰੂਹਰਸਹਾਏ, ਮੱਲਾਂਵਾਲਾ, ਤਲਵੰਡੀ ਭਾਈ, ਮੱਖੂ, ਜ਼ੀਰਾ, ਜਲਾਲਾਬਾਦ, ਫਰੀਦਕੋਟ ਵਾਸੀਆਂ ਦੇ ਲਈ ਧਾਰਮਿਕ ਸਥਲ ਹਰਿਦੁਆਰ, ਜਿਥੇ ਹਿੰਦੂ ਲੋਕ ਆਪਣੇ ਪੂਰਵਜਾਂ ਦੀਆਂ ਅਸਥੀਆਂ ਵਿਸਰਜਨ ਕਰਦੇ ਹਨ। ਉਨ੍ਹਾਂ ਕਿਹਾ ਕਿ ਰਿਸ਼ੀਕੇਸ ਜਿਥੋਂ ਚਾਰੋ ਧਾਮਾਂ ਦੀ ਯਾਤਰਾ ਗੰਗੋਤਰੀ, ਯਮਨੋਤਰੀ, ਬਦਰੀਨਾਥ, ਕੇਦਾਰਨਾਥ ਦੀ ਯਾਤਰਾ ਸ਼ੁਰੂ ਹੁੰਦੀ ਹੈ ਅਤੇ ਇਸੀ ਰਸਤਿਓ ਸ੍ਰੀ ਹੇਮਕੁੰਡ ਸਾਹਿਬ ਅਤੇ ਪਾਊਂਟਾ ਸਾਹਿਬ ਲਈ ਜਾਣ ਲਈ ਵੀ ਇਹੀ ਕੇਂਦਰ ਬਿੰਦੂ ਹੈ, ਪਰ ਹਰਿਦੁਆਰ ਲਈ ਫ਼ਿਰੋਜ਼ਪੁਰ ਤੋਂ ਇਕ ਵੀ ਰੇਲ ਗੱਡੀ ਨਹੀਂ ਹੈ। ਉਨ੍ਹਾਂ ਕਿਹਾ ਕਿ ਹਰਿਦੁਆਰ ਜਾਣ ਲਈ ਲੁਧਿਆਣਾ ਜਾਂ ਬਠਿੰਡਾ ਜਾਣਾ ਪੈਂਦਾ ਹੈ। ਆਪਣੇ ਦਫਤਰ ਪੁੱਜੇ ਧਾਰਮਿਕ ਜਥੇਬੰਦੀਆਂ ਦੇ ਆਗੂਆਂ ਨੂੰ ਰੇਲਵੇ ਮੰਡਲ ਫ਼ਿਰੋਜ਼ਪੁਰ ਨੇ ਸੰਸਥਾਵਾਂ ਦੇ ਆਗੂਆਂ ਨੂੰ ਵਿਸਵਾਸ਼ ਦਿਵਾਇਅ ਕਿ ਹਰਿਦੁਆਰਾ ਲਈ ਜਲਦ ਰੇਲ ਨੂੰ ਮਨਜ਼ੂਰੀ ਦਿਵਾਉਣ ਲਈ ਰੇਲਵੇ ਮੰਤਰਾਲੇ ਨਾਲ ਸੰਪਰਕ ਸਾਧਦੇ ਹੋਏ ਲਿਖਿਆ ਜਾਵੇਗਾ ਤਾਂ ਜ਼ੋ ਲੋਕਾਂ ਨੂੰ ਰਾਹਤ ਮਿਲ ਸਕੇ ਅਤੇ ਲੋਕਾਂ ਦੀਆਂ ਧਾਰਮਿਕ ਭਾਵਨਾਵਾਂ ਦੀ ਕਦਰ ਹੋ ਸਕੇ।



ਆਵਾਜ਼ਿ ਕੌਮ AWAZE QAUM International Newspaper & WEB TV

# ਕੰਨਾਂ ਚ ਫੂਕ ਮਾਰ ਕੇ ਚੋਣ ਪ੍ਰਚਾਰ ਕਰਨ ਵਾਲਾ ਕੈਂਡੀਡੇਟ ਸਾਰੇ ਵਰਗਾਂ ਨੂੰ ਇਕੱਠਿਆਂ ਕਦੇ ਨਹੀਂ ਦੱਸੇਗਾ ਕਿ ਮੈਂ ਤੁਹਾਡੇ ਲਈ ਕੀ ਤੇ ਕਿਵੇਂ ਕਰਾਂਗਾ

## ਸਰਪੰਚੀ ਵਿਸ਼ੇਸ਼



ਜਿਹੜਾ ਕੈਂਡੀਡੇਟ ਕੱਲੇ ਕੱਲੇ ਵੋਟਰ ਦੇ ਕੰਨਾਂ ਚ ਫੂਕ ਮਾਰ ਕੇ ਸਰਪੰਚ ਬਣਨ ਨੂੰ ਫਿਰਦਾ

ਇਕੱਠਿਆਂ ਕਦੇ ਵੀ ਨਹੀਂ ਦੱਸ ਸਕਦਾ ਕਿ ਪੂਰੇ ਪਿੰਡ ਦੇ ਸਾਰੇ ਵਰਗਾਂ ਲਈ ਕੀ ਤੇ ਕਿਵੇ ਕਰੂਗਾ ?

ਆਵਾਜ਼ਿ ਕੌਮ AWAZE QAUM International Newspaper & WEB TV

ਕਿਸੇ ਵੀ ਸਰਪੰਚੀ ਕੈਂਡੀਡੇਟ ਦੀ ਪਰਖ ਕਰਨ ਦਾ ਤਰੀਕਾ ਸਭ ਤੋਂ ਸੌਖਾ ਹੈ ਕਿ ਉਹ ਜਿੱਤਣ ਤੋਂ ਬਾਅਦ ਪਿੰਡ ਵਾਸਤੇ ਕੀ ਤੇ ਕਿਵੇਂ ਕਰੇਗਾ ? ਇਹ ਸਭ ਕੁਝ ਕੈਂਡੀਡੇਟ ਚੋਣਾਂ ਲੜਨ ਤੋਂ ਪਹਿਲਾਂ ਦੱਸੇ । ਇਹ ਸਭ ਨੂੰ ਜਾਨਣ ਲਈ ਕੈਂਡੀਡੇਟ ਦੀ ਰਣਨੀਤੀ ਨੂੰ ਸਮਝਣਾ ਜਰੂਰੀ ਹੁੰਦਾ । ਜਿਹੜਾ ਕੈਂਡੀਡੇਟ ਬਿਨਾਂ ਬਜ਼ੁਰਗਾਂ ਦੀ ਸਲਾਹ ਮਸ਼ਵਰੇ ਤੋਂ ਚੱਲਦਾ ਹੈ ਉਹ ਹਮੇਸ਼ਾ ਹੈ ਸੋਚਦਾ ਹੈ ਕਿ ਮੈਂ ਸਵਾਲ ਕਰਨ ਵਾਲਿਆਂ ਨੂੰ ਦਵਾ ਕੇ ਡੰਡੇ ਨਾਲ ਹੀ ਸਰਪੰਚ ਬਣ ਜਾਵਾਂਗਾ । ਜਦੋਂ ਡੰਡੇ ਦੇ ਜ਼ੋਰ ਤੇ ਸਰਪੰਚ ਬਣਨ ਵਾਲੇ ਕੈਂਡੀਡੇਟਾਂ ਨੂੰ ਬਜ਼ੁਰਗ ਅਤੇ ਸੀਨੀਅਰ ਰਾਜਨੀਤਿਕ ਲੀਡਰ ਮਿਲਦੇ ਨੇ, ਉਹ ਕੈਂਡੀਡੇਟ ਨੂੰ ਸਮਝਾਉਂਦੇ ਨੇ ਕਿ ਪੁੱਤਰਾ ਵੋਟਾਂ ਲੈ ਕੇ ਜਿੱਤਣ ਵਾਸਤੇ ਡੰਡਾ ਕਿਸੇ ਕੰਮ ਨਹੀਂ ਆਉਂਦਾ । ਬਜ਼ੁਰਗ ਅਤੇ ਸੀਨੀਅਰ ਰਾਜਨੀਤਿਕ ਲੀਡਰਾਂ ਦਾ ਤਜਰਬਾ ਕਿ ਵੋਟਾਂ ਲੈਣ ਲਈ ਸਿਰਫ ਸ਼ਾਂਤੀ ਬਣਾ ਕੇ ਰੱਖਣੀ , ਸਵਾਲ ਕਰਨ ਵਾਲੇ ਕਿਸੇ ਭੈਣ ਭਰਾ ਨੂੰ ਚੁੱਪ ਕਰਾਉਣ ਦੀ ਕੋਸ਼ਿਸ਼ ਕਰਨ ਵਾਲੇ ਸਮਰਥਕਾਂ ਨੂੰ ਚੁੱਪ ਕਰਾ ਕੇ ਰੱਖਣਾ । ਇਹ ਸਭ ਗੱਲਾਂ ਸਰਪੰਚੀ ਦੀ ਪ੍ਰਾਪਤੀ ਲਈ ਰਣਨੀਤੀ ਦਾ ਹਿਸਾ ਨੇ ।

ਇੱਥੇ ਮੇਰਾ ਵੱਡਾ ਸਵਾਲ ਇਹ ਹੈ ਕਿ ਕੋਈ ਵੀ ਕੈਂਡੀਡੇਟ ਜੋ ਸਮੁੱਚਤਾ ਦੇ ਵਿੱਚ ਸਾਰੇ ਵਰਗਾਂ ਨੂੰ ਇਕੱਠਿਆਂ, ਚਾਹੇ ਉਹ ਕਿਸੇ ਸੋਸ਼ਲ ਮੀਡੀਆ ਪਲੇਟਫਾਰਮ ਫਾਰਮ ਰਾਹੀਂ , ਜਾਂ ਫਿਰ ਵੱਖ ਵੱਖ ਵਰਗਾਂ ਦੇ ਇਕੱਠ ਰਾਹੀਂ , ਇਹ ਨਹੀਂ ਦੱਸਦਾ ਕਿ ਮੈਂ ਤੁਹਾਡੇ ਸਾਰਿਆਂ ਲਈ ਕੀ ਤੇ ਕਿਵੇਂ ਕਰਾਂਗਾ ? ਉਹ ਕੈਂਡੀਡੇਟ ਇਕੱਲੇ ਇਕੱਲੇ ਵੋਟਰ ਨੂੰ ਘਰ ਜਾ ਕੇ ਸਿਰਫ ਲੋਲੀਪੋਕ ਵੰਡ ਰਿਹਾ । ਉਸ ਕੈਂਡੀਡੇਟ ਦੀ ਰਣਨੀਤੀ ਸਿਰਫ ਸਰਪੰਚ ਬਣਨ ਦੀ ਹੈ । ਕਿਉਂਕਿ ਜੇ ਪਿੰਡ ਦੀ ਭਲਾਈ ਸੋਚਦਾ ਹੋਵੇ ਤਾਂ ਸਮੁੱਚਤਾ ਦੇ ਵਿੱਚ ਸਾਰਿਆਂ ਨੂੰ ਇਕੱਠਿਆਂ ਇਹ ਸਮਝਾਵੇ ਕਿ ਸਾਰੇ ਪਿੰਡ ਲਈ ਕੀ ਤੇ ਕਿਵੇਂ ਕਰੇਗਾ ?

**-ਪਰਗਟ ਸਿੰਘ ਬਲਬੇੜਾ, 9022000070**

# ਗੁਰੂ ਰਾਮਦਾਸ ਜੀ ਦੇ ਪ੍ਰਕਾਸ਼ ਦੇ ਸਬੰਧ ਵਿਚ 19 ਅਕਤੂਬਰ ਨੂੰ ਬੱਸਾਂ ਹੋਣਗੀਆਂ ਰਵਾਨਾ

ਫ਼ਿਰੋਜ਼ਪੁਰ, 7 ਅਕਤੂਬਰ (ਮਨੋਹਰ ਲਾਲ) :— ਇਲਾਕੇ ਦੀ ਸੰਗਤ ਨੂੰ ਧਾਰਮਿਕ ਖੇਤਰ ਨਾਲ ਜ਼ੋੜਦਿਆਂ ਹੋਇਆ ਲੋਕਾਂ ਦੀ ਧਾਰਮਿਕ ਸ਼ਰਧਾ ਨੂੰ ਦੇਖਦਿਆਂ ਫ਼ਿਰੋਜ਼ਪੁਰ ਤੋਂ ਦਰਬਾਰ ਸਾਹਿਬ ਅੰਮ੍ਰਿਤਸਰ ਸਾਹਿਬ ਵਿਖੇ 19 ਅਕਤੂਬਰ ਨੂੰ ਹੋਵੇਗੀ ਵਿਸ਼ੇਸ਼ ਯਾਤਰਾ। ਇਸ ਸਬੰਧੀ ਜਾਣਕਾਰੀ ਦਿੰਦਿਆਂ ਸੰਸਥਾਵਾਂ ਦੇ ਆਗੂਆਂ ਨੇ ਦੱਸਿਆ ਕਿ ਇਲਾਕੇ ਦੀ ਸੰਗਤ ਦੀ ਸ਼ਰਧਾ ਨੂੰ ਦੇਖਦੇ ਹੋਏ ਇਸ ਸਾਲ ਵੀ ਇਕ ਬੱਸ ਯਾਤਰਾ ਗੁਰੂ ਰਾਮਦਾਸ ਸਾਹਿਬ ਜੀ ਦੇ ਪ੍ਰਕਾਸ਼ ਦੇ ਸਬੰਧ ਵਿਚ ਕਰਵਾਈ ਜਾਵੇਗੀ, ਜ਼ੋ ਸ਼ਨੀਵਾਰ ਨੂੰ ਗੁਰੂ ਨਗਰ ਦੇ ਗੇਟ ਤੋਂ ਚੱਲ ਕੇ ਯਾਤਰਾ ਕਰਵਾਉਣ ਉਪਰੰਤ ਇਥੇ ਆ ਕੇ ਸਮਾਪਤ ਹੋਵੇਗੀ। ਉਨ੍ਹਾਂ ਕਿਹਾ ਕਿ ਇਹ ਬੱਸ ਯਾਤਰਾ ਬਿਲਕੁਲ ਫਰੀ ਹੋਵੇਗੀ, ਜਿਸ ਵਿਚ ਯਾਤਰਾ ਕਰਨ ਵਾਲੇ ਸ਼ਰਧਾਲੂਆਂ ਨੂੰ ਹਰ ਤਰ੍ਹਾਂ ਦੀ ਸਹੂਲਤ ਦੇਣ ਦੇ ਨਾਲ—ਨਾਲ ਯਾਤਰਾ ਦੌਰਾਨ ਧਾਰਮਿਕ ਸਾਖੀਆਂ ਸੁਣਾਈਆਂ ਜਾਣਗੀਆਂ ਅਤੇ ਇਸ ਯਾਤਰਾ ਦੌਰਾਨ ਗੁਰਬਾਣੀ ਸਰਵਣ ਕਰਵਾਈ ਜਾਵੇਗੀ। ਗੁਰਧਾਮ ਦੇ ਦਰਸ਼ਨ ਕਰਨ ਜਾਣ ਵਾਲੀਆਂ ਸੰਗਤਾਂ ਨੂੰ ਅਪੀਲ ਕਰਦਿਆਂ ਆਗੂਆਂ ਨੇ ਦੱਸਿਆ ਕਿ ਗੁਰੂ ਰਾਮ ਦਾਸ ਸਾਹਿਬ ਜੀ ਦੇ ਪ੍ਰਕਾਸ਼ ਪੁਰਬ ਨੂੰ ਦੇਖਦੇ ਹੋਏ ਤਿੰਨ ਤੋਂ ਚਾਰ ਬੱਸਾਂ ਰਵਾਨਾ ਹੋਣਗੀਆਂ।

ਆਵਾਜ਼ਿ ਕੌਮ AWAZE QAUM International Newspaper & WEB TV

### ਔਰਤਾਂ ਦੀਆਂ ਅਸ਼ਲੀਲ ਵੀਡੀਓ ਬਣਾਉਣ ਵਾਲਾ

# ਗ੍ਰੰਥੀ ਆੜਿਆ ਫੈਡਰੇਸ਼ਨ ਅੜਿਕੇ : ਜਸਪਾਲ ਸਿੰਘ



**ਫ਼ਿਰੋਜ਼ਪੁਰ, 7 ਅਕਤੂਬਰ (ਮਨੋਹਰ ਲਾਲ) :—** ਇਥੋਂ ਥੋੜੀ ਦੂਰ ਪੈਂਦੇ ਪਿੰਡ ਭਾਗੋ ਕੇ ਵਿਖੇ ਬਣੇ ਇਤਿਹਾਸਿਕ ਗੁਰਦੁਆਰਾ ਗੁਰੂ ਤੇਗ ਬਹਾਦਰ ਸਾਹਿਬ ਵਿੱਚ ਬਤੌਰ ਹੈਡ ਗ੍ਰੰਥੀ ਦੀ ਸੇਵਾ ਕਰਦਾ ਗੁਰਪ੍ਰੀਤ ਸਿੰਘ ਪੁੱਤਰ ਸੁਬੇਗ ਸਿੰਘ ਧਾਰਮਿਕ ਜਥੇਬੰਦੀ ਸਿੱਖ ਸਟੂਡੈਂਟ ਫੈਡਰੇਸ਼ਨ ਮਹਿਤਾ ਦੇ ਉਸ ਵੇਲੇ ਅੜਿਕੇ ਚੜਿਆ ਜਦੋਂ ਮਿਲੀਆਂ ਸ਼ਿਕਾਇਤਾਂ ਅਤੇ ਹੋਰ ਠੋਸ ਸਬੂਤਾਂ ਦੇ ਆਧਾਰ ਤੇ ਫੈਡਰੇਸ਼ਨ ਦੀ ਟੀਮ ਨੇ ਭਾਗੋ ਕੇ ਵਿਖੇ ਪਹੁੰਚ ਕੇ ਸਾਰੀ ਪੁੱਛ—ਪੜਤਾਲ ਕਰਕੇ ਅਤੇ ਸਾਰੀ ਸਥਿਤੀ ਦਾ ਜਾਇਜ਼ਾ ਲਿਆ ਅਤੇ ਗ੍ਰੰਥੀ ਸਿੰਘ ਨੂੰ ਉਸ ਤੇ ਲੱਗੇ ਹੋਏ ਦੋਸ਼ਾਂ ਦਾ ਸਪਸ਼ਟੀਕਰਨ ਦੇਣ ਬਾਰੇ ਕਿਹਾ। ਗੱਲਬਾਤ ਕਰਦਿਆਂ ਜਥੇਬੰਦੀ ਦੇ ਆਗੂ ਜ਼ਸਪਾਲ ਸਿੰਘ ਨੇ ਦੱਸਿਆ ਕਿ ਪਹਿਲਾਂ ਤਾਂ ਉਸ ਗ੍ਰੰਥੀ ਨੇ ਆਪਣੇ ਆਪ ਨੂੰ ਸੱਚਾ ਸਾਬਤ ਕਰਨ ਲਈ ਕਾਫੀ ਟਾਲ—ਮਟੋਲ ਕੀਤੀ ਪਰ ਜਦੋਂ ਫੈਡਰੇਸ਼ਨ ਆਗੂਆਂ ਨੇ ਉਸ ਦਾ ਮੋਬਾਇਲ ਖੋਲ ਕੇ ਵੇਖਿਆ ਤਾਂ ਉਸ ਵਿਚ ਕਾਫੀ ਇਤਰਾਜਯੋਗ ਚੀਜ਼ਾਂ ਵੇਖਣ ਨੂੰ ਮਿਲੀਆਂ ਜਿਸ ਤੇ ਫੈਡਰੇਸ਼ਨ ਦੀ ਟੀਮ ਰੋਹ ਵਿਚ ਆ ਗਈ ਅਤੇ ਆਗੂਆਂ ਵੱਲੋਂ ਜਦ ਉਸ ਗ੍ਰੰਥੀ ਨੂੰ ਥੋੜਾ ਜਿਹਾ ਸੋਧਾ ਲਾਇਆ ਤਾਂ ਉਹ ਸਾਰਾ ਕੁਝ ਮੰਨ ਗਿਆ ਉਸ ਵੱਲੋਂ ਇਸ਼ਨਾਨ ਕਰਨ ਵਾਲੀਆਂ ਬੀਬੀਆਂ ਦੀ ਵੀਡੀਓ ਬਣਾਉਣ ਅਤੇ ਚੈਟ ਕਰਨ ਦਾ ਜਦ ਕਾਰਨ ਪੁੱਛਿਆ ਤਾਂ ਉਹ ਸਿਰਫ ਤਰਲੇ ਮਿੰਨਤਾ ਰਾਹੀਂ ਹੀ ਆਪਣੀ ਗਲਤੀ ਦਾ ਅਹਿਸਾਸ ਕਰਨ ਲੱਗਾ ਅਤੇ ਮੁਆਫੀ ਮੰਗਦਾ ਰਿਹਾ। ਗੱਲਬਾਤ ਕਰਦਿਆਂ ਭਾਈ ਜ਼ਸਪਾਲ ਸਿੰਘ ਨੇ ਕਿਹਾ ਕਿ ਆਖਰ ਉੱਥੇ ਜੁੜੀ ਹੋਰ ਸੰਗਤ ਅਤੇ ਪਿੰਡ ਦੀ ਪੰਚਾਇਤ ਨੇ ਫੈਡਰੇਸ਼ਨ ਆਗੂਆਂ ਨੂੰ ਅਪੀਲ ਕੀਤੀ ਕਿ ਇੱਕ ਵਾਰ ਉਸਨੂੰ ਮਾਫ ਕਰ ਦਿੱਤਾ ਜਾਵੇ। ਉਨ੍ਹਾਂ ਦੱਸਿਆ ਕਿ ਜੁੜੀ ਸੰਗਤ ਦੀਆਂ ਭਾਵਨਾਵਾਂ ਨੂੰ ਸਮਝਦੇ ਹੋਏ ਅਖੀਰ ਫੈਡਰੇਸ਼ਨ ਆਗੂਆਂ ਨੂੰ ਉਸ ਨੇ ਲਿਖਤੀ ਰੂਪ ਵਿੱਚ ਦਿੱਤਾ ਉਸ ਨੂੰ ਪਿਛਲੀਆ ਗਲਤੀਆਂ ਲਈ ਮੁਆਫ ਕਰ ਦਿੱਤਾ ਜਾਵੇ ਅਤੇ ਅੱਗੇ ਤੋਂ ਉਹ ਅਜਿਹੀ ਕੋਈ ਗਲਤੀ ਨਹੀਂ ਕਰੇਗਾ। ਇੱਥੇ ਇਹ ਵੀ ਦਸਣਯੋਗ ਹੈ ਕਿ ਇਸ ਗੁਰਦੁਆਰੇ ਦੀ ਹੀ ਕਮੇਟੀ ਦਾ ਪ੍ਰਧਾਨ ਕੁਲਦੀਪ ਸਿੰਘ ਜੋ ਕਿ ਸ਼ਰਾਬ ਅਤੇ ਮੀਟ ਦਾ ਸੇਵਨ ਵੀ ਆਮ ਹੀ ਕਰਦਾ ਹੈ ਜਿਸ ਨੂੰ ਫੈਡਰੇਸ਼ਨ ਆਗੂਆਂ ਨੇ ਇਕ ਮਹੀਨੇ ਦਾ ਸਮਾਂ ਦਿੱਤਾ ਅਤੇ ਖੰਡੇ ਬਾਟੇ ਦਾ ਅੰਮ੍ਰਿਤ ਛਕਣ ਲਈ ਪ੍ਰੇਰਨਾ ਕੀਤੀ ਜਿਸ ਨੂੰ ਕਮੇਟੀ ਪ੍ਰਧਾਨ ਨੇ ਸਵੀਕਾਰ ਕਰ ਲਿਆ। ਗੱਲਬਾਤ ਕਰਦਿਆਂ ਫੈਡਰੇਸ਼ਨ ਆਗੂਆਂ ਨੇ ਦੱਸਿਆ ਕਿ ਇਹ ਵੀ ਦਸਣਯੋਗ ਹੈ ਕਿ ਇਹ ਸਾਰੀ ਕਾਰਵਾਈ ਪੁਲਿਸ ਪ੍ਰਸ਼ਾਸਨ ਦੀ ਮੌਜੂਦਗੀ ਵਿੱਚ ਹੋਈ ਫੈਡਰੇਸ਼ਨ ਵੱਲੋਂ ਕੀਤੀ ਹੋਈ ਇਸ ਕਾਰਵਾਈ ਦੀ ਪੂਰੇ ਇਲਾਕੇ ਵਿੱਚ ਕਾਫੀ ਚਰਚਾ ਹੋ ਰਹੀ ਹੈ। ਫੈਡਰੇਸ਼ਨ ਦੀ ਇਸ ਟੀਮ ਵਿੱਚ ਭਾਈ ਜਸਪਾਲ ਸਿੰਘ, ਸੁਖਦੇਵ ਸਿੰਘ ਲਾਡਾ, ਜਰਨੈਲ ਸਿੰਘ ਗਾਬੜੀਆ, ਡਾਕਟਰ ਗੁਰਮੀਤ ਸਿੰਘ, ਅਵਤਾਰ ਸਿੰਘ ਜੋਸਨ, ਕੁਲਦੀਪ ਸਿੰਘ ਨੱਢਾ, ਜਗਦੇਵ ਸਿੰਘ ਲਾਡਾ, ਜਸਵੀਰ ਸਿੰਘ ਜਸ, ਅਮਰ ਸਿੰਘ ਗਾਬੜੀਆ ਕਿਰਨਦੀਪ ਸਿੰਘ ਪੱਲਾ, ਗੁਰਮਿੰਦਰ ਸਿੰਘ, ਬਲਕਾਰ ਸਿੰਘ, ਮੰਗਲ ਸਿੰਘ ਸਰਪੰਚ, ਪਰਮਿੰਦਰ ਸਿੰਘ ਅਤੇ ਕੁਲਵੰਤ ਸਿੰਘ ਸਮੇਤ ਕਈ ਹੋਰ ਵੀ ਆਗੂ ਹਾਜ਼ਰ ਸਨ।

### ਗੁਰਦੁਆਰਾ ਛੱਪੜੀ ਸਾਹਿਬ ਪਿੰਡ ਤੂਤ ਵਿਖੇ

# 28ਵਾਂ ਭੰਡਾਰਾ ਸੰਤ ਮਹਿਰਾਮ ਦਾਸ ਜੀ ਨੂੰ ਸਮਰਪਿਤ ਸਮਾਗਮ 22 ਅਕਤੂਬਰ ਨੂੰ—ਬਾਬਾ ਬੋਹੜ ਸਿੰਘ ਤੂਤਾਂ ਵਾਲੇ

**ਫ਼ਿਰੋਜ਼ਪੁਰ, 7 ਅਕਤੂਬਰ (ਮਨੋਹਰ ਲਾਲ) :—** ਗੁਰਦੁਆਰਾ ਛੱਪੜੀ ਸਾਹਿਬ ਪਿੰਡ ਤੂਤਾਂ ਵਿਖੇ 28ਵਾਂ ਭੰਡਾਰਾ ਸੰਤ ਮਹਿਰਮ ਦਾਸ ਜੀ ਨੂੰ ਸਮਰਪਿਤ 28ਵਾਂ ਮਹਾਨ ਸੰਤ ਸਮਾਗਮ 22 ਅਕਤੂਬਰ 2024 ਦਿਨ ਮੰਗਲਵਾਰ ਨੂੰ ਕਰਵਾਏ ਜਾ ਰਹੇ ਹਨ। ਇਹ ਜਾਣਕਾਰੀ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਗੁਰਦੁਆਰਾ ਛੱਪੜੀ ਸਾਹਿਬ ਪਿੰਡ ਤੂਤ ਦੇ ਮੁੱਖ ਸੇਵਾਦਾਰ ਸ੍ਰੀਮਾਨ ਸੰਤ ਬਾਬਾ ਸੁੱਚਾ ਸਿੰਘ ਨੇ ਦੱਸਿਆ ਕਿ ਹਰ ਸਾਲ ਦੀ ਤਰ੍ਹਾਂ ਇਸ ਵਾਰ ਵੀ 28ਵਾਂ ਭੰਡਾਰਾ ਸੰਤ ਮਹਿਰਮ ਦਾਸ ਜੀ ਨੂੰ ਸਮਰਪਿਤ 28ਵਾਂ ਮਹਾਨ ਸੰਤ ਸਮਾਗਮ 22 ਅਕਤੂਬਰ ਨੂੰ ਕਰਵਾਏ ਜਾ ਰਹੇ ਹਨ। ਇਸ ਸਬੰਧ ਵਿਚ 20 ਅਕਤੂਬਰ 2024 ਦਿਨ ਐਤਵਾਰ ਨੂੰ ਆਰੰਭ ਸ੍ਰੀ ਆਖੰਡ ਪਾਠ ਸਾਹਿਬ ਆਰੰਭ ਹੋਣਗੇ ਅਤੇ 22 ਅਕਤੂਬਰ 2024 ਦਿਨ ਮੰਗਲਵਾਰ ਨੂੰ ਸ੍ਰੀ ਆਖੰਡ ਪਾਠ ਸਾਹਿਬ ਜੀ ਦੇ ਭੋਗ ਪਾਏ ਜਾਣਗੇ। ਭੋਗ ਉਪਰੰਤ ਦੀਵਾਨ ਸਜਾਏ ਜਾਣਗੇ, ਜਿਸ ਵਿਚ ਰਾਗੀ, ਢਾਡੀ, ਕਥਾਵਾਚਕ ਜਥਿਆਂ ਤੋਂ ਇਲਾਵਾ ਸਿੱਖ ਕੌਮ ਦੇ ਮਹਾਨ ਸੰਤ ਬਾਬਾ ਪਿਆਰਾ ਸਿੰਘ ਜੀ ਮਿਰਥਲੇ ਵਾਲੇ, ਭਾਈ ਤੇਜਿੰਦਰ ਸਿੰਘ ਜਿੰਦੂ ਨਾਨਕਸਰ ਵਾਲੇ, ਭਾਈ ਸ਼ਬਦਲ ਸਿੰਘ ਸਰਹਾਲੀ ਵਾਲੇ ਕਥਾ ਕੀਰਤਨ ਰਾਹੀਂ ਸੰਗਤਾਂ ਨੂੰ ਗੁਰੂ ਜ਼ਸ ਸੁਣਾ ਕੇ ਨਿਹਾਲ ਕਰਨਗੇ। ਬਾਬਾ ਜੀ ਨੇ ਅੱਗੇ ਦੱਸਿਆ ਕਿ ਇਸ ਮੌਕੇ ਤੇ ਭਾਰੀ ਗਿਣਤੀ ਵਿਚ ਸੰਤਾਂ ਮਹਾਂਪੁਰਸ਼ਾਂ ਵੱਲੋਂ ਹਾਜ਼ਰੀ ਭਰੀ ਜਾਵੇਗੀ। ਬਾਬਾ ਜੀ ਨੇ ਸਮੂਹ ਇਲਾਕੇ ਭਰ ਦੀਆਂ ਸੰਗਤਾਂ ਅੱਗੇ ਬੇਨਤੀ ਕੀਤੀ ਕਿ ਉਹ ਭਾਰੀ ਗਿਣਤੀ ਵਿਚ ਪਹੁੰਚ ਕੇ ਆਏ ਹੋਏ ਸੰਤਾਂ ਮਹਾਂਪੁਰਸ਼ਾਂ ਦੇ ਵਿਚਾਰ ਸੁਣ ਕੇ ਆਪਣਾ ਜੀਵਨ ਸਫਲ ਬਣਾਉ। ਇਸ ਮੌਕੇ ਤੇ ਗੁਰੂ ਕਾ ਲੰਗਰ ਅਤੁੱਟ ਵਰਤਾਇਆ ਜਾਵੇਗਾ। ਇਸ ਮੌਕੇ ਤੇ ਭਾਈ ਹਰਪਿੰਦਰ ਸਿੰਘ ਵੀ ਹਾਜ਼ਰ ਸਨ।





# ਵਿਸ਼ਵ ਪਸ਼ੂ ਦਿਵਸ ਸਾਲ ਵਿਚ ਇਕ ਦਿਨ ਮਨਾ ਲੈਣ ਨਾਲ ਨਹੀਂ ਰੋਜ਼ਾਨਾ ਜੀਵਨ ਦਾ ਅਨਿਖੜਵਾਂ ਅੰਗ ਬਨਾਉਣ, ਸੇਵਾ ਸੰਭਾਲ ਦੀ ਲੋੜ—ਪੀ.ਸੀ ਕੁਮਾਰ

**ਫ਼ਿਰੋਜ਼ਪੁਰ, 7 ਅਕਤੂਬਰ (ਮਨੋਹਰ ਲਾਲ) :—** ਅੱਜ ਦੇ ਯੁੱਗ ਵਿਚ ਜਿਸ ਤੇਜ਼ੀ ਨਾਲ ਅੱਜ ਹਰ ਖੇਤਰ ਵਿਚ ਤਰੱਕੀ ਹੋ ਰਹੀ ਹੈ, ਉਸੇ ਤਰ੍ਹਾਂ ਸਾਡੇ ਖਾਣ—ਪੀਣ, ਰਹਿਣ ਸਹਿਣ ਆਦਤਾਂ ਕੰਮ ਕਾਜ ਵਿਚ ਤਬਦੀਲੀ ਨਾਲ ਇਸ ਧਰਤੀ, ਅਕਾਸ਼, ਪਾਤਾਲ ਵਿਚ ਮਨੁੱਖੀ ਜੀਵਨ ਵਿਚ ਸਰੀਰਕ, ਮਾਨਸਿਕ ਸਮਾਜਿਕ ਕੁਰੀਤੀਆਂ ਬਿਮਾਰੀਆਂ ਨਾਲ ਹੀ ਇਨ੍ਹਾਂ ਜੀਵ ਜੰਤੂਆਂ ਨੂੰ ਜ਼ੋ ਜਿੰਦਾ ਰਹਿਣ, ਤੰਦਰੁਸਤੀ ਸਾਂਭ ਸੰਭਾਲ ਅਨੁਕੂਲ ਵਾਤਾਵਰਣ ਖਾਣ—ਪੀਣ ਆਦਿ ਦੀ ਬਹੁਤ ਲੋੜ ਹੈ, ਜਿਹੜਾ ਅੱਜ ਮਨੁੱਖਤਾ ਦੀ ਤਰ੍ਹਾਂ ਨਾ ਮਿਲਣ ਨਾਲ ਅਨੇਕਾਂ ਜੀਵ ਜੰਤੂ ਇਸ ਧਰਤੀ ਤੇ ਹਵਾ ਪਾਣੀ, ਧਰਤੀ ਦੇ ਹੇਠਾ ਉਪਰ ਅਕਾਸ਼ ਵਿਚ ਅਲੋਪ ਹੋ ਗਏ ਜਾਂ ਹੋਣ ਜਾ ਰਹੇ ਹਨ, ਜਿਸ ਦੀ ਸੰਭਾਲ ਮਨੁੱਖਤਾ ਦੇ ਹਿੱਸੇ ਆਈ, ਜ਼ੋ ਕੌਮਾਂ ਇਨ੍ਹਾਂ ਦੀ ਸੰਭਾਲ ਵਿਚ ਪੂਰੀ ਤਰ੍ਹਾਂ ਆਪਣੇ ਪਰਿਵਾਰਾਂ ਦੀ ਨਿਆਈ ਸੁਚੇਤ ਨਹੀਂ ਉਹ ਆਉਣ ਵਾਲੇ ਸਮੇਂ ਵਿਚ ਨਹੀਂ ਬਲਕਿ ਅੱਜ ਵੇਖਣ ਵਿਚ ਆ ਰਿਹਾ ਹੈ ਅਨੇਕਾਂ ਮੁਸੀਬਤਾਂ ਬਿਮਾਰੀਆਂ, ਪ੍ਰੇਸ਼ਾਨੀਆਂ, ਸਰੀਰ, ਮਾਨਸਿਕ, ਸਮਾਜਿਕ ਬਿਮਾਰੀਆਂ ਕੁਰੀਤੀਆਂ, ਅਰਾਜਕਤਾ, ਵਾਤਾਵਰਣ ਲਾ—ਆਰਡਰ ਭਾਵ ਹਰ ਖੇਤਰ ਵਿਚ ਸਾਡੇ ਜੀਵਨ ਵਿਚ ਇਨ੍ਹਾਂ ਦਾ ਇਕ ਅਹਿਮ ਰੋਲ ਹੈ, ਜਿਸ ਦਾ ਪ੍ਰਚਾਰ ਅੱਜ ਸਿਰਫ ਇਕ ਅਖਬਾਰੀ ਸਰਕਾਰੂ ਇਕ ਨੇਮ ਐਡਨੈਸ ਦਾ ਮਾਧਿਅਮ ਰਹਿ ਗਿਆ ਹੈ, ਜਦੋਂ ਕਿ ਕੁਦਰਤ ਦੇ ਘਰ ਵਿਚ ਸਾਡੇ ਗ੍ਰੰਥਾਂ ਮਹਾਂਪੁਰਸ਼ਾਂ, ਸਾਇੰਸਦਾਨੀ ਦੀ ਸਾਰ ਮਨੁੱਖਤਾ ਜ਼ੋ ਇਨ੍ਹਾਂ ਜੀਵ ਜੰਤੂਆਂ ਦਾ ਪਿਆਰ ਕਰਦੀ ਹੈ, ਰੱਬ ਉਨ੍ਹਾਂ ਨੂੰ ਪਿਆਰ ਕਰਦਾ ਹੈ। ਇਹ ਵਿਚਾਰ ਸ੍ਰੀ ਪੀ.ਸੀ ਕੁਮਾਰ ਪਿਛਲੇ 50 ਸਾਲਾਂ ਤੋਂ ਰੋਜ਼ਾਨਾ ਸੁਭਾ ਦੀ ਪ੍ਰਾਰਥਨਾਵਾਂ, ਸਕੂਲਾਂ ਵਿਚ ਹੀ ਨਹੀਂ ਬਲਕਿ ਹਰ ਇਕਨ ਚਾਹੇ ਉਹ ਸਾਂਦੀ ਗਮੀ, ਸਮਾਜਿਕ, ਧਾਰਮਿਕ, ਰਾਜਨੀਤਕ ਸਰਕਾਰੀ ਅਰਧ ਸਰਕਾਰੀ ਪ੍ਰਾਈਵੇਟ ਵੀ ਕਿਉਂ ਨਾ ਹੋਵੇ, ਦੇਣਾ ਹੀ ਨਹੀਂ ਬਲਕਿ ਅਪਣਾਉਣ ਜਿਵੇਂ ਦਾ ਅਨਿਖੜਵਾ ਅੰਗ ਰੋਜ਼ ਮਰਾ ਜਿੰਦਗੀ ਵਿਚ ਹੋਣਾ ਜਿਵੇਂ ਸੁਭਾ ਤੋਂ ਸ਼ਾਮ ਤੱਕ ਜਿਥੇ ਵੀ ਮੌਕਾ ਮਿਲੇ ਚੀੜੀ ਤੋਂ ਹਾਥੀ ਤੱਕ ਸ਼ੇਰ ਵੀ ਸੰਭਾਲ ਦੀ ਮੰਗ ਕਰਦਾ ਹੈ।



# ਕੱਟੜਵਾਦੀ ਆਰ.ਐਸ.ਐਸ. ਮੁਖੀ ਸ੍ਰੀ ਭਗਵਤ ਵੱਲੋਂ ਇਹ ਕਹਿਣਾ ਕਿ ਹਿੰਦੂ ਸੁਰੱਖਿਅਤ ਨਹੀ, ਹਾਸੋਹੀਣੀ ਗੱਲ : ਮਾਨ

**ਨਵੀਂ ਦਿੱਲੀ, 7 ਅਕਤੂਬਰ (ਮਨਪ੍ਰੀਤ ਸਿੰਘ ਖਾਲਸਾ):-** "ਜਿਸ ਇੰਡੀਆਂ ਮੁਲਕ ਵਿਚ ਹਿੰਦੂ ਕੌਮ ਦੀ ਵੱਸੋ ਵੱਜੋ ਵੱਡੀ ਬਹੁਗਿਣਤੀ ਹੈ । ਇਨ੍ਹਾਂ ਦੀ ਆਪਸੀ ਕੱਟੜਵਾਦੀ ਸੋਚ ਵਾਲੀ ਮੋਦੀ ਹਿੰਦੂ ਹਕੂਮਤ ਹੈ ਅਤੇ ਜਿਨ੍ਹਾਂ ਦੇ ਸਾਰੇ ਵਜੀਰ ਆਰ.ਐਸ.ਐਸ ਕੱਟੜਵਾਦੀ ਸੰਗਠਨ ਦੇ ਪੈਰੋਕਾਰ ਹਨ, ਜਿਨ੍ਹਾਂ ਦੀਆਂ ਅਦਾਲਤਾਂ ਦੇ ਵੱਡੇ-ਵੱਡੇ ਮੁੱਖ ਜੱਜ ਹਿੰਦੂ ਹਨ, ਫ਼ੌਜ, ਪੈਰਾਮਿਲਟਰੀ ਫੋਰਸਾਂ, ਪੁਲਿਸ, ਖੁਫੀਆ ਏਜੰਸੀਆ ਆਈ.ਬੀ, ਰਾਅ, ਐਨ.ਆਈ.ਏ ਦੇ ਮੁੱਖੀ ਹਿੰਦੂ ਹਨ, ਜਿਨ੍ਹਾਂ ਦਾ ਆਪਣਾ ਕਾਨੂੰਨ ਹੈ ਜਿਸ ਨੂੰ ਜਦੋ ਚਾਹੁੰਣ ਤਰੋੜ ਮਰੋੜਕੇ ਹਿੰਦੂ ਹੁਕਮਰਾਨ ਆਪਣੇ ਤੇ ਹਿੰਦੂਆਂ ਦੇ ਹਿੱਤਾ ਲਈ ਦੁਰਵਰਤੋ ਕਰਦੇ ਆ ਰਹ ਹਨ ਅਤੇ ਕਰ ਸਕਦੇ ਹਨ । ਆਈ.ਏ.ਐਸ, ਆਈ.ਪੀ.ਐਸ ਅਫਸਰਸਾਹੀ ਵਿਚ ਬਹੁਗਿਣਤੀ ਹਿੰਦੂ ਅਫਸਰਾਂ ਦੀ ਹੈ । ਫਿਰ ਇਨ੍ਹਾਂ ਨੂੰ ਇੰਡੀਆ ਮੁਲਕ ਵਿਚ ਕੀ ਖ਼ਤਰਾ ਹੈ ਅਤੇ ਇਨ੍ਹਾਂ ਨੂੰ ਆਪਣੀ ਸੁਰੱਖਿਆ ਦੀ ਕਿਹੜੀ ਚਿੰਤਾ ਹੈ ? ਇਹ ਤਾਂ ਕੇਵਲ ਤੇ ਕੇਵਲ ਇਥੇ ਵੱਸਣ ਵਾਲੀਆ ਘੱਟ ਗਿਣਤੀ ਕੌਮਾਂ, ਧਰਮਾਂ, ਕਬੀਲਿਆ ਦੇ ਵਿਧਾਨਿਕ, ਸਮਾਜਿਕ, ਧਾਰਮਿਕ, ਇਖਲਾਕੀ ਤੇ ਭੂਗੋਲਿਕ ਸਭ ਹੱਕਾਂ ਨੂੰ ਕੁੱਚਲਣ ਹਿੱਤ ਅਤੇ ਉਨ੍ਹਾਂ ਨੂੰ ਗੁਲਾਮ ਬਣਾਉਣ ਦੀ ਮੰਦਭਾਵਨਾ ਹਿੱਤ ਅਜਿਹੀਆ ਬਿਆਨਬਾਜੀਆ ਕਰਕੇ ਆਪਣੇ ਹਿੰਦੂਤਵ ਰਾਸਟਰ ਨੂੰ ਹੋਰ ਤਾਕਤਵਰ ਬਣਾਉਣ ਅਤੇ ਜਿਨ੍ਹਾਂ ਕੌਮਾਂ, ਵਰਗਾਂ ਨਾਲ ਹਰ ਖੇਤਰ ਵਿਚ ਬੇਇਨਸਾਫ਼ੀਆਂ, ਜ਼ਬਰ ਜੁਲਮ ਕਰਨ ਲਈ ਰਾਹ ਲੱਭ ਰਹੇ ਹਨ । ਜਿਸ ਨੂੰ ਕਦਾਚਿਤ ਨਾ ਤਾਂ ਕੌਮਾਂਤਰੀ ਪੱਧਰ ਦੇ ਮਨੁੱਖਤਾ ਪੱਖੀ ਕਾਨੂੰਨ ਅਤੇ ਨਾ ਹੀ ਇੰਡੀਆ ਦਾ ਵਿਧਾਨ ਇਜਾਜਤ ਦਿੰਦਾ ਹੈ ।" ਇਹ ਵਿਚਾਰ ਸ. ਸਿਮਰਨਜੀਤ ਸਿੰਘ ਮਾਨ ਪ੍ਰਧਾਨ ਸ਼੍ਰੋਮਣੀ ਅਕਾਲੀ ਦਲ (ਅੰਮ੍ਰਿਤਸਰ) ਨੇ ਇੰਡੀਆ ਦੀ ਕੱਟੜਵਾਦੀ ਸੰਗਠਨ ਆਰ.ਐਸ.ਐਸ ਦੇ ਮੁੱਖੀ ਸ੍ਰੀ ਭਗਵਤ ਵੱਲੋ ਇਹ ਕਹਿਣਾ ਕਿ ਬਹੁਗਿਣਤੀ ਹਿੰਦੂ ਵਸੋ ਵਾਲੇ ਅਤੇ ਹਰ ਤਰ੍ਹਾਂ ਦੀ ਤਾਕਤ ਦੇ ਫੋਰਸਾਂ ਦੇ ਮਾਲਕ ਅਤੇ ਹਕੂਮਤ ਉਤੇ ਕਾਬਜ ਹਿੰਦੂ ਆਗੂਆਂ ਦੇ ਬਾਵਜੂਦ ਹਿੰਦੂ ਇੰਡੀਆ ਵਿਚ ਸੁਰੱਖਿਅਤ ਨਹੀ, ਇਹ ਤਾਂ ਬਿਲਕੁਲ ਗੈਰ ਦਲੀਲ ਅਤੇ ਹਾਸੋਹੀਣੀ ਗੱਲ ਕਰਾਰ ਦਿੰਦੇ ਹੋਏ ਆਪਣੇ ਵਿਚਾਰ ਜਾਹਰ ਕਰਦੇ ਹੋਏ ਪ੍ਰਗਟ ਕੀਤੇ ।

ਉਨ੍ਹਾਂ ਕਿਹਾ ਕਿ ਹਿੰਦੂਤਵ ਹਕੂਮਤ ਕਰਨ ਵਾਲੇ ਅਤੇ ਕੱਟੜਵਾਦੀ ਹਿੰਦੂ ਜਮਾਤਾਂ ਬਿਨ੍ਹਾਂ ਵਜਹ ਹਿੰਦੂ ਸੁਰੱਖਿਅਤ ਨਾ ਹੋਣ ਦਾ ਰੌਲਾ ਪਾ ਰਹੀਆ ਹਨ । ਜਦੋਂਕਿ ਅਸੁਰੱਖਿਅਤ ਤਾਂ ਇਥੇ ਵਿਸੇਸ ਤੌਰ ਤੇ ਸਿੱਖ ਕੌਮ ਅਤੇ ਦੂਸਰੀਆ ਘੱਟ ਗਿਣਤੀ ਕੌਮਾਂ ਹਨ । ਜਿਨ੍ਹਾਂ ਨੂੰ ਹੁਕਮਰਾਨ ਇੰਡੀਆ ਵਿਚ ਵੀ ਅਤੇ ਬਾਹਰਲੇ ਮੁਲਕਾਂ ਵਿਚ ਵੀ ਨਿਸ਼ਾਨਾਂ ਬਣਾਕੇ ਆਪਣੀ ਏਜੰਸੀਆ ਰਾਹੀ ਮਾਰ ਰਹੇ ਹਨ ਅਤੇ ਉਨ੍ਹਾਂ ਵਿਚ ਦਹਿਸਤ ਪੈਦਾ ਕਰਨ ਦੀ ਅਸਫਲ ਕੋਸਿਸ ਕਰ ਰਹੇ ਹਨ । ਜਦੋਂਕਿ ਸਿੱਖ ਕੌਮ ਤਾਂ 2% ਹੁੰਦੇ ਹੋਏ ਵੀ ਹਰ ਖੇਤਰ ਵਿਚ ਮੋਹਰੀ ਹੋ ਕੇ ਕੇਵਲ ਭੂਮਿਕਾ ਹੀ ਨਹੀ ਨਿਭਾਅ ਰਹੀ ਬਲਕਿ ਆਪਣੇ ਗੁਰੂ ਸਾਹਿਬਾਨ ਦੀ ਮਨੁੱਖਤਾ ਪੱਖੀ 'ਸਰਬੱਤ ਦੇ ਭਲੇ' ਵਾਲੀ ਸੋਚ ਤੇ ਅਮਲ ਕਰਕੇ ਬਿਨ੍ਹਾਂ ਕਿਸੇ ਜਾਤ-ਪਾਤ, ਊਚ-ਨੀਚ, ਰੰਗ-ਨਸਲ, ਭੇਦ ਦੇ ਇਨਸਾਨੀਅਤ ਕਦਰਾਂ ਕੀਮਤਾਂ ਨੂੰ ਕਾਇਮ ਰੱਖਦੇ ਹੋਏ ਸਮੁੱਚੀ ਮਨੁੱਖਤਾ ਦੀ ਬਿਹਤਰੀ ਲਈ ਅਮਲ ਵੀ ਕਰਦੀ ਆ ਰਹੀ ਹੈ ਅਤੇ ਹੁਣ ਵੀ ਯਤਨਸੀਲ ਹੈ । ਉਨ੍ਹਾਂ ਨੂੰ ਇਨ੍ਹਾਂ ਗੈਰ ਸਿਧਾਤਿਕ, ਗੈਰ ਇਨਸਾਨੀ, ਗੈਰ ਕਾਨੂੰਨੀ ਹਿੰਦੂਤਵ ਹੁਕਮਰਾਨਾਂ ਤੋ ਭਾਰੀ ਖਤਰਾ ਹੈ । ਜਿਸਦੀ ਮਿਸਾਲ ਇਹ ਹੈ ਕਿ ਇਨ੍ਹਾਂ ਨੇ ਹਰਦੀਪ ਸਿੰਘ ਨਿੱਝਰ, ਰਿਪੁਦਮਨ ਸਿੰਘ ਮਲਿਕ ਅਤੇ ਸੁਖਦੂਲ ਸਿੰਘ ਕੈਨੇਡਾ, ਬਰਤਾਨੀਆ ਵਿਚ ਅਵਤਾਰ ਸਿੰਘ ਖੰਡਾ, ਪਾਕਿਸਤਾਨ ਵਿਚ ਪਰਮਜੀਤ ਸਿੰਘ ਪੰਜਵੜ ਅਤੇ ਲਖਬੀਰ ਸਿੰਘ ਰੋਡੇ, ਹਰਿਆਣਾ ਵਿਚ ਦੀਪ ਸਿੰਘ ਸਿੱਧੂ, ਪੰਜਾਬ ਵਿਚ ਸੁਭਦੀਪ ਸਿੰਘ ਸਿੱਧੂ ਮੂਸੇਵਾਲਾ ਦੇ ਕਤਲ ਕਰਵਾਏ ਗਏ ਹਨ, ਇਥੋ ਤੱਕ ਅਮਰੀਕਨ ਨਾਗਰਿਕ ਗੁਰਪਤਵੰਤ ਸਿੰਘ ਪੰਨੂ ਉਤੇ ਨਿਊਯਾਰਕ ਵਿਚ ਹਮਲਾ ਕਰਨ ਦੀ ਸਾਜਿਸ ਰਚੀ ਗਈ । ਜਿਸਦੀ ਗਵਾਈ ਅਮਰੀਕਨ ਜੋ ਬਾਈਡਨ ਹਕੂਮਤ, ਕੈਨੇਡਾ ਦੀ ਜਸਟਿਨ ਟਰੂਡੋ ਹਕੂਮਤ ਅਤੇ ਫਾਈਵ ਆਈ ਮੁਲਕ ਵੀ ਕੌਮਾਂਤਰੀ ਪੱਧਰ ਤੇ ਕਰ ਰਹੇ ਹਨ ਅਤੇ ਇਨ੍ਹਾਂ ਮੁਲਕਾਂ ਨੇ ਸਿੱਖਾਂ ਨੂੰ ਅਮਰੀਕਾ, ਕੈਨੇਡਾ ਵਿਚ ਮਾਰਨ ਦੀ ਬਦੌਲਤ ਵਾਰੰਟ ਵੀ ਜਾਰੀ ਕੀਤੇ ਹੋਏ ਹਨ ਅਤੇ ਕੌਮਾਂਤਰੀ ਅਦਾਲਤਾਂ ਵਿਚ ਇਨ੍ਹਾਂ ਸਿੱਖਾਂ ਦੇ ਹੋਏ ਕਤਲਾਂ ਦੀ ਪੈਰਵੀ ਵੀ ਕਰ ਰਹੇ ਹਨ ।



# ਪਿੰਡ ਸ਼ਕੂਰ ਵਿਚ ਹੋਈ ਸਰਬਸੰਮਤੀ—ਖੁਸ਼ਿਵੰਦਰ ਸਿੰਘ ਬਣੇ ਅਗਲੇ ਢਾਈ ਸਾਲਾਂ ਲਈ ਸਰਪੰਚ



**ਫ਼ਿਰੋਜ਼ਪੁਰ, 7 ਅਕਤੂਬਰ (ਮਨੋਹਰ ਲਾਲ) :—** ਚੋਣਾਂ ਦੇ ਚਲਦੇ ਦੌਰ ਨੂੰ ਦੇਖਦੇ ਹੋਏ ਅੱਜ ਪਿੰਡ ਸ਼ਕੂਰ ਦੇ ਸਮੂਹ ਨਗਰ ਨਿਵਾਸੀਆਂ ਵੱਲੋਂ ਇਕ ਇਕੱਤਰਤਾ ਗੁਰਦੁਆਰਾ ਸਾਹਿਬ ਵਿਖੇ ਕੀਤੀ ਗਈ, ਜਿਥੇ ਇਕੱਠੇ ਹੋਏ ਪਿੰਡ ਵਾਸੀਆਂ ਨੇ ਸਰਬਸੰਮਤੀ ਨਾਲ ਫੈਸਲਾ ਕੀਤਾ ਕਿ 15 ਸਤੰਬਰ 24 ਤੋਂ 14 ਅਪ੍ਰੈਲ 27 ਤੱਕ ਖੁਸ਼ਿਵੰਦਰ ਸਿੰਘ ਪੁੱਤਰ ਹਿੰਮਤ ਸਿੰਘ ਪਿੰਡ ਸ਼ਕੂਰ ਦੇ ਸਰਪੰਚ ਹੋਣਗੇ ਅਤੇ ਉਸ ਤੋਂ ਬਾਅਦ 17 ਅਪ੍ਰੈਲ 27 ਤੋਂ ਚੋਣਾਂ ਤੱਕ ਜਗਮੋਹਣ ਸਿੰਘ ਪੁੱਤਰਜ ਮੱਖਣ ਸਿੰਘ ਪਿੰਡ ਸ਼ਮੂਰ ਦੇ ਸਰਪੰਚ ਵਜੋਂ ਨੁਮਾਇੰਦਗੀ ਕਰਨਗੇ। ਪਿੰਡ ਵਾਸੀਆਂ ਨੇ ਦੱਸਿਆ ਕਿ ਸਰਬਸੰਮਤੀ ਤੋਂ ਪਹਿਲਾਂ ਜਗਮੋਹਣ ਸਿੰਘ ਆਪਣੇ ਕਾਗਜ਼ 7 ਅਕਤੂਬਰ ਤੱਕ ਆਪਣੇ ਕਾਗਜ ਵਾਪਸ ਲੈਣਗੇ ਅਤੇ ਢਾਈ ਸਾਲ ਖੁਸ਼ਿਵੰਦਜਰ ਸਿੰਘ ਵੱਲੋਂ ਸਰਪੰਚੀ ਕਰਨ ਬਾਅਦ ਜਗਮੋਹਣ ਸਿੰਘ ਦਾ ਪਰਿਵਾਰ ਸਰਪੰਚੀ ਕਰੇਗਾ, ਜਦੋਂ ਕਿ ਕਿਸੇ ਦੂਸਰੇ ਆਦਮੀ ਨੂੰ ਇਹ ਨੁਮਾਇੰਗੀ ਨਹੀਂ ਦਿੱਤੀ ਜਾਵੇਗੀ, ਜੇਕਰ ਪਿੰਡ ਵਿਚ ਖੁਸ਼ਿਵੰਦਰ ਸਿੰਘ ਤੇ ਜਗਮੋਹਣ ਸਿੰਘ ਤੋਂ ਇਲਾਵਾ ਕੋਈ ਤੀਜੀ ਧਿਰ ਦਾ ਨੁਮਾਇੰਦਾ ਹੋਇਆ ਤਾਂ ਉਸ ਦਾ ਸਾਥ ਨਹੀਂ ਦਿੱਤਾ ਜਾਵੇਗਾ ਤੇ ਸਾਰੇ ਖੁਸ਼ਿਵੰਦਰ ਸਿੰਘ ਨੂੰ ਹਮਾਇਤ ਕਰਨਗੇ ਅਤੇ ਪਿੰਡ ਦੇ ਸਾਰੇ ਹੀ ਮੈਂਬਰ ਦੋਨੋਂ ਹੀ ਨੁਮਾਇੰਦਿਆਂ ਦੀ ਹਮਾਇਤ ਕਰਨਗੇ। ਇਹ ਫੈਸਲਾ ਅੱਜ ਸਰਬਸੰਮਤੀ ਨਾਲ ਹੋਇਆ ਹੈ, ਜਿਸ ਤੇ ਕਿਸੇ ਦਾ ਕੋਈ ਇਤਰਾਜ ਨਹੀਂ ਹੈ ਅਤੇ ਇਸ ਨਿਰਣੇ ਨੂੰ ਹੀ ਫਾਈਨਲ ਮੰਨਿਆ ਜਾਵੇਗਾ।

ਆਵਾਜ਼ਿ ਕੌਮ AWAZE QAUM International Newspaper & WEB TV
ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ
ਆਵਾਜ਼ਿ ਕੌਮ
ਵਿੱਚ ਵਿਸ਼ਵ ਪੱਧਰ 'ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :
+447458381111 +447976210161 +919729091243

ਹਠੂਰ ਤੋਂ ਸਰਪੰਚੀ ਦੀ ਚੋਣ ਲਈ ਉਮੀਦਵਾਰ ਦਵਿੰਦਰ ਸਿੰਘ ਬੱਬੀ ਗਰੇਵਾਲ ਦੀ ਚੋਣ ਮੁਹਿੰਮ ਨੂੰ ਭਰਵਾਂ ਹੁੰਗਾਰਾ

# ਨਗਰ ਨੂੰ ਖੂਬਸੂਰਤ ਬਣਾਉਣਾ ਹੀ ਮੇਰਾ ਡਰੀਮ : ਗਰੇਵਾਲ





**ਹਠੂਰ/ਜਗਰਾਉਂ, (ਵਰਿਆਮ ਹਠੂਰ)**-ਇਤਿਹਾਸਕ ਕਸਬਾ ਹਠੂਰ ਤੋਂ ਸਰਪੰਚੀ ਦੀ ਚੋਣ ਲਈ ਉਮੀਦਵਾਰ ਦਵਿੰਦਰ ਸਿੰਘ ਬੱਬੀ ਗਰੇਵਾਲ ਜ਼ੋ ਪੜ੍ਹੇ ਲਿਖੇ ਲਿਖੇ, ਤਜਰਬੇਕਾਰ, ਅਤੇ ਮਿਲਾਪੜੇ ਸੁਭਾਅ ਦੇ ਮਾਲਕ ਹਨ। ਜਿੰਨ੍ਹਾਂ ਨੂੰ ਨਗਰ ਦੇ ਵੱਡੀ ਗਿਣਤੀ ਵਿੱਚ ਲੋਕਾਂ ਦਾ ਬੇਹੱਦ ਪਿਆਰ ਵੇਖਣ ਨੂੰ ਮਿਲ ਰਿਹਾ ਹੈ। ਤੇ ਉਨ੍ਹਾਂ ਦੀ ਚੋਣ ਮੁਹਿੰਮ ਨੂੰ ਵੀ ਭਰਵਾਂ ਹੁੰਗਾਰਾ ਮਿਲਣ ਦੀ ਚਰਚਾ ਬਣੀ ਹੋਈ ਹੈ। ਉਮੀਦਵਾਰ ਦਵਿੰਦਰ ਸਿੰਘ ਬੱਬੀ ਗਰੇਵਾਲ ਲੋਕਾਂ ਨਾਲ ਰਾਬਤਾ ਕਾਇਮ ਕਰਕੇ ਨਗਰ ਨਿਵਾਸੀਆਂ ਤੋਂ ਨਗਰ ਦੀਆਂ ਵਧੀਆਂ ਢੰਗ ਨਾਲ ਸੇਵਾਵਾਂ ਕਰਨ ਲਈ ਮੌਕਾ ਮੰਗ ਰਹੇ ਹਨ। ਪ੍ਰੈੱਸ ਨਾਲ ਗੱਲਬਾਤ ਕਰਦਿਆਂ ਉਮੀਦਵਾਰ ਦਵਿੰਦਰ ਸਿੰਘ ਬੱਬੀ ਗਰੇਵਾਲ ਨੇ ਕਿਹਾ ਕਿ ਸਾਡਾ ਨਗਰ ਜ਼ਿਲ੍ਹਾ ਲੁਧਿਆਣਾ ਦਾ ਆਖਰੀ ਪਿੰਡ ਹੈ। ਤੇ ਹਠੂਰ ਪਿੰਡ ਵੱਡੀ ਪੱਧਰ ਤੇ ਵਿਕਾਸ ਕਾਰਜਾਂ ਦੀ ਮੰਗ ਕਰਦਾ ਹੈ। ਮੇਰਾ ਮਕਸਦ ਕੋਈ ਸਰਪੰਚੀ ਕਰਨਾ ਨਹੀਂ ਸਗੋਂ ਸੇਵਾਦਾਰ ਬਣ ਕੇ ਨਗਰ ਨੂੰ ਖ਼ੂਬਸੂਰਤ ਬਣਾਉਣਾ ਹੀ ਮੇਰਾ ਡਰੀਮ ਹੈ। ਜਿਸ ਦੇ ਲਈ ਸਮੂਹ ਨਗਰ ਨਿਵਾਸੀਆਂ ਦਾ ਸਾਥ ਹੋਣਾ ਲਾਜ਼ਮੀ ਹੈ। ਸਭ ਤੋਂ ਪਹਿਲਾਂ ਜ਼ੋ ਇਤਿਹਾਸਕ ਗੁਰਦੁਆਰਾ ਪਾਤਸ਼ਾਹੀ ਛੇਵੀਂ ਦੇ ਨਾਲ ਲੱਗਦਾ ਛੱਪੜ ਹੈ। ਉਸ ਦੀ ਰੂਪ ਰੇਖਾ ਬਦਲਣ ਲਈ ਅਤੇ ਨਵੀਂ ਦਿੱਖ ਦੇਣ ਲਈ ਸੰਤ ਬਲਵੀਰ ਸਿੰਘ ਜੀ ਸੀਚੇਵਾਲ ਮਾਡਲ ਜਾਂ ਕੋਈ ਹੋਰ ਵਧੀਆ ਮਾਡਲ ਦੀ ਤਰਜ਼ ਤੇ ਕੰਮ ਕਰਾਂਗੇ, ਜਿਸ ਲਈ ਕਿਸੇ ਗਰਾਂਟ ਨੂੰ ਨਹੀਂ ਉਡੀਕਾਂਗੇ ਤੇ ਆਪਣੇ ਤੌਰ ਤੇ ਕੰਮ ਸ਼ੁਰੂ ਕਰਾਂਗੇ, ਸਰਕਾਰਾਂ ਦੁਆਰਾ ਦਿੱਤੀਆਂ ਗਈਆਂ ਗਰਾਂਟਾ ਦੀ ਸਹੀ ਢੰਗ ਨਾਲ ਵਰਤੋਂ ਕਰਾਂਗੇ, ਤੇ ਪਿੰਡ ਵਿੱਚ ਭਾਈਚਾਰਕ ਸਾਂਝ ਨੂੰ ਕਾਇਮ ਰੱਖਾਂਗੇ, ਤੇ ਉਮੀਦਵਾਰ ਦਵਿੰਦਰ ਸਿੰਘ ਬੱਬੀ ਗਰੇਵਾਲ ਨੇ ਕਿਹਾ ਕਿ ਨਗਰ ਨੂੰ ਖ਼ੂਬਸੂਰਤ ਬਣਾਉਣ ਲਈ ਵੱਡੀ ਪਲਾਇੰਨਗ ਕੀਤੀ ਗਈ ਹੈ। ਜੇ ਸੂਝਵਾਨ ਨਗਰ ਨਿਵਾਸੀਆਂ ਨੇ ਸੇਵਾ ਦਾ ਮੌਕਾ ਬਖਸ਼ਿਆ ਤੇ ਨਗਰ ਦੀ ਨੁਹਾਰ ਬਦਲਣ ਵਿੱਚ ਕਿਸੇ ਕਿਸਮ ਦੀ ਕੋਈ ਕਮੀਂ ਨਹੀਂ ਰਹਿਣ ਦਿਆਂਗੇ, ਤੇ ਲੋਕਾਂ ਦੀ ਕੀਮਤੀ ਵੋਟ ਦਾ ਮੁੱਲ ਵੱਡੀ ਪੱਧਰ ਤੇ ਵਿਕਾਸ਼ ਕਾਰਜਾਂ ਰਾਹੀਂ ਮੋੜਾਂਗੇ, ਨਗਰ ਦੇ ਸਤਿਕਾਰਯੋਗ ਵੋਟਰ ਫ਼ਕਰ ਕਰਨਗੇ ਕਿ ਕਿਸੇ ਮਿਹਨਤੀ ਉਮੀਦਵਾਰ ਨੂੰ ਸਹੀ ਵੋਟ ਦੀ ਸੀ।

ਹਠੂਰ ਤੋਂ ਸਰਪੰਚੀ ਦੀ ਚੋਣ ਲਈ ਉਮੀਦਵਾਰ ਜਸਕਮਲਪ੍ਰੀਤ ਸਿੰਘ ਨਿੱਪਾ ਨੇ ਆਪਣਾ ਚੋਣ ਪ੍ਰਚਾਰ ਕੀਤਾ ਤੇਜ਼

# ਐੱਨ ਆਰ ਆਈ ਵੀਰਾਂ ਅਤੇ ਨਗਰ ਨਿਵਾਸੀਆਂ ਦੀ ਫੁੱਲ ਸਪੋਟ : ਨਿੱਪਾ ਹਠੂਰ



**ਹਠੂਰ/ਜਗਰਾਉਂ, (ਵਰਿਆਮ ਹਠੂਰ)**-ਜ਼ਿਲ੍ਹਾ ਲੁਧਿਆਣਾ ਦੇ ਆਖ਼ਰੀ ਪਿੰਡ ਹਠੂਰ ਤੋਂ ਸਰਪੰਚੀ ਦੀ ਚੋਣ ਲੜ ਰਹੇ ਮਿਹਨਤੀ ਅਤੇ ਹਰ ਇੱਕ ਨਾਲ ਅੱਛਾ ਰਸੂਖ਼ ਰੱਖਣ ਵਾਲੇ ਖ਼ੁਸ਼ ਦਿਲ ਇਨਸਾਨ ਉਮੀਦਵਾਰ ਜਸਕਮਲਪ੍ਰੀਤ ਸਿੰਘ ਨਿੱਪਾ ਹਠੂਰ ਜੋ ਅਜ਼ਾਦ ਸਪੋਰਟਸ ਕਲੱਬ ਦੇ ਆਗੂ ਵੀ ਹਨ। ਜੋ ਨੌਜਵਾਨਾਂ ਨੂੰ ਖੇਡਾਂ ਨਾਲ ਜੋੜਨ ਲਈ ਲਗਾਤਾਰ ਪਿਛਲੇ ਕਈ ਸਾਲਾਂ ਤੋਂ ਨਗਰ ਨਿਵਾਸੀਆਂ ਅਤੇ ਐੱਨ ਆਰ ਆਈ ਵੀਰਾਂ ਦੇ ਸਹਿਯੋਗ ਸਦਕਾ ਹਾਕੀ, ਫੁੱਟਬਾਲ, ਬਾਲੀਵਾਲ ਆਦਿ ਦਾ ਸਲਾਨਾ ਟੂਰਨਾਮੈਂਟ ਕਰਵਾਉਂਦੇ ਆ ਰਹੇ ਹਨ। ਤੇ ਸਮੇਂ ਸਮੇਂ ਤੇ ਲੋੜਵੰਦਾਂ ਦੀ ਸਹਾਇਤਾ ਲਈ ਵੀ ਮੋਢੇ ਨਾਲ ਮੋਢਾ ਲਾ ਕੇ ਮਦਦ ਕਰਨ ਲਈ ਵੀ ਚਰਚਾ ਵਿੱਚ ਰਹਿੰਦੇ ਹਨ। ਉਮੀਦਵਾਰ ਜਸਕਮਲਪ੍ਰੀਤ ਸਿੰਘ ਨਿੱਪਾ ਹਠੂਰ ਨੇ ਸ਼੍ਰੀ ਗੁਰੂ ਗ੍ਰੰਥ ਸਾਹਿਬ ਜੀ ਦਾ ਓਟ ਆਸਰਾ ਲੈ ਕੇ ਬਹੁ ਗਿਣਤੀ ਖਿਡਾਰੀਆਂ ਅਤੇ ਬਹੁ ਗਿਣਤੀ ਨਗਰ ਦੇ ਲੋਕਾਂ ਦੇ ਅਸ਼ੀਰਵਾਦ ਸਦਕਾ ਚੋਣ ਮੈਦਾਨ ਵਿੱਚ ਡਟੇ ਹੋਏ ਹਨ। ਤੇ ਉਨ੍ਹਾਂ ਵੱਲੋਂ ਡੋਰ ਟੂ ਡੋਰ ਜਾ ਕੇ ਨਗਰ ਨਿਵਾਸੀਆਂ ਨਾਲ ਮਿਲਣੀ ਕੀਤੀ ਜਾ ਰਹੀ ਹੈ। ਗੱਲਬਾਤ ਕਰਦਿਆਂ ਉਮੀਦਵਾਰ ਜਸਕਮਲਪ੍ਰੀਤ ਸਿੰਘ ਨਿੱਪਾ ਹਠੂਰ ਨੇ ਕਿਹਾ ਕਿ ਨਗਰ ਨਿਵਾਸੀ, ਐੱਨ ਆਰ ਆਈ ਵੀਰਾਂ, ਅਤੇ ਖਿਡਾਰੀਆਂ, ਦੀ ਉਨ੍ਹਾਂ ਨੂੰ ਫੁੱਲ ਸਪੋਟ ਹੈ। ਜਿਸ ਆਸ ਤੇ ਵਿਸ਼ਵਾਸ ਨਾਲ ਨਗਰ ਦੇ ਭੈਣਾਂ ਭਰਾਵਾਂ ਨੇ ਉਨ੍ਹਾਂ ਨੂੰ ਚੋਣ ਮੈਦਾਨ ਵਿੱਚ ਉਤਾਰਿਆ ਹੈ। ਤੇ ਵਾਹਿਗੁਰੂ ਦੀ ਕਿਰਪਾ ਨਾਲ ਜੇ ਨਗਰ ਦੀ ਸੇਵਾ ਕਰਨ ਦਾ ਮੌਕਾ ਮਿਲਿਆ ਤਾਂ ਮੈਂ ਨਗਰ ਨਿਵਾਸੀਆਂ ਦੀ ਸੋਚ ਤੇ ਖਰਾ ਉੱਤਰਾਂਗਾ ਤੇ ਨਗਰ ਦੇ ਵਿਕਾਸ, ਨਗਰ ਦੀ ਤਰੱਕੀ ਅਤੇ ਖ਼ੁਸ਼ਹਾਲੀ ਲਈ ਆਪਣਾ ਬਣਦਾ ਅਹਿਮ ਰੋਲ ਅਦਾ ਕਰਾਂਗਾ, ਅੰਤ ਵਿੱਚ ਉਨ੍ਹਾਂ ਕਿਹਾ ਕਿ ਉਨ੍ਹਾਂ ਨੂੰ ਚੋਣ ਨਿਸ਼ਾਨ ਟਰੈਕਟਰ ਮਿਲਿਆ ਹੈ। ਤੇ ਮੈਨੂੰ ਪੂਰੀ ਉਮੀਦ ਹੈ ਕਿ ਨਗਰ ਦੇ ਲੋਕ ਮੈਨੂੰ ਸੇਵਾ ਕਰਨ ਦਾ ਮੌਕਾ ਜ਼ਰੂਰ ਦੇਣਗੇ, ਉਮੀਦਵਾਰ ਜਸਕਮਲਪ੍ਰੀਤ ਸਿੰਘ ਨਿੱਪਾ ਹਠੂਰ ਨੂੰ ਨਗਰ ਵਿੱਚ ਵੱਖ ਵੱਖ ਥਾਵਾਂ ਤੇ ਹਾਰ ਪਾ ਕੇ ਸਨਮਾਨਿਤ ਕੀਤਾ, ਤੇ ਕਈ ਥਾਵਾਂ ਤੇ ਬਜ਼ੁਰਗਾਂ ਨੇ ਅਸ਼ੀਰਵਾਦ ਵੀ ਦਿੱਤਾ।



# ਸਫ਼ਾਈ ਸੇਵਕਾਂ ਨੇ ਘੜੇ ਭੰਨ ਕੇ ਰੋਸ ਪ੍ਰਗਟ ਕੀਤਾ

ਧੂਰੀ ( ਰਣਜੀਤ ਸਿੰਘ ਪੇਧਨੀ )ਅੱਜ ਸਫ਼ਾਈ ਮਜਦੂਰ ਯੂਨੀਅਨ ਧੂਰੀ ਵੱਲੋਂ ਪ੍ਰਧਾਨ ਮਨੋਜ ਰਾਣੀ ਦੀ ਅਗਵਾਈ ਹੇਠ ਸਫ਼ਾਈ ਮਜਦੂਰ ਯੂਨੀਅਨ ਪੰਜਾਬ ਦੇ ਸੱਦੇ ਤੇ ਆਪਣੀਆਂ ਮੰਗਾਂ ਨੂੰ ਲੈ ਕੇ ਪੰਜਾਬ ਸਰਕਾਰ ਖਿਲਾਫ਼ ਘੜੇ ਭੰਨ ਕੇ ਗੇਟ ਰੈਲੀ ਕਰਦਿਆਂ ਰੋਸ ਮੁਜਾਹਰਾ ਕੀਤਾ। ਇਸ ਮੌਕੇ ਸੰਜੇ ਕੁਮਾਰ ਸੈਕਟਰੀ, ਅਸ਼ੋਕ ਕੁਮਾਰ ਖਜਾਨਚੀ, ਰਮੇਸ਼ ਕੁਮਾਰ ਨੇ ਸੰਬੋਧਨ ਕਰਦਿਆਂ ਮੰਗ ਕੀਤੀ ਕਿ ਆਊਟ ਸੋਰਸ ਅਤੇ ਕੱਚੇ ਮੁਲਾਜ਼ਮਾਂ ਦੀਆਂ ਸਮੱਸਿਆਵਾਂ ਅਤੇ ਰੈਗੂਲਰ ਕਰਨ, ਕੱਚੇ ਮੁਲਾਜਮਾ ਨੂੰ ਪੱਕੇ ਕਰਬਨ, ਪੁਰਾਣੀ ਪੈਨਸ਼ਨ ਬਹਲਾ ਕਰਨ, ਪੇ ਕਮਿਸ਼ਨ ਦਾ ਬਕਾਇਆ ਜਾਰੀ ਕਰਨ, ਕੰਟਰੈਕਟ ਡਰਾਈਵਰਾਂ ਨੂੰ ਪੱਕੇ ਕਰਨ ਦੀ ਮੰਗ ਕਰਦਿਆਂ ਮੰਗ ਪੱਤਰ ਵਿੱਚ ਦਰਜ਼ 30 ਨੁਕਤਿਆਂ ਨੂੰ ਪ੍ਰਵਾਨ ਕਰਨ ਦੀ ਮੰਗ ਕੀਤੀ। ਇਸ ਮੌਕੇ ਅਮਿਤ ਕੁਮਾਰ ਮੀਤ ਪ੍ਰਧਾਨ, ਬਲਰਾਜ ਬਿੱਟੂ ਸਮੇਤ ਹੋਰ ਵੀ ਹਾਜਰ ਸਨ।



# ਪੰਜਾਬ ਸਰਕਾਰ ਪੈਨਸ਼ਨਰਾਂ ਨਾਲ ਕਰ ਰਹੀ ਹੈ ਮਾੜਾ ਸਲੂਕ



ਫ਼ਿਰੋਜ਼ਪੁਰ, 7 ਅਕਤੂਬਰ (ਮਨੋਹਰ ਲਾਲ) :— ਪੰਜਾਬ ਪੈਨਸ਼ਨਰਜ਼ ਯੂਨੀਅਨ ਦੀ ਮਹੀਨਾਵਰ ਮੀਟਿੰਗ ਪ੍ਰਧਾਨ ਬਲਵੰਤ ਸਿੰਘ ਸੰਧੂ ਅਤੇ ਜਨਰਲ ਸਕੱਤਰ ਗੁਰਤੇਜ਼ ਸਿੰਘ ਬਰਾੜ ਦੀ ਪ੍ਰਧਾਨਗੀ ਹੇਠ ਕਾਮਰੇਡ ਜਰਨੈਲ ਸਿੰਘ ਭਵਨ ਵਿਚ ਹੋਈ। ਮੀਟਿੰਗ ਦੌਰਾਨ ਸਰਕਾਰ ਦੇ ਖਿਲਾਫ ਜੰਮ ਕੇ ਨਾਅਰੇਬਾਜੀ ਕੀਤੀ ਗਈ ਅਤੇ ਮੀਟਿੰਗ ਦੌਰਾਨ ਬੋਲਦਿਆਂ ਪੈਨਸ਼ਨ ਆਗੂਆਂ ਓਮ ਪ੍ਰਕਾਸ਼, ਮਲਕੀਤ ਚੰਦ ਪਾਸੀ, ਰਾਜਪਾਲ ਬੇਰੀ, ਕੁਲਦੀਪ ਸਿੰਘ ਖੁੰਘਰ, ਸੁਰਜੀਤ ਸਿੰਘ, ਹਰਨਾਮ ਸਿੰਘ ਅਤੇ ਦੀਵਾਨ ਚੰਦ ਸੁਖੀਜਾ ਨੇ ਕਿਹਾ ਕਿ ਇਹ ਸਰਕਾਰ ਝੂਝੇ ਲਾਰਿਆਂ ਦੀ ਪੰਡ ਸਾਬਤ ਹੋਈ ਹੈ। ਮੁਲਾਜ਼ਮ ਪੈਨਸ਼ਨਰ ਸਾਂਝਾ ਫਰੰਟ ਨੂੰ 8 ਵਾਰ ਮੀਟਿੰਗ ਦਾ ਸਮਾਂ ਦੇ ਕੇ ਮੀਟਿੰਗ ਨਹੀਂ ਕੀਤੀ ਚੋਣਾਂ ਤੋਂ ਪਹਿਲਾਂ ਕੀਤੇ ਵਾਇਦੇ ਪੂਰੇ ਨਹੀਂ ਕੀਤੇ, ਪੈਨਸ਼ਨਰਾਂ ਵਿਚ ਸਰਕਾਰ ਪ੍ਰਤੀ ਭਾਰੀ ਗੁੱਸਾ ਹੈ, ਕੋਰਟਾਂ ਦੇ ਫੈਸਲੇ ਲਾਗੂ ਕਰੇ ਸਰਕਾਰ। ਉਨ੍ਹਾਂ ਕਿਹਾ ਕਿ 1—1—16 ਤੋਂ 119ਪ੍ਰਤੀਸ਼ਤ ਡੀ.ਏ ਨਾਲ ਪੇ ਫਿਕਸ ਕਰਕੇ ਬਕਾਇਆ ਦਿੱਤਾ ਜਾਵੇ, ਕੇਂਦਰ ਸਰਕਾਰ ਦੀ ਤਰਜ਼ ਤੇ 12ਫੀਸਦੀ ਡੀ.ਏ ਦੇ ਕੇ 38 ਫੀਸਦੀ ਤੋਂ 50 ਫੀਸਦੀ ਕੀਤਾ ਜਾਵੇ, ਡੀ.ਏ ਦਾ ਬਕਾਇਆ ਦਿੱਤਾ ਜਾਵੇ, ਮੈਡੀਕਲ ਭੱਤਾ 2000 ਰੁਪਏ ਕੀਤਾ ਜਾਵੇ। ਉਨ੍ਹਾਂ ਕਿਹਾ ਕਿ ਜੇਕਰ ਸਰਕਾਰ ਨੇ ਪੈਨਸ਼ਨਰਾਂ ਦੀਆਂ ਮੰਗਾਂ ਦਾ ਹੱਲ ਨਾ ਕੀਤਾ ਤਾਂ ਆਉਣ ਵਾਲੇ ਸਮੇਂ ਵਿਚ ਇਸ ਦਾ ਖਮਿਆਜ਼ਾ ਭੁਗਤਣਾ ਪਵੇਗਾ। ਇਸ ਮੌਕੇ ਚੰਨਣ ਸਿੰਘ, ਵਿਜੈ ਕੁਮਾਰ, ਜ਼ਸਵੰਤ ਸੈਣੀ, ਪ੍ਰੀਤਮ ਸਿੰਘ, ਬਲਕਾਰ ਸਿੰਘ, ਗੁਰਚਰਨ ਸਿੰਘ, ਪ੍ਰਵੀਨ ਕੁਮਾਰ ਅਤੇ ਪਵਨ ਕੁਮਾਰ ਹਾਜ਼ਰ ਸਨ।

# ਈਕੋ ਕਲੱਬ ਇੰਚਾਰਜ ਅਧਿਆਪਕਾਂ ਨੂੰ ਗ੍ਰੀਨ ਸਕੂਲ ਆਡਿਟ ਸਬੰਧੀ ਦਿੱਤੀ ਸਿਖਲਾਈ






ਫ਼ਿਰੋਜ਼ਪੁਰ, 7 ਅਕਤੂਬਰ (ਮਨੋਹਰ ਲਾਲ) :— ਪੰਜਾਬ ਸਟੇਟ ਕੌਂਸਲ ਫਾਰ ਸਾਇੰਸ ਐਂਡ ਟੈਕਨਾਲੋਜੀ, ਪੰਜਾਬ ਰਾਜ ਵਿਦਿਅਕ ਖੋਜ਼ ਅਤੇ ਸਿਖਲਾਈ ਸੰਸਥਾ, ਪੰਜਾਬ ਰਾਜ ਕੌਂਸਲ ਫਾਰ ਸਾਇੰਸ ਐਂਡ ਇਨਵਾਇਰਮੈਂਟ ਅਤੇ ਪੰਜਾਬ ਸਕੂਲ ਸਿੱਖਿਆ ਵਿਭਾਗ ਦੇ ਸਾਂਝੇ ਉਪਰਾਲੇ ਸਦਕਾ ਜ਼ਿਲ੍ਹਾ ਸਿਖਿਆ ਅਫਸਰ ਮੁਨਿਲਾ ਅਰੋੜਾ ਉਪ ਜ਼ਿਲਾ ਸਿੱਖਿਆ ਅਫਸਰ ਡਾ: ਸਤਿੰਦਰ ਸਿੰਘ, ਜ਼ਿਲਾ ਕੋ—ਆਰਡੀਨੇਟਰ ਉਮੇਸ਼ ਕੁਮਾਰ ਦੀ ਅਗਵਾਈ ਵਿਚ ਰਾਜਸਥਾਨ ਦੇ ਅਨਿਲ ਅਗਰਵਾਲ ਇਨਵਾਇਰਮੈਂਟ ਟ੍ਰੇਨਿੰਗ ਇੰਸਟੀਚਿਊਟ ਤੋਂ ਸਿੱਖਿਅਤ ਜ਼ਿਲਾ ਫਿਰੋਜਪੁਰ ਦੇ ਟਰੇਨਰਜ਼ ਜਿਲਾ ਰਿਸੋਰਸ ਕੋਆਰਡੀਨੇਟਰ ਸੁਮਿਤ ਗਲਹੋਤਰਾ ਅਤੇ ਗੁਰਮੀਤ ਸਿੰਘ ਦੁਆਰਾ ਸਮੂਹ ਜ਼ਿਲੇ ਦੇ ਪ੍ਰਾਇਮਰੀ, ਮਿਡਲ, ਹਾਈ, ਸੈਕੰਡਰੀ, ਏਡਿਡ ਅਤੇ ਪ੍ਰਾਈਵੇਟ ਸਕੂਲਾਂ ਦੇ ਇੱਕੋ ਕਲੱਬ ਇੰਚਾਰਜ ਅਧਿਆਪਕਾਂ ਨੂੰ ਗਰੀਨ ਸਕੂਲ ਆਡਿਟ ਸਬੰਧੀ ਟ੍ਰੇਨਿੰਗ ਦਿੱਤੀ ਗਈ। ਇਸ ਸਬੰਧੀ ਓਰੀਐਂਟੇਸ਼ਨ ਵਰਕਸ਼ਾਪ ਐਮ.ਐਲ.ਐਮ ਸਕੂਲ ਵਿਖੇ ਕਰਵਾਈ ਗਈ ਅਤੇ ਇਸ ਵਰਕਸ਼ਾਪ ਦੌਰਾਨ ਜ਼ਿਲੇ ਦੇ ਸਮੂਹ ਸਕੂਲਾਂ ਅਤੇ 250 ਅਧਿਆਪਕਾ ਜਿਨ੍ਹਾਂ ਵਿਚ 230 ਸਰਕਾਰੀ ਸਕੂਲਾਂ ਦੇ ਅਧਿਆਪਕਾਂ, 15 ਪ੍ਰਾਈਵੇਟ ਸਕੂਲਾਂ ਦੇ ਅਧਿਆਪਕਾਂ ਅਤੇ 5 ਏਡਿਡ ਸਕੂਲਾਂ ਦੇ ਅਧਿਆਪਕਾਂ ਨੇ ਭਾਗ ਲਿਆ। ਇਸ ਵਰਕਸ਼ਾਪ ਦੌਰਾਨ ਵਿਸ਼ੇਸ਼ ਤੌਰ ਤੇ ਅਬੋਹਰ ਤੋਂ ਡਾ: ਰਾਕੇਸ਼ ਸਹਿਗਲ ਨੇ ਪਹੁੰਚ ਕੇ ਅਧਿਆਪਕਾ ਨੂੰ ਵਾਤਾਵਰਣ ਨਾਲ ਜੁੜਨ ਦਾ ਸੁਨੇਹਾ ਦਿੱਤਾ ਅਤੇ ਜ਼ਿਲਾ ਸਿੱਖਿਆ ਦਫਤਰ (ਸੈ.) ਮੁਨਿਲਾ ਅਰੋੜਾ ਨੇ ਅੱਜ ਤੋਂ ਹੀ ਹਰ ਅਧਿਆਪਕ ਨੂੰ ਇੱਕ ਲੀਟਰ ਪਾਣੀ ਬਚਾਉਣ ਦਾ ਪ੍ਰਣ ਲੈਣ ਲਈ ਪ੍ਰੇਰਿਤ ਕੀਤਾ, ਉਨ੍ਹਾਂ ਵਿਦਿਆਰਥੀਆਂ ਦੇ ਮਾਪਿਆ ਨੂੰ ਪਰਾਲੀ ਨਾ ਜਲ਼ਾਉਣ ਲਈ ਵੀ ਜਾਗਰੂਕ ਕਰਣ ਲਈ ਕਿਹਾ। ਪਿਛਲੇ ਸਾਲ ਦੇ ਵਾਤਾਵਰਣ ਸੰਬੰਧੀ ਆਡਿਟ ਵਿੱਚ ਜੇਤੂ ਰਹੇ ਸਕੂਲਾਂ ਨੂੰ ਸਨਮਾਨਿਤ ਕੀਤਾ ਗਿਆ। ਇਸ ਤੋਂ ਇਲਾਵਾ ਕੋ—ਆਰਡੀਨੇਟਰ ਕਮਲ ਸ਼ਰਮਾ, ਸਚਿਨ ਨਾਰੰਗ, ਲਵਦੀਪ ਸਿੰਘ, ਸਟੈਨੋ ਸੁਖਚੈਨ ਸਿੰਘ, ਬੀ.ਆਰ.ਸੀ ਅਮਿਤ ਆਨੰਦ, ਹਰਜਿੰਦਰ ਸਿੰਘ, ਗੁਰਦਿੱਤਾ ਮਲਹੋਤਰਾ, ਨਰੇਸ਼ ਕੁਮਾਰ, ਮਨਜੀਤ ਸਿੰਘ, ਗੁਰਪ੍ਰੀਤ ਸਿੰਘ ਭੁੱਲਰ, ਕਮਲ ਵਧ ਆਦਿ ਹਾਜ਼ਰ ਸਨ।

ਆਵਾਜ਼ਿ ਕੌਮ AWAZE QAUM International Newspaper & WEB TV
ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ
ਆਵਾਜ਼ਿ ਕੌਮ
ਵਿੱਚ ਵਿਸ਼ਵ ਪੱਧਰ 'ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :
+447458381111 +447976210161 +919729091243

### ਲਵਸ਼ਿੰਦਰ ਸਿੰਘ ਡੱਲੇਵਾਲ ਦੁਆਰਾ ਲਿਖੀ ਪੁਸਤਕ "ਸੰਘਰਸ਼ ਦਾ ਦੌਰ" ਨੇ


# ਸਮੇਂ ਦੀ ਧੁੰਦ ਵਿੱਚ ਬਿਤਾਏ ਗਏ ਦਿਨਾਂ ਦੀ ਮੇਰੀ ਯਾਦ ਨੂੰ ਤਾਜ਼ਾ ਕੀਤਾ-ਬਲਜੀਤ ਸਿੰਘ ਘੁੰਮਣ


ਸ਼ਹੀਦ ਮੇਜਰ ਬਲਦੇਵ ਸਿੰਘ ਘੁੰਮਣ




**ਅੰਮ੍ਰਿਤਸਰ, 7 ਅਕਤੂਬਰ (ਆਵਾਜ਼ਿ ਕੌਮ ਬਿਊਰੋ)**-ਇਹ ਕਿਤਾਬ ਸੰਘਰਸ਼ ਦਾ ਦੌਰ ਪੰਜਾਬੀ ਭਾਸ਼ਾ ਵਿੱਚ ਲਿਖੀ ਪੁਸਤਕ 303 ਪੰਨਿਆਂ ਦੀ ਹੈ। ਜਿਸਨੂੰ ਲਵਸ਼ਿੰਦਰ ਸਿੰਘ ਡੱਲੇਵਾਲ ਵੱਲੋਂ ਲਿਖਿਆ ਅਤੇ ਰਸ਼ਿਪੰਦਰ ਕੌਰ ਗਿੱਲ ਵੱਲੋਂ ਐਡਿਟ ਅਤੇ ਪ੍ਰਕਾਸ਼ਤ ਕੀਤਾ ਗਿਆ।ਇਹ ਕਿਤਾਬ ਪੜ੍ਹਨ ਤੋਂ ਬਾਅਦ, ਮਨ ਵਿੱਚ ਸਭ ਤੋਂ ਪਹਿਲਾਂ ਜੋ ਵਿਚਾਰ ਆਉਂਦਾ ਹੈ ਓਹ ਸਾਰਥਕ ਅਤੇ ਸਰਲ ਸ਼ਬਦਾਬਲੀ ਦੀ ਵਰਤੋਂ ਕੀਤੀ ਗਈ ਹੈ। ਨਾ ਹੀ ਸ਼ਬਦਾਂ ਵਿੱਚ ਕੋਈ ਹੇਰ ਫੇਰ ਜਾਂ ਗੋਲ-ਮੋਲ ਗੱਲ ਕੀਤੀ ਗਈ ਹੈ। ਸਗੋਂ ਕੁੱਝ ਵੀ ਛੁਪਾਉਣ ਦੀ ਬਜਾਏ ਦੋਸ਼ੀਆਂ ਦੀ ਸਾਫ ਅਤੇ ਸਪੱਸ਼ਟ ਨਿਸ਼ਾਨਦੇਹੀ ਕੀਤੀ ਗਈ ਹੈ। ਇਹ ਪੁਸਤਕ ਸੰਘਰਸ਼ ਦੇ 1980 ਤੋਂ 1990 ਦੇ ਦਹਾਕੇ ਦੀਆਂ ਯਾਦਾਂ ਅਤੇ ਨਿੱਜੀ ਤਜ਼ਰਬਿਆਂ ਵਿੱਚ ਲਿਖੀ ਗਈ ਹੈ।

" ਸੰਘਰਸ਼ ਦਾ ਦੌਰ ," ਭਾਈ ਲਵਸ਼ਿੰਦਰ ਸਿੰਘ ਡੱਲੇਵਾਲ ,ਅਤੇ ਬੀਬੀ ਰਸ਼ਪਿੰਦਰ ਕੌਰ ਗਿੱਲ



ਕਿਤਾਬ ਇੱਕ ਸਧਾਰਨ ਗੱਲਬਾਤ ਅਤੇ ਭਾਸ਼ਾ ਵਿੱਚ ਠੋਸ ਦਸਤਾਵੇਜ਼ ਹੈ ।ਹਾਲ ਹੀ ਵਿੱਚ 1980 ਦੇ ਦਹਾਕੇ ਦੌਰਾਨ ਪੰਜਾਬ ਅਤੇ ਸਿੱਖ ਧਰਮ 'ਤੇ ਆਧਾਰਿਤ ਕੌਮੀਅਤ ਵਾਲੇ ਆਜ਼ਾਦ ਦੇਸ਼ ਲਈ ਸਿੱਖ ਸੰਘਰਸ਼ 'ਤੇ ਕੇਂਦਰਿਤ ਬਹੁਤ ਸਾਰੀਆਂ ਕਿਤਾਬਾਂ ਲਿਖੀਆਂ ਗਈਆਂ ਹਨ। ਇਹਨਾਂ ਕਿਤਾਬਾਂ ਵਿੱਚ ਲੇਖਕਾਂ ਦੇ ਰਾਜਨੀਤਿਕ ਵਿਚਾਰਾਂ ਦੇ ਆਲੇ ਦੁਆਲੇ ਨਿੱਜੀ ਤਜ਼ਰਬਿਆਂ ਦਾ ਵਰਣਨ ਅਤੇ ਦਲੀਲਾਂ ਦਾ ਨਿਰਮਾਣ ਹੁੰਦਾ ਹੈ। ਸੰਘਰਸ਼ ਦਾ ਦੌਰ ਕਿਤਾਬ "ਪੁਲਿਸ ਕੈਟ" ਦੇ ਵਰਤਾਰੇ ਬਾਰੇ ਕੀਮਤੀ ਜਾਣਕਾਰੀ ਸਾਂਝੀ ਕਰਦੀ ਹੈ ਅਤੇ 1980 ਅਤੇ 1990 ਦੇ ਸਿੱਖ ਕਤਲੇਆਮ ਦੌਰਾਨ ਪੰਜਾਬ ਪੁਲਿਸ ਦੇ ਸਾਬਕਾ ਡੀ.ਜੀ.ਪੀ ਐਸ.ਐਸ. ਵਿਰਕ ਅਤੇ ਮਰਹੂਮ ਐਸ.ਐਸ. ਪੀ ਸਵਰਨ ਘੋਟਨੇ ਵਲੋਂ ਸਿੱਖ ਨੌਜਵਾਨਾਂ ਦੀ ਨਸਲਕੁਸ਼ੀ ਦੇ ਅਪਰਾਧਾਂ ਤੋਂ ਇਲਾਵਾ ਬਹੁਤ ਸਾਰੀਆਂ ਪੁਲਿਸ ਦੀਆਂ ਕਾਲੀਆਂ ਬਿੱਲੀਆਂ ਦੁਆਰਾ ਮਨੁੱਖਤਾ ਵਿਰੁੱਧ ਅਪਰਾਧਾਂ ਵੱਲ ਸਪੱਸ਼ਟ ਤੌਰ 'ਤੇ ਉਂਗਲ ਉਠਾਉਂਦੀ ਹੈ। ਇਹ ਕਿਤਾਬ ਸਾਬਕਾ ਸੰਸਦ ਮੈਂਬਰ ਸਿਮਰਨਜੀਤ ਸਿੰਘ ਮਾਨ ਸਮੇਤ ਕੁਝ ਮੋਹਰੀ ਸਿੱਖ ਆਗੂਆਂ ਦੀਆਂ ਮਨਮਾਨੀਆਂ ਕਾਰਵਾਈਆਂ ਨੂੰ ਉਜਾਗਰ ਕਰਦੀ ਹੈ। ਮੇਰਾ ਮੰਨਣਾ ਹੈ ਕਿ ਇਹ ਇੱਕ ਅਜਿਹੀ ਇੱਕੋ ਇੱਕ ਕਿਤਾਬ ਹੈ, ਜਿਹੜੀ ਸਿੱਧੇ ਤੌਰ 'ਤੇ ਸਥਿਤੀ ਨੂੰ ਚੁਣੌਤੀ ਦਿੰਦੀ ਹੈ ਅਤੇ ਪੰਥਕ ਕਮੇਟੀ ਦੇ ਮਰਹੂਮ ਡਾ: ਸੋਹਣ ਸਿੰਘ ਦੀ ਭੂਮਿਕਾ ਅਤੇ ਅਗਵਾਈ 'ਤੇ ਸਵਾਲੀਆ ਨਿਸ਼ਾਨ ਖੜ੍ਹਾ ਕਰਦੀ ਹੈ। ਜ਼ਰੂਰੀ ਨਹੀਂ ਕਿ ਅਸੀਂ ਸਾਰੇ ਲੇਖਕਾਂ ਦੇ ਵਿਚਾਰਾਂ ਨਾਲ ਸਹਿਮਤ ਹੋਵਾਂ, ਪਰ ਕਮਰੇ ਵਿਚਲਾ ਹਾਥੀ ਬਾਹਰ ਹੈ ਭਾਵ ਇਹ ਮੁੱਦਾ ਹੁਣ ਖੁੱਲ੍ਹੀ ਗੱਲਬਾਤ ਲਈ ਬਾਹਰ ਹੈ ।ਹੁਣ ਸਮਾਂ ਆ ਗਿਆ ਹੈ ਕਿ ਸਿੱਖ ਬੁੱਧੀਜੀਵੀ, ਅਕਾਦਮਿਕ ਅਤੇ ਰਾਜਨੀਤਿਕ ਵਿਗਿਆਨੀ ਕਿਤਾਬ ਵਿਚ ਦਰਜ ਨੁਕਤਿਆਂ 'ਤੇ ਵਿਚਾਰ ਕਰਨ ਅਤੇ ਇਸ ਦਾ ਹੱਲ ਕਰਨ। ਇਸੇ ਤਰ੍ਹਾਂ ਲੇਖਕ ਨੇ ਲਹਿਰ ਦੌਰਾਨ ਮਰਹੂਮ ਸਰਬਜੀਤ ਸਿੰਘ ਰੋਪੜ ਦੀ ਭੂਮਿਕਾ ਬਾਰੇ ਇੱਕ ਹਵਾਲਾ ਸਾਂਝਾ ਕੀਤਾ।

ਮੌਜੂਦਾ ਸਮੇਂ ਵਿਚ ਇਤਿਹਾਸਕ ਘਟਨਾਵਾਂ ਕਾਰਨ ਸਿੱਖ "ਕੈਂਪਾਂ" ਵਿਚ ਧਰੁਵੀਕਰਨ ਹੋ ਰਿਹਾ ਹੈ ਅਤੇ ਹਰੇਕ ਡੇਰੇ ਨੇ ਤੱਥਾਂ ਦੇ ਅਧਾਰ 'ਤੇ ਉਸਾਰੂ ਵਿਚਾਰ ਵਟਾਂਦਰੇ ਵਿਚ ਸ਼ਾਮਲ ਹੋਣ ਅਤੇ ਗੱਲਬਾਤ ਨੂੰ ਇਕ ਢਾਂਚਾਗਤ ਸਿੱਖ ਮੰਚ 'ਤੇ ਲਿਜਾਣ ਦੀ ਬਜਾਏ ਵੰਡੀਆਂ ਪਾ ਦਿੱਤੀਆਂ ਹਨ। ਤੱਥਾਂ ਦੇ ਗਿਆਨ ਵਾਲੇ ਅਤੇ ਸਾਰਥਕ ਅਤੇ ਆਦਰਪੂਰਵਕ ਚਰਚਾ ਕਰਨ ਦੀ ਯੋਗਤਾ ਵਾਲੇ ਵਿਅਕਤੀਆਂ ਨੂੰ ਇਸ ਬਾਬਤ ਗੱਲਬਾਤ ਦੀ ਅਗਵਾਈ ਕਰਨੀ ਚਾਹੀਦੀ ਹੈ। ਕਿਤਾਬ ਵਿੱਚ ਸਾਕਾ ਨਕੋਦਰ ਦਾ ਜ਼ਿਕਰ ਕੀਤਾ ਗਿਆ ਹੈ ਪਰ ਹੋਰ ਵੇਰਵਿਆਂ ਨਾਲ ਬਿਆਨ ਕੀਤਾ ਜਾ ਸਕਦਾ ਹੈ। ਇਸੇ ਤਰ੍ਹਾਂ ਪੰਜਾਬ ਦੇ ਸਾਬਕਾ ਸਿੱਖਿਆ ਮੰਤਰੀ ਮਰਹੂਮ ਸੁਖਜਿੰਦਰ ਖਹਿਰਾ ਦੀ ਸਾਕਾ ਨਕੋਦਰ ਅਤੇ 1980 ਦੇ ਦਹਾਕੇ ਦੌਰਾਨ ਨਕਾਰਾਤਮਕ ਭੂਮਿਕਾ ਨੂੰ ਹੋਰ ਵੇਰਵਿਆਂ ਨਾਲ ਵਿਸਤਾਰ ਕੀਤਾ ਜਾ ਸਕਦਾ ਹੈ, ਪਰ ਫਿਰ ਵੀ ਪੁਸਤਕ ਦਾ ਫਾਰਮੈਟ ਇੱਕ ਸੰਖੇਪ ਜਾਣਕਾਰੀ ਭਰਪੂਰ ਵਰਣਨ ਸ਼ੈਲੀ ਵਿੱਚ ਪੇਸ਼ ਕੀਤਾ ਗਿਆ ਹੈ। ਮੈਨੂੰ ਪੰਨਾ 98 'ਤੇ ਇਕ ਅਧਿਆਇ ਦਿਲਚਸਪ ਲੱਗਿਆ ਕਿਉਂਕਿ ਇਹ ਚਾਰ ਕਿਸਮਾਂ ਦੇ ਲੋਕਾਂ ਦੀ ਚਰਚਾ ਕਰਦਾ ਹੈ ਜੋ ਸ਼ਹੀਦਾਂ ਦੇ ਵਾਰਸ ਹੋਣ ਦਾ ਦਾਅਵਾ ਕਰਦੇ ਹਨ, ਜਿਹਨਾਂ ਵਿੱਚੋਂ ਇੱਕ ਕਿਸਮ ਨਾਲ ਮੈਂ ਸਬੰਧਤ ਹਾਂ।

ਆਵਾਜ਼ਿ ਕੌਮ AWAZE QAUM International Newspaper & WEB TV

ਲੇਖਕ ਨੇ ਆਪਣੇ ਸਾਥੀ ਦੋਸਤਾਂ ਦੀਆਂ ਕਿਤਾਬਾਂ ਵਿੱਚ ਬਹੁਤ ਸਾਰੀਆਂ ਉਦਾਹਰਣਾਂ ਸਾਂਝੀਆਂ ਕੀਤੀਆਂ ਹਨ ਜੋ ਸਟੇਟ ਦੁਆਰਾ ਜਾਰੀ ਸਿੱਖ ਵਿਰੋਧੀ ਹਿੰਸਾ ਦਾ ਸ਼ਿਕਾਰ ਹੋਏ ਸਨ। ਯਾਦ ਦਿਵਾਉਣ ਲਈ, ਕਿਤਾਬ ਲੇਖਕ ਦੇ ਨਿੱਜੀ ਅਨੁਭਵਾਂ ਅਤੇ ਵਿਚਾਰਾਂ ਦਾ ਦਸਤਾਵੇਜ਼ ਹੈ। ਮੇਰੇ ਲਈ ਇਹ ਕਿਤਾਬ ਪੜ੍ਹਨ ਯੋਗ ਸੀ ਅਤੇ ਇਸ ਨੇ ਮੇਰੇ ਗਿਆਨ ਵਿੱਚ ਵਾਧਾ ਕੀਤਾ ਹੈ ਅਤੇ ਸਮੇਂ ਦੀ ਧੁੰਦ ਵਿੱਚ ਬਿਤਾਏ ਗਏ ਦਿਨਾਂ ਦੀ ਮੇਰੀ ਯਾਦ ਨੂੰ ਤਾਜ਼ਾ ਕੀਤਾ।

**ਗੁਰੂ ਪੰਥ ਦਾ ਦਾਸ- ਬਲਜੀਤ ਸਿੰਘ ਘੁੰਮਣ ਸਪੁੱਤਰ**
**ਅਮਰ ਸ਼ਹੀਦ ਮੇਜਰ ਬਲਦੇਵ ਸਿੰਘ ਘੁੰਮਣ**

# ਨੈਸ਼ਨਲ ਡੇਂਗੂ ਕੰਟਰੋਲ ਪ੍ਰੋਗਰਾਮ ਤਹਿਤ ਜ਼ਿਲ੍ਹਾ ਟਾਸਕ ਫੋਰਸ ਦੀ ਬੁਲਾਈ ਮੀਟਿੰਗ

**ਚੌਕ ਮਹਿਤਾ, 7 ਅਕਤੂਬਰ (ਬਾਬਾ ਸੁਖਵੰਤ ਸਿੰਘ ਚੰਨਣਕੇ)**-ਜ਼ਿਲ੍ਹਾ ਕੰਪਲੈਕਸ ਅੰਮ੍ਰਿਤਸਰ ਵਿਖੇ ਵੈਸ਼ਨਲ ਡੇਂਗੂ ਕੰਟਰੋਲ ਪ੍ਰੋਗਰਾਮ ਤਹਿਤ ਦੇ ਸਬੰਧ ਵਿੱਚ ਜ਼ਿਲ੍ਹਾ ਟਾਸਕ ਫੌਰਸ ਦੀ ਮੀਟਿੰਗ ਬੁਲਾਈ ਗਈ, ਜਿਸ ਦੀ ਪ੍ਰਧਾਨਗੀ ਵਧੀਕ ਡਿਪਟੀ ਕਮਿਸ਼ਨਰ ਸ੍ਰੀਮਤੀ ਜੋਤੀ ਬਾਲਾ ਜੀ ਵੱਲੋ ਕੀਤੀ ਗਈ।ਇਸ ਅਵਸਰ ਤੇ ਸਿਵਲ ਸਰਜਨ ਡਾ ਕਿਰਨਦੀਪ ਕੌਰ ਜੀ ਦੀ ਅਗਵਾਈ ਹੇਠਾਂ ਸਿਹਤ ਵਿਭਾਗ, ਨਗਰ ਨਿਗਮ ਅੰਮ੍ਰਿਤਸਰ, ਲੋਕਲ ਬਾਡੀ ਵਿਭਾਗ, ਪੰਜਾਬ ਰੋਡਵੇਜ, ਸਿੱਖਿਆ ਵਿਭਾਗ, ਵਾਟਰ ਸਪਲਾਈ ਤੇ ਸੈਨੀਟੇਸ਼ਨ ਵਿਭਾਗ, ਮੈਡੀਕਲ ਕਾਲਜ (ਸਰਕਾਰੀ ਅਤੇ ਪ੍ਰਈਵੇਟ),ਆਈ.ਐਮ.ਏ.,ਮੱਛੀ ਪਾਲਣ ਵਿਭਾਗ, ਫੂਡ ਸਪਲਾਈ ਵਿਭਾਗ, ਪੇਂਡੂ ਵਿਕਾਸ ਤੇ ਪੰਚਾਇਤ ਵਿਭਾਗ, ਪਸ਼ੂ ਪਾਲਣ ਵਿਭਾਗ, ਪੰਜਾਬ ਮੰਡੀ ਬੋਰਡ, ਸਮਾਜਿਕ ਸੁਰੱਖਿਆ ਤੇ ਇਸਤਰੀ ਵਿਕਾਸ ਵਿਭਾਗ ਅਤੇ ਖੇਤੀਬਾੜੀ ਵਿਭਾਗ ਦੇ ਨੁਮਾਂਇਦਿਆਂ ਨੇ ਸ਼ਮੂਲਿਅਤ ਕੀਤੀ। ਵਧੀਕ ਡਿਪਟੀ ਕਮਿਸ਼ਨਰ ਸ੍ਰੀਮਤੀ ਜੋਤੀ ਬਾਲਾ ਨੇ ਇਸ ਮੋਕੇ ਸਾਰੇ ਵਿਭਾਗਾਂ ਨੂੰ ਅਪੀਲ ਕੀਤੀ ਕਿ ਉਹ ਆਉਣ ਵਾਲੇ ਡੇਂਗੂ ਸੀਜ਼ਨ ਨੂੰ ਮੱਖ ਰੱਖਦਿਆ ਜਾਗਰੂਕਤਾ ਗਤੀਵਿਧੀਆਂ ਅਰੰਭ ਕਰ ਦੇਣ ਅਤੇ ਸਿਹਤ ਵਿਭਾਗ ਨੂੰ ਸਹਿਯੋਗ ਕਰਨ। ਸਿਵਲ ਸਰਜਨ ਡਾ ਕਿਰਨਦੀਪ ਕੌਰ ਨੇ ਡੇਂਗੂ ਅਤੇ ਚਿਕਨਗੁਨੀਆਂ ਦੀ ਬੀਮਾਰੀਆਂ ਬਾਰੇ ਬਹੁਤ ਵਿਸਥਾਰ ਢੰਗ ਨਾਲ ਦੱਸਿਆ ਅਤੇ ਕਿਹਾ ਕਿ ਡੇਂਗੂ ਤੋ ਬੱਚਣ ਲਈ ਸਭ ਤੋ ਜਿਆਦਾ ਜਰੂਰੀ ਹੈ ਕਿ ਮੱਛਰ ਦੀ ਪੈਦਾਵਾਰ ਨੂੰ ਹੀ ਰੋਕਿਆ ਜਾਵੇ ਅਤੇ ਕਿਸੇ ਵੀ ਜਗ੍ਹਾ ਤੇ ਪਾਣੀ ਇਕੱਠਾ ਨਾਂ ਹੋਣ ਦਿੱਤਾ ਜਾਵੇ, ਇਸ ਲਈ ਇਹ ਜਰੂਰੀ ਹੈ ਕਿ ਸਾਰੇ ਵਿਭਾਗ ਮਿਲ ਕੇ ਆਪਣੇ-ਆਪਣੇ ਅਧਿਕਾਰ ਖੇਤਰ ਅੰਦਰ ਡੇਂਗੂ ਬਾਰੇ ਸਰਕਾਰੀ ਗਾਈਡ-ਲਾਈਨਾਂ ਦੀ ਪਾਲਣਾਂ ਯਕੀਨੀ ਬਣਾਓਣ ਅਤੇ ਡੇਂਗੂ ਸੰਬਧੀ ਵੱਧ ਤੋਂ ਵੱਧ ਜਾਗਰੂਕਤਾ ਫੈਲਾਓਣ। ਜ਼ਿਲ੍ਹਾ ਐਪੀਡਿਮੋਲੋਜਿਸਟ ਡਾ ਹਰਜੋਤ ਕੌਰ ਨੇ ਇਸ ਮੌਕੇ ਤੇ ਵੱਖ-ਵੱਖ ਵਿਭਾਗਾਂ ਭੂਮਿਕਾ ਅਤੇ ਜਿੰਮੇਵਾਰੀਆਂ ਬੜੇ ਵਿਸਥਾਰ ਨਾਲ ਦੱਸਿਆ। ਇਸ ਅਵਸਰ ਤੇ ਸਮੂਹ ਪ੍ਰੋਗਰਾਮ ਅਫਸਰ, ਸਮੂਹ ਸੀਨੀਅਰ ਮੈਡੀਕਲ ਅਫਸਰ, ਏ.ਐਮ.ਓ. ਰਾਮ ਮਹਿਤਾ, ਐਸ.ਆਈ. ਗੁਰਦੇਵ ਸਿੰਘ, ਸੁਖਦੇਵ ਸਿੰਘ, ਹਰਕੰਮਲ ਸਿੰਘ ਸਮੇਤ ਵੱਖ-ਵੱਖ ਵਿਭਾਗਾਂ ਦੇ ਨੁਮਾਇਦੇ ਮੋਜੂਦ ਸਨ।




ਆਵਾਜ਼ਿ ਕੌਮ AWAZE QAUM International Newspaper & WEB TV

# ਜ਼ਸਵਿੰਦਰ ਸਿੰਘ ਕਾਲਾ ਆਪਣੇ ਪਰਿਵਾਰ ਸਮੇਤ ਬਰਮਿੰਘਮ ਯੂ.ਕੇ ਤੋਂ ਜਥੇਦਾਰ ਬਾਬਾ ਬਲਬੀਰ ਸਿੰਘ ਮੁਖੀ ਬਾਬਾ ਬੁੱਢਾ ਦਲ ਨਿਹੰਗ ਸਿੰਘ 96 ਕਰੋੜੀ ਦੇ ਦਰਸ਼ਨਾਂ ਲਈ ਪਹੁੰਚੇ



**ਫ਼ਿਰੋਜ਼ਪੁਰ, 7 ਅਕਤੂਬਰ (ਮਨੋਹਰ ਲਾਲ)** :— ਜ਼ਸਵਿੰਦਰ ਸਿੰਘ ਕਾਲਾ ਆਪਣੇ ਪਰਿਵਾਰ ਸਮੇਤ ਬਰਮਿੰਘਮ ਯੂ.ਕੇ ਤੋਂ ਜਥੇਦਾਰ ਬਾਬਾ ਬਲਬੀਰ ਸਿੰਘ ਮੁਖੀ ਬਾਬਾ ਬੁੱਢਾ ਦਲ ਨਿਹੰਗ ਸਿੰਘ 96 ਕਰੋੜੀ ਦੇ ਦਰਸ਼ਨਾਂ ਲਈ ਪਹੁੰਚੇ। ਇਸ ਮੌਕੇ ਤੇ ਜਥੇਦਾਰ ਬਾਬਾ ਬਲਬੀਰ ਸਿੰਘ ਮੁਖੀ, ਬਾਬਾ ਬੁੱਢਾ ਦਲ ਨਿਹੰਗ ਸਿੰਘ 97 ਕਰੋੜੀ ਨੇ ਜ਼ਸਵਿੰਦਰ ਸਿੰਘ ਕਾਲਾ ਨੂੰ ਜੀ ਆਇਆ ਆਖਿਆ ਅਤੇ ਜ਼ਸਵਿੰਦਰ ਸਿੰਘ ਕਾਲਾ ਜ਼ੋ ਕਿ ਬਰਮਿੰਘਮ ਯੂ.ਕੇ ਵਿਖੇ ਹਰ ਸਾਲ ਧਾਰਮਿਕ ਸਮਾਗਮ ਕਰਵਾਉਂਦੇ ਹਨ, ਜਿਵੇਂ ਧੰਨ—ਧੰਨ ਬਾਬਾ ਨੰਦ ਸਿੰਘ ਜੀ ਦੇ ਬਰਸੀ ਜ਼ੋ ਕਿ 7—8 ਦਿਨ ਵੱਡਾ ਸਮਾਗਮ ਕਰਵਾਉਂਦੇ ਹਨ ਅਤੇ ਇਹ ਮਹਾਨ ਸਮਾਗਮ ਬਾਬੇ ਕੇ ਫਾਰਮ ਵਿਖੇ ਮਨਾਉਂਦੇ ਹਨ, ਜਿਸ ਵਿਚ ਦੇਸ਼—ਵਿਦੇਸ਼ ਤੋਂ ਸੰਤ ਮਹਾਂ ਪੁਰਸ਼ ਹਰ ਸਾਲ ਆਉਂਦੇ ਹਨ ਅਤੇ ਦਾਸ ਨੂੰ ਵੀ ਸਦਾ ਪੱਤਰ ਭੇਜਿਆ ਜਾਂਦਾ ਹੈ। ਇਸ ਤੋਂ ਇਲਾਵਾ ਨਵੰਬਰ ਵਿਚ ਬਾਬਾ ਨਾਹਰ ਸਿੰਘ ਜੀ ਦੀ ਯਾਦ ਮਨਾਉਂਦੇ ਹਨ। ਇਸ ਮੌਕੇ ਤੇ ਵੀ ਸੰਤਾਂ ਮਹਾਂਪੁਰਸ਼ਾਂ ਨੂੰ ਬੁਲਾਇਆ ਜਾਂਦਾ ਹੈ। ਇਹ ਸਭ ਜ਼ਸਵਿੰਦਰ ਸਿੰਘ ਕਾਲਾ, ਮਨਜੀਤ ਸਿੰਘ ਭੋਗਲ ਐਡਵੋਕੇਟ ਦੀ ਜਿੰਨੀ ਵੀ ਪ੍ਰਸੰਸਾ ਕੀਤੀ ਜਾਵੇ ਥੋੜੀ ਹੈ, ਜ਼ੋ ਕਿ ਯੂ.ਕੇ ਦੀ ਧਰਤੀ ਤੇ ਸਾਡੇ ਮਹਾਂਪੁਰਸ਼ਾਂ ਨੂੰ ਯਾਦ ਕੀਤਾ ਜਾਂਦਾ ਹੈ। ਇਸ ਮੌਕੇ ਤੇ ਇਨ੍ਹਾਂ ਨਾਲ ਬਲਬੀਰ ਸਿੰਘ ਐਡਵੋਕੇਟ, ਸਰਬਜੀਤ ਸਿੰਘ ਡੀ.ਪੀ ਨਿਝਰ, ਦਰਸ਼ਨ ਸਿੰਘ ਲੋਹੀਆ, ਸਿਮਰਨ ਪਾਲ ਸਿੰਘ ਧੰਜਲ ਵੀ ਹਾਜ਼ਰ ਸਨ। ਇਸ ਮੌਕੇ ਤੇ ਜਥੇਦਾਰ ਬਾਬਾ ਬਲਬੀਰ ਸਿੰਘ ਮੁਖੀ ਬਾਬਾ ਬੁਢਾ ਦਲ ਨਿਹੰਗ ਸਿੰਘ 97 ਕਰੋੜੀ ਨੇ ਜ਼ਸਵਿੰਦਰ ਸਿੰਘ ਕਾਲਾ ਅਤੇ ਉਨ੍ਹਾਂ ਨਾਲ ਗਏ ਸਮੂਹ ਮੈਂਬਰਾਂ ਨੂੰ ਸਨਮਾਨਿਤ ਕੀਤਾ।

ਆਵਾਜ਼ਿ ਕੌਮ AWAZE QAUM International Newspaper & WEB TV

# ਦਸ਼ਮੇਸ਼ ਹੈਰੀਟੇਜ਼ ਸਕੂਲ ਦੇ ਵਿਦਿਆਰਥੀਆਂ ਦਾ ਭਾਸ਼ਣ ਪ੍ਰਤੀਯੋਗਤਾ ਵਿੱਚ ਸ਼ਾਨਦਾਰ ਪ੍ਰਦਰਸ਼ਨ




**ਚੌਕ ਮਹਿਤਾ, 7 ਅਕਤੂਬਰ ( ਬਾਬਾ ਸੁਖਵੰਤ ਸਿੰਘ ਚੰਨਣਕੇ)** -ਬੇਰਿੰਗ ਸਕੂਲ ਬਟਾਲਾ ਵਿਖੇ ਬਟਾਲੇ ਦੇ ਇਰਦ-ਗਿਰਦ ਦੇ ਤਕਰੀਬਨ ਡੇਢ ਦਰਜ਼ਨ ਆਈ.ਸੀ.ਐੱਸ.ਈ ਮਾਨਤਾ ਪ੍ਰਾਪਤ ਸਕੂਲ ਜੋ ਬਟਾਲਾ ਜੋਨ ਨਾਲ ਸਬੰਧ ਰੱਖਦੇ ਹਨ, ਦਾ ਇੰਟਰ ਸਕੂਲ ਐਕਸਟੈਮਪੋਰ ਕੰਪੀਟੀਸ਼ਨ ਆਯੋਜਤ ਕੀਤਾ ਗਿਆ।ਜਿਸ ਵਿੱਚ ਦਸ਼ਮੇਸ਼ ਹੈਰੀਟੇਜ਼ ਪਬਲਿਕ ਸਕੂਲ ਦੇ ਵਿਦਿਆਰਥੀਆਂ ਨੇ ਉਚੇਚੇ ਤੌਰ 'ਤੇ ਭਾਗ ਲਿਆ।ਇਸ ਸਕੂਲ ਦੇ ਨੌਂਵੀ ਜਮਾਤ ਦੇ ਵਿਦਿਆਰਥੀ ਮਨਰਾਜ ਸਿੰਘ ਨੇ ਜੂਨੀਅਰ ਕੈਟੇਗਰੀ ਵਿੱਚ ਅਤੇ ਸਬ-ਜੂਨੀਅਰ ਕੈਟੇਗਰੀ ਵਿੱਚ ਗੁਰਲੀਨ ਕੌਰ ਨੇ ਭਾਗ ਲਿਆ। ਵਿਦਿਆਰਥੀ ਮਨਰਾਜ ਸਿੰਘ ਨੇ ਸਮੂਹ ਸਕੂਲਾਂ 'ਚੋਂ ਤੀਸਰੀ ਪੁਜੀਸ਼ਨ ਹਾਸਿਲ ਕਰਕੇ ਮਾਰਕਾ ਮਾਰਿਆ ਅਤੇ ਬੇਰਿੰਗ ਸਕੂਲ ਦੇ ਪ੍ਰਿੰਸੀਪਲ ਸ਼੍ਰੀ ਅਭਿਸ਼ੇਕ ਮਿੱਤਲ ਵੱਲੋਂ ਜੇਤੂ ਬੱਚਿਆਂ ਨੂੰ ਸਨਮਾਨਿਤ ਕੀਤਾ ਗਿਆ।ਸਕੂਲ ਦੇ ਚੇਅਰਮੈਨ ਪ੍ਰਿੰਸੀਪਲ ਗੁਰਦੀਪ ਸਿੰਘ ਰੰਧਾਵਾ ਨੇ ਬੱਚਿਆਂ ਨੂੰ ਅਸ਼ੀਰਵਾਦ ਦਿੱਤੀ। ਜਦੋਂ ਕਿ ਡਾਇਰੈਕਟਰ ਮੈਡਮ ਹਰਪ੍ਰੀਤ ਕੌਰ ਅਤੇ ਪ੍ਰਿੰਸੀਪਲ ਮੈਡਮ ਸੰਦੀਪ ਕੌਰ ਨੇ ਭਾਗਸ਼ੀਲ ਵਿਦਿਆਰਥੀ ਅਤੇ ਸਕੂਲ ਦੇ ਬਾਕੀ ਬੱਚਿਆਂ ਨੂੰ ਇਸੇ ਤਰ੍ਹਾਂ ਮਿਹਨਤ ਕਰਨ ਦੀ ਪ੍ਰੇਰਨਾ ਦਿੱਤੀ। ਮੈਡਮ ਪਲਵਿੰਦਰ ਕੌਰ ਅਤੇ ਮੈਡਮ ਹਰਦੀਪ ਕੌਰ ਦੇ ਉੱਚੇਚੇ ਯਤਨਾਂ ਸਦਕਾ ਅਜਿਹਾ ਹੋ ਸਕਿਆ।ਕੋਆਰਡੀਨੇਟਰ ਮੈਡਮ ਰਵਨੀਤ ਕੌਰ ਨੇ ਕਿਹਾ ਕਿ ਸਕੂਲ ਹਰ ਕੰਪੀਟੀਸ਼ਨ ਵਿੱਚ ਭਾਗ ਲੈ ਰਿਹਾ ਅਤੇ ਅੱਗੇ ਵੀ ਸਕੂਲ ਆਉਣ ਵਾਲੀਆਂ ਗਤੀਵਿਧੀਆਂ ਵਿੱਚ ਭਾਗ ਲੈ ਕੇ ਸਕੂਲ ਦਾ ਨਾਮ ਰੌਸ਼ਨ ਕਰਨ ਲਈ ਯਤਨਸ਼ੀਲ ਰਹੇਗਾ।

ਆਵਾਜ਼ਿ ਕੌਮ AWAZE QAUM International Newspaper & WEB TV

ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ
ਆਵਾਜ਼ਿ ਕੌਮ
ਵਿੱਚ ਵਿਸ਼ਵ ਪੱਧਰ 'ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :
+447458381111 +447976210161 +919729091243

### ਮਾਤਾ ਦਲਜੀਤ ਕੌਰ ਕੰਗ ਨੂੰ ਵੱਡੀ ਗਿਣਤੀ ਵਿੱਚ

# ਆਗੂਆਂ ਵੱਲੋਂ ਭਰਪੂਰ ਸ਼ਰਧਾਂਜ਼ਲੀਆਂ



**ਚੌਕ ਮਹਿਤਾ, 7 ਅਕਤੂਬਰ (ਬਾਬਾ ਸੁਖਵੰਤ ਸਿੰਘ ਚੰਨਣਕੇ)**-ਫੀਲਡ ਪੱਤਰਕਾਰ ਐਸੋਸੀਏਸ਼ਨ ਸਬ ਡਵੀਜਨ ਬਾਬਾ ਬਕਾਲਾ ਸਾਹਿਬ ਦੇ ਸਰਪ੍ਰਸਤ ਹਰਜੀਪ੍ਰੀਤ ਸਿੰਘ ਕੰਗ, ਪੱਤਰਕਾਰ ਸ਼ਰਨਬੀਰ ਸਿੰਘ ਕੰਗ ਅਤੇ ਮੁਲਾਜ਼ਮ ਆਗੂ ਪ੍ਰਭਜੀਤ ਸਿੰਘ ਕੰਗ ਦੇ ਸਤਿਕਾਰਤ ਮਾਤਾ ਦਲਜੀਤ ਕੌਰ ਕੰਗ, ਜੋ ਕਿ ਪਿਛਲੇ ਦਿਨੀ ਅਕਾਲ ਚਲਾਣਾ ਕਰ ਗਏ ਸਨ, ਨਮਿਤ ਰੱਖੇ ਗਏ ਸ੍ਰੀ ਅਖੰਡ ਪਾਠ ਸਾਹਿਬ ਦਾ ਭੋਗ ਉਨ੍ਹਾਂ ਦੇ ਗ੍ਰਹਿ ਰਈਆ ਵਿਖੇ ਪਾਇਆ ਗਿਆ, ਉਪਰੰਤ ਵੱਡਾ ਗੁਰਦੁਆਰਾ ਸਾਹਿਬ ਵਿਖੇ ਗੁਰਬਾਣੀ ਦਾ ਕੀਰਤਨ ਉਪਰੰਤ ਸ਼ਰਧਾਂਜ਼ਲੀ ਸਮਾਗਮ ਹੋਇਆ। ਇਸ ਮੌਕੇ ਫੀਲਡ ਪੱਤਰਕਾਰ ਐਸੋਸੀਏਸ਼ਨ ਸਬ ਡਵੀਜਨ ਬਾਬਾ ਬਕਾਲਾ ਸਾਹਿਬ ਵੱਲੋਂ ਪ੍ਰਧਾਨ ਸ਼ੈਲਿੰਦਰਜੀਤ ਸਿੰਘ ਰਾਜਨ ਸਮੇਤ ਸਮੁੱਚੇ ਭਾਈਚਾਰੇ ਨੇ ਹਰਜੀਪ੍ਰੀਤ ਸਿੰਘ ਕੰਗ, ਸ਼ਰਨਬੀਰ ਸਿੰਘ ਕੰਗ ਅਤੇ ਪ੍ਰਭਜੀਤ ਸਿੰਘ ਕੰਗ ਨੂੰ ਸਿਰਪਾਉ ਦੇਕੇ ਸਨਮਾਨਿਤ ਕੀਤਾ ਗਿਆ । ਸ਼ਰਧਾਂਜ਼ਲੀ ਸਮਾਗਮ ਵਿੱਚ ਸਾਬਕਾ ਵਿਧਾਇਕ ਸੰਤੋਖ ਸਿੰਘ ਭਲਾਈਪੁਰ, ਸਾਬਕਾ ਵਿਧਾਇਕ ਵੀਰ ਪਵਨ ਕੁਮਾਰ ਭਾਰਦਵਾਜ, ਮੈਂਬਰ ਪਾਰਲੀਮੈਂਟ ਭਾਈ ਅੰਮ੍ਰਿਤਪਾਲ ਸਿੰਘ ਦੇ ਪਿਤਾ ਬਾਪੂ ਤਰਸੇਮ ਸਿੰਘ, ਚਾਚਾ ਪ੍ਰਗਟ ਸਿੰਘ ਜੱਲੂਪੁਰ ਖੈੜਾ, ਸੀਨੀਅ੍ਰ ਪੱਤਰਕਾਰ ਜਸਵੰਤ ਸਿੰਘ ਜੱਸ (ਅਜੀਤ), ਮੁਲਾਜ਼ਮ ਆਗੂ ਜਰਮਨਜੀਤ ਸਿੰਘ ਛੱਜਲਵੱਡੀ, ਕਾਮਰੇਡ ਗੁਰਨਾਮ ਸਿੰਘ ਦਾਊਦ, ਪ੍ਰਿੰਸੀਪਲ ਗੁਰਮੀਤ ਸਿੰਘ ਚੀਮਾਂ, ਡਾ: ਬਿਕਰਮਜੀਤ ਸਿੰਘ ਬਾਠ, ਉਂਕਾਰ ਗੋਇਲ ਪ੍ਰਧਾਨ ਕਰਿਆਨਾ ਐਸੋਸੀਏਸ਼ਨ, ਸੁਰਜੀਤ ਸਿੰਘ ਜਨਰਲ ਸਕੱਤਰ ਰੋਡਵੇਜ ਐਸੋਸੀਏਸ਼ਨ, ਮਾ: ਸੰਤੋਖ ਸਿੰਘ ਚੀਮਾਂ ਸਾ: ਪ੍ਰਧਾਨ ਬਲਾਕ ਕਾਂਗਰਸ, ਕੇ.ਕੇ ਸ਼ਰਮਾ, ਮਾ: ਕੇਵਲ ਸਿੰਘ ਲੋਹਗੜ੍ਹ, ਪ੍ਰਿੰ: ਕੁਲਵੰਤ ਸਿੰਘ ਛੀਨਾ, ਸੁਖਵਿੰਦਰ ਸਿੰਘ ਮੱਤੇਵਾਲ, ਗੁਰਨਾਮ ਕੌਰ ਚੀਮਾਂ, ਕੌਂਸਲਰ ਗੁਰਦੀਪ ਸਿੰਘ, ਕੈਪਟਨ ਸਿੰਘ ਮਹਿਤਾ, ਪ੍ਰਿੰਸੀਪਲ ਪ੍ਰੇਮ ਸਿੰਘ ਧਾਲੀਵਾਲ, ਮਾ: ਜਸਪਾਲ ਸਿੰਘ ਰੰਧਾਵਾ ਨੇ ਮਾਤਾ ਜੀ ਨੂੰ ਸ਼ਰਧਾ ਦੇ ਫੁੱਲ ਭੇਟ ਕੀਤੇ । ਇਸ ਮੌਕੇ ਜੁਗਰਾਜ ਸਿੰਘ ਐਸ.ਪੀ.ਡੀ., ਕੌਂਸਲਰ ਰੌਬਿਨ ਮਾਨ, ਚੇਅਰਮੈਨ ਜਤਿੰਦਰ ਸਿੰਘ ਸੋਨੂੰ, ਸਰਪੰਚ ਦਲਜੀਤ ਸਿੰਘ ਭੱਪੀ, ਸੀਨੀਅਰ ਪੱਤਰਕਾਰ ਰੇਸ਼ਮ ਸਿੰਘ ਅੰਮ੍ਰਿਤਸਰ, ਗੁਰਦੀਪ ਸਿੰਘ ਨਾਗੀ, ਬਾਬਾ ਬਕਾਲਾ ਸਾਹਿਬ ਦੇ ਪੱਤਰਕਾਰ ਭਾਈਚਾਰੇ ਵੱਲੋਂ ਸ਼ੈਲਿੰਦਰਜੀਤ ਸਿੰਘ ਰਾਜਨ, ਪਰਮਜੀਤ ਸਿੰਘ ਰੱਖੜਾ, ਜਗਦੀਸ਼ ਸਿੰਘ ਬਮਰਾਹ, ਲੱਖਾ ਸਿੰਘ ਅਜ਼ਾਦ, ਬਲਵਿੰਦਰ ਸਿੰਘ ਅਠੌਲਾ, ਰਣਜੀਤ ਸਿੰਘ ਸੰਧੂ, ਗੌਰਵ ਜੋਸ਼ੀ, ਰਾਜਵਿੰਦਰ ਸਿੰਘ ਰੰਧਾਵਾ, ਸੁਸ਼ੀਲ ਅਰੋੜਾ, ਨਿਰਮਲ ਸਿੰਘ ਸੰਘਾ, ਸੁਖਵਿੰਦਰ ਸਿੰਘ ਚਾਹਲ, ਦਵਿੰਦਰ ਸਿੰਘ ਭੰਗੂ, ਰਾਜਿੰਦਰ ਰਿਖੀ, ਸੁਮੀਤ ਕਾਲੀਆ, ਰਾਕੇਸ਼ ਕੁਮਾਰ, ਸੋਨਲ ਦਵੇਸਰ, ਡੀ.ਕੇ. ਰੈਡੀ, ਰਾਜਾ ਕਾਲੇਕੇ, ਰੋਹਿਤ ਸ਼ਰਮਾ, ਵਿਸ਼ਾਲ ਮੰਨਣ, ਸੁਖਜੀਤ ਸਿੰਘ ਮਾਨ ਜਲਾਲ ਉਸਮਾਂ, ਮਾਸਟਰ ਧਰਮ ਸਿੰਘ ਧਿਆਨਪੁਰ, ਜਸਪਾਲ ਸਿੰਘ ਧੂਲ਼ਕਾ, ਚੇਅਰਮੈਨ ਹਰਜਿੰਦਰ ਸਿੰਘ ਜਸਪਾਲ, ਜਸਬੀਰ ਸਿੰਘ ਚਾਹਲ, ਜਗਤਾਰ ਸਿੰਘ ਬਹਾਦਰਪੁਰ, ਭਾਈ ਦਵਿੰਦਰ ਸਿੰਘ ਨਿਰਮਾਣ, ਬਿਕਰਮਜੀਤ ਸਿੰਘ ਚੀਮਾਂ, ਜਸਮੀਤ ਸਿੰਘ ਚੀਮਾਂ, ਅਜਮੇਰ ਸਿੰਘ ਪਾਰੋਵਾਲ, ਅਮਿਤ ਸ਼ਰਮਾ, ਦਲਜੀਤ ਸਿੰਘ ਕੌਂਸਲਰ, ਕੁਲਵੰਤ ਸਿੰਘ ਖਾਲਸਾ, ਹਰਚੈਨ ਸਿੰਘ ਢਿੱਲੋਂ, ਬਲਜਿੰਦਰ ਸਿੰਘ ਕੰਗ, ਕੁਲਦੀਪ ਸਿੰਘ ਕੰਗ, ਹਰਚੈਨ ਸਿੰਘ ਕੰਗ, ਗੁਰਦਿਆਲ ਸਿੰਘ ਕੰਗ ਬੁਟਾਰੀ, ਸੁਰਿੰਦਰ ਕੁਮਾਰ ਪ੍ਰਧਾਨ, ਤਰਸੇਮ ਸਿੰਘ ਮੱਟੂ, ਰਜਿੰਦਰ ਕੁਮਾਰ, ਕੁਲਦੀਪ ਸਿੰਘ ਖਾਲਸਾ, ਸਰਬਜੀਤ ਸਿੰਘ ਮਾਨ, ਗੁਰਮੇਜ ਸਿੰਘ ਚੀਮਾਂ ਵੜੈਚ, ਸੰਜੀਵ ਭੰਡਾਰੀ, ਰਜੇਸ਼ ਟਾਂਗਰੀ, ਸਰਪੰਚ ਜਸਪਾਲ ਸਿੰਘ ਨਰਿੰਜਣਪੁਰ, ਠੇਕੇਦਾਰ ਰਾਮ ਲੁਭਾਇਆ, ਜੈਪਾਲ ਸਿੰਘ ਫੇਰੂਮਾਨ, , ਦਵਿੰਦਰ ਸਿੰਘ ਕੋਟ ਈਸੇਖਾਨ, ਭੁਪਿੰਦਰ ਸਿੰਘ ਧਾਰੀਵਾਲ, ਸੁਖਬੀਰ ਸਿੰਘ ਰਾਮਪੁਰ ਨਰੋਤਮਪੁਰ, ਨੋਬੀ ਨਰੋਤਮਪੁਰ, ਤਰਸੇਮ ਜੋਸ਼ੀ, ਸੰਜੀਵ ਕਾਲੜਾ, ਮਾ: ਕੁਲਵੰਤ ਸਿੰਘ, ਇੰਦਰਜੀਤ ਸਿੰਘ ਢਿੱਲੋਂ, ਹੈਪੀ ਟੌਂਗ, ਗੁਰਦੀਪ ਸਿੰਘ ਉੱਪਲ, ਬਲਵਿੰਦਰ ਸਿੰਘ ਪ੍ਰਧਾਨ ਬਾਬਾ ਨਾਮਦੇਵ, ਰਾਕੇਸ਼ ਕਾਲੜਾ, ਹਰਜਿੰਦਰ ਸਿੰਘ ਤੁੜ, ਮੁਖਤਾਰ ਸਿੰਘ ਚੱਬਾ, ਬਲਵੰਤ ਸਿੰਘ, ਮਖਤੂਲ ਸਿੰਘ, ਸੁਰਿੰਦਰ ਕੁਮਾਰ ਵਿੱਗ, ਮਾ: ਕੁਲਦੀਪ ਸਿੰਘ ਬੁਟੱਰ, ਕੁਲਦੀਪ ਰਾਏ ਬੁਟਰ, ਰਵਿੰਦਰ ਸਿੰਘ ਮਾਨ, ਕੈਪਟਨ ਅਮਰਿੰਦਰ ਸਿੰਘ ਮਲੋਟ, ਜਗਤਾਰ ਸਿੰਘ ਪ੍ਰਧਾਨ ਗੁਰਦੁਆਰਾ, ਜਗਦੀਸ਼ ਮਿੱਤਰ, ਮੱਖਣ ਸਿੰਘ ਖੈੜਾ, ਕੁਲਵੰਤ ਸਿੰਘ ਕੰਗ, ਕੇਵਲ ਸਿੰਘ ਕੰਗ, ਬਲਵਿੰਦਰ ਸਿੰਘ, ਗੁਰਭੇਜ ਸਿੰਘ, ਮਨਜੀਤ ਸਿੰਘ ਕੰਗ, ਸਰਬਜੀਤ ਸਿੰਘ, ਦਲਜੀਤ ਸਿੰਘ, ਮਾ: ਪ੍ਰਭ (ਸਾਰੇ ਬੂਲੇ ਨੰਗਲ), ਬੇਗਮ ਸਿੰਘ ਪ੍ਰਿੰਸ, ਮਾ: ਜਸਵਿੰਦਰ ਸਿੰਘ ਜੱਸ, ਬਲਜੀਤ ਸਿੰਘ ਮਾਨ, ਹਰਪ੍ਰੀਤ ਸਿੰਘ ਬੁਟਾਰੀ, ਨਿਰਮਲ ਸਿੰਘ ਭੋਰਛੀ, ਜੈਮਲ ਸਿੰਘ ਸ਼ਾਹ, ਰਾਜਬਰਿੰਦਰ ਸਿੰਘ, ਲਵਲੀ ਖੋਜਕੀਪੁਰ, ਡਾ: ਗੁਰਬਿੰਦਰ ਸਿੰਘ ਕਲੇਰ, ਚੇਅਰਮੈਨ ਨਰਿੰਦਰਪਾਲ ਸਿੰਘ ਢਿੱਲੋਂ, ਮਾ; ਪਰਮਜੀਤ ਸਿੰਘ ਘੱਗੇ, ਕਰਤਾਰ ਚੰਦ, ਗਿਆਨੀ ਛੱਜਲਵੱਡੀ, ਡਾ: ਨਵੀਨ ਖਨੇਜਾ, ਡਾ: ਦਿਨੇਸ਼ ਕਪੂਰ, ਡਾ: ਅਸ਼ੋਕ ਸ਼ਰਮਾ, ਜਸਕਰਨ ਪਾਰੋਵਾਲ, ਰਾਜਿੰਦਰ ਸਿੰਘ ਅੰਸ਼ੂ, ਰਿੰਕੂ, ਸੰਨੀ (ਅਸ਼ੋਕ ਪਲਾਸਟਿਕ), ਬਿੱਟੂ ਥੋਥੀਆਂ, ਬਿੱਟੂ ਜੰਡਿਆਲਾ ਕਰਿਆਨਾ, ਰਜੇਸ਼ ਕਾਲੜਾ, ਨਾਨਕ ਚੰਦ, ਤਰਸੇਮ ਜੋਸ਼ੀ, ਬਾਊ ਸੁਰਿੰਦਰ ਕੁਮਾਰ, ਨੀਤ ਟੌਂਗ, ਜਗੀਰ ਸਿੰਘ, ਸਤਨਾਮ ਸਿੰਘ, ਬਲਵਿੰਦਰ ਸਿੰਘ, ਪਿਆਰਾ ਸਿੰਘ, ਬਲਵਿੰਦਰ ਸਿੰਘ ਚੀਮਾਂ, ਅਸ਼ੋਕ ਰਮਪਾਲ, ਰਜੇਸ਼ ਰਮਪਾਲ, ਸਰਦੂਲ ਸਿੰਘ ਮਾਨ, ਬੌਬੀ ਕੌੜਾ, ਰਛਪਾਲ ਸਿੰਘ, ਰਛਪਾਲ ਸਿੰਘ ਸਦਿਓੜਾ, ਸੁਰਿੰਦਰ ਸਿੰਘ ਧਾਲੀਵਾਲ, ਗੁਲਤਾਰ ਸਿੰਘ ਧਾਲੀਵਾਲ, ਬਬਲੂ ਧਾਲੀਵਾਲ, ਪਿੰਦਰ ਫਾਜਲਪੁਰ, ਡਿੰਪਲ ਖਿਲਚੀਆਂ ਆਦਿ ਹਾਜਰ ਸਨ। ਮੰਚ ਸੰਚਾਲਨ ਫਰਜ਼ ਸ਼ੈਲਿੰਦਰਜੀਤ ਸਿੰਘ ਰਾਜਨ ਨੇ ਬਾਖੂਬੀ ਨਿਭਾਏ ਅਤੇ ਅਖੀਰ ਵਿੱਚ ਹਰਜੀਤਪ੍ਰੀਤ ਸਿੰਘ ਕੰਗ ਨੇ ਸਮੂਹ ਆਈ ਸੰਗਤ ਦਾ ਧੰਨਵਾਦ ਕੀਤਾ ।

# ਬਠਿੰਡਾ ਜ਼ਿਲ੍ਹੇ 'ਚ ਵੱਖ-ਵੱਖ ਪਾਬੰਦੀਆਂ ਲਾਗੂ- ਜ਼ਿਲ੍ਹਾ ਮੈਜਿਸਟ੍ਰੇਟ



**ਬਠਿੰਡਾ, 7 ਅਕਤੂਬਰ (ਗੁਰਜੰਟ ਸਿੰਘ ਨਥੇਹਾ)**- ਜ਼ਿਲ੍ਹਾ ਮੈਜਿਸਟ੍ਰੇਟ ਸ਼੍ਰੀ ਸ਼ੌਕਤ ਅਹਿਮਦ ਪਰੇ ਨੇ ਧਾਰਾ 163 ਭਾਰਤੀ ਨਾਗਰਿਕ ਸੁਰੱਖਿਆ ਸੰਹਿਤਾ 2023 ਅਧੀਨ ਪ੍ਰਾਪਤ ਹੋਏ ਅਧਿਕਾਰਾਂ ਦੀ ਵਰਤੋਂ ਕਰਦਿਆਂ ਜ਼ਿਲ੍ਹੇ ਦੀ ਹਦੂਦ ਅੰਦਰ ਵੱਖ-ਵੱਖ ਪਾਬੰਦੀਆਂ ਸਬੰਧੀ ਹੁਕਮ ਜਾਰੀ ਕੀਤੇ ਹਨ। ਜਾਰੀ ਹੁਕਮ ਅਨੁਸਾਰ ਜ਼ਿਲ੍ਹਾ ਮੈਜਿਸਟ੍ਰੇਟ ਨੇ ਜ਼ਿਲ੍ਹੇ ਅੰਦਰ ਉਲਾਈਵ ਗਰੀਨ ਰੰਗ ਦੀ ਮਿਲਟਰੀ ਵਰਦੀ ਅਤੇ ਉਲਾਈਵ ਗਰੀਨ ਰੰਗ (ਮਿਲਟਰੀ ਰੰਗ) ਦੀਆਂ ਜੀਪਾਂ/ਮੋਟਰਸਾਈਕਲਾਂ/ਮੋਟਰ ਗੱਡੀਆਂ ਦੀ ਵਰਤੋਂ ਦੀ ਮਨਾਹੀ ਕੀਤੀ ਹੈ।ਇੱਕ ਹੋਰ ਹੁਕਮ ਅਨੁਸਾਰ ਪੰਜਾਬ ਵਿਲੇਜ ਤੇ ਸਮਾਲ ਟਾਊਨ ਕੰਟਰੋਲ ਐਕਟ 1918 ਦੀ ਧਾਰਾ 3 ਸਬ-ਸੈਕਸ਼ਨ 1 ਅਧੀਨ ਪ੍ਰਾਪਤ ਹੋਏ ਅਧਿਕਾਰਾਂ ਦੀ ਵਰਤੋਂ ਕਰਦਿਆਂ ਜ਼ਿਲ੍ਹੇ ਅੰਦਰ ਪਿੰਡ, ਰੇਲਵੇ ਟਰੈਕ, ਸੂਏ ਤੇ ਨਹਿਰਾਂ ਦੇ ਪੁਲ, ਨਹਿਰਾਂ, ਜਨ-ਨਿਕਾਸ ਦੇ ਨਾਲਿਆਂ ਅਤੇ ਸੂਏ/ਰਜਵਾਹੇ, ਆਇਲ ਪਾਈਪ ਲਾਈਨਜ਼ ਆਦਿ ਨਾਲ ਲਗਦੇ ਸਾਰੇ ਪਿੰਡਾਂ ਦੇ ਨਰੋਈ ਸਿਹਤ ਵਾਲੇ ਸਾਰੇ ਬਾਲਗ ਆਦਮੀ ਸਾਰੇ ਪਿੰਡਾਂ, ਰੇਲ ਪਟੜੀਆਂ, ਜਲ ਸਪਲਾਈ ਸਕੀਮਾਂ, ਨਹਿਰਾਂ, ਜਲ ਨਿਕਾਸ ਦੇ ਨਾਲਿਆਂ ਅਤੇ ਸੂਏ ਟੁੱਟਣ ਤੋਂ ਬਚਾਉਣ ਲਈ ਠੀਕਰੀ ਪੈਰਾ ਰਾਖੀ ਦੀ ਡਿਊਟੀ ਨਿਭਾਉਣਗੇ। ਹੋਰ ਹੁਕਮ ਰਾਹੀਂ ਜ਼ਿਲ੍ਹਾ ਮੈਜਿਸਟ੍ਰੇਟ ਨੇ ਜ਼ਿਲ੍ਹੇ 'ਚ ਮੌਜੂਦ ਹਵਾਈ ਅੱਡੇ ਦੇ ਘੇਰੇ ਤੋਂ ਦੋ ਕਿਲੋਮੀਟਰ ਅੰਦਰ ਲਾਲਟੇਨ ਪਤੰਗਾਂ, ਇੱਛਾ ਪਤੰਗਾਂ ਆਦਿ ਦੀ ਵਰਤੋਂ 'ਤੇ ਪੂਰਨ ਪਾਬੰਦੀ ਲਗਾਉਣ ਦਾ ਹੁਕਮ ਜਾਰੀ ਕੀਤਾ ਹੈ।ਉਨ੍ਹਾਂ ਦੱਸਿਆ ਕਿ ਸ਼ਹਿਰੀ ਹਵਾਬਾਜ਼ੀ ਮੰਤਰਾਲਾ, ਭਾਰਤ ਸਰਕਾਰ ਦੇ ਨਿਰਦੇਸ਼ਾਂ ਅਨੁਸਾਰ ਲਾਲਟੇਨ ਪਤੰਗਾਂ, ਇੱਛਾ ਪਤੰਗਾਂ ਦੀ ਵਰਤੋਂ ਹਵਾਈ ਜਹਾਜ਼ਾਂ ਦੇ ਉਤਰਨ ਅਤੇ ਚੜਨ ਸਮੇਂ ਦੌਰਾਨ ਕੰਮ-ਕਾਜ ਅਤੇ ਸੁਰੱਖਿਆ ਲਈ ਖਤਰਾ ਪੈਦਾ ਕਰਦੀਆਂ ਹਨ।ਅਗਲੇ ਹੁਕਮ ਅਨੁਸਾਰ ਟ੍ਰੈਫ਼ਿਕ ਦੀ ਸਮੱਸਿਆ ਨੂੰ ਵੇਖਦਿਆਂ ਹੋਇਆ ਤੰਗ ਥਾਵਾਂ 'ਤੇ ਟਰੱਕ ਖੜਾ ਕਰਨ ਦੀ ਸਖ਼ਤ ਮਨਾਹੀ ਕੀਤੀ ਹੈ। ਜਾਰੀ ਆਦੇਸ਼ਾਂ 'ਚ ਉਨਾਂ ਕਿਹਾ ਕਿ ਬਹੁ-ਮੰਤਵੀ ਖੇਡ ਸਟੇਡੀਅਮ ਕੋਲ ਟਰੱਕ ਖੜੇ ਹੋਣ ਕਾਰਨ ਐਮ.ਐਸ.ਡੀ. ਸਕੂਲ ਅਤੇ ਗੁਰੂ ਹਰਕਿਸ਼ਨ ਪਬਲਿਕ ਸਕੂਲ ਦੇ ਬੱਚਿਆਂ ਨੂੰ ਬਹੁਤ ਪ੍ਰੇਸ਼ਾਨੀ ਦਾ ਸਾਹਮਣਾ ਕਰਨਾ ਪੈਂਦਾ ਹੈ। ਇਨਾਂ ਟਰੱਕਾਂ ਕਰਕੇ ਸਕੂਲਾਂ ਦੀਆਂ ਵੈਨਾ, ਬੱਸਾਂ, ਰਿਕਸ਼ੇ ਆਦਿ ਦਾ ਐਕਸੀਡੈਂਟ ਹੋਣ ਦਾ ਖਦਸਾ ਰਹਿੰਦਾ ਹੈ। ਇਨਾਂ ਗੱਲਾਂ ਨੂੰ ਧਿਆਨ 'ਚ ਰੱਖਦੇ ਹੋਏ ਹਨੂਮਾਨ ਚੌਂਕ ਦੇ ਆਸ ਪਾਸ ਗੋਨਿਆਣਾ ਰੋਡ ਅਤੇ ਖੇਡ ਸਟੇਡੀਅਮ ਰੋਡ 'ਤੇ ਟਰੱਕ ਖੜਾ ਕਰਨ ਦੀ ਸਖ਼ਤ ਮਨਾਹੀ ਕੀਤੀ ਹੈ। ਇਨਾਂ ਇਲਾਕਿਆਂ 'ਚ ਸਵੇਰੇ 6 ਵਜੇ ਤੋਂ 9 ਵਜੇ ਤੱਕ ਅਤੇ ਦੁਪਹਿਰ 1 ਤੋਂ 3 ਵਜੇ ਤੱਕ ਕਿਸੇ ਵੀ ਟਰੱਕ ਨੂੰ ਚਲਣ ਦੀ ਪ੍ਰਵਾਨਗੀ ਨਹੀਂ ਦਿੱਤੀ ਜਾਵੇਗੀ।ਉਨਾਂ ਐਮ.ਐਸ.ਡੀ. ਸਕੂਲ ਅਤੇ ਸ੍ਰੀ ਗੁਰੂ ਹਰਕਿਸ਼ਨ ਪਬਲਿਕ ਸਕੂਲ ਦੇ ਪ੍ਰਿੰਸੀਪਲ ਨੂੰ ਨਿਰਦੇਸ਼ ਦਿੱਤੇ ਕਿ ਛੁੱਟੀ ਸਮੇਂ ਆਪਣੇ ਵਿਦਿਆਰਥੀਆਂ ਨੂੰ ਸਕੂਲ ਦੇ ਕੰਪਾਉਂਡ ਵਿਚੋਂ ਹੀ ਰਿਕਸ਼ਾ, ਗੱਡੀ ਆਦਿ ਵਿਚ ਸੁਰੱਖਿਅਤ ਰੂਪ ਵਿਚ ਚੜਾਉਣਗੇ। ਉਨਾਂ ਕਿਹਾ ਕਿ ਸਕੂਲ ਤੋਂ ਛੁੱਟੀ ਸਮੇਂ ਬੱਚਿਆਂ ਨੂੰ ਲੈਣ ਆਉਣ ਵਾਲੇ ਰਿਕਸ਼ਾ ਅਤੇ ਗੱਡੀਆਂ ਸਕੂਲ ਦੇ ਬਾਹਰ ਸੜਕ ਜਾਂ ਸੜਕ ਦੇ ਕਿਨਾਰੇ ਪਾਰਕ ਨਹੀਂ ਕੀਤੇ ਜਾਣਗੇ। ਇੱਕ ਹੋਰ ਹੁਕਮ ਅਨੁਸਾਰ ਪੰਜਾਬ ਜੇਲ੍ਹ ਰੂਲਜ਼, 2022 ਤਹਿਤ ਜੇਲ੍ਹਾ ਵਿੱਚ ਲਾਗੂ ਹੋਣ ਵਾਲੇ ਕਿਸੇ ਹੋਰ ਕਾਨੂੰਨ ਦੇ ਅਧੀਨ ਕੇਂਦਰੀ ਜੇਲ੍ਹ ਬਠਿੰਡਾ ਅੰਦਰ ਗੈਰ ਕਾਨੂੰਨੀ ਅਪਰਾਧਿਕ ਗਤੀਵਿਧੀਆਂ ਅਤੇ ਅਜਿਹੀਆਂ ਪਾਬੰਦੀਸ਼ੁਦਾ ਵਸਤੂਆਂ ਰੱਖਣ 'ਤੇ ਪੂਰਨ ਰੋਕ ਲਗਾਈ ਜਾਂਦੀ ਹੈ। ਜਾਰੀ ਹੁਕਮਾਂ ਅਨੁਸਾਰ ਸਿਵਲ ਏਅਰਪੋਰਟ ਵਿਰਕ ਕਲਾਂ, ਗੁਰੂ ਗੋਬਿੰਦ ਸਿੰਘ ਰਿਫ਼ਾਇਨਰੀ ਰਾਮਾਂ, ਨੈਸ਼ਨਲ ਫਰਟੀਲਾਈਜ਼ਰ ਲਿਮਟਿਡ ਬਠਿੰਡਾ, ਆਈ.ਓ.ਸੀ.ਐਲ, ਬੀ.ਪੀ.ਸੀ.ਐਲ., ਐਚ.ਪੀ.ਸੀ.ਐਲ, ਬਲਕ ਪੀ.ਓ.ਐਲ ਟਰਮੀਨਲ ਫੂਸ ਮੰਡੀ ਮਾਨਸਾ ਰੋਡ ਬਠਿੰਡਾ ਦੇ ਆਸ-ਪਾਸ ਦੇ ਏਰੀਏ ਵਿੱਚ ਡਰੋਨ ਕੈਮਰਾ ਚਲਾਉਣ/ਉਡਾਉਣ ਤੇ ਪਾਬੰਦੀ ਲਗਾਈ ਗਈ ਹੈ। ਅਗਲੇ ਹੁਕਮਾਂ ਅਨੁਸਾਰ ਏਅਰ ਫ਼ੋਰਸ, ਭਿਸੀਆਣਾ ਹਵਾਈ ਅੱਡੇ ਦੇ ਬਾਹਰ 100 ਗਜ ਏਰੀਏ ਦੀ ਹਦੂਦ ਅੰਦਰ ਪੁਲਿਸ ਵੈਰੀਫਿਕੇਸ਼ਨ ਕਰਵਾਏ ਤੋਂ ਬਿਨਾਂ ਲੋਕਾਂ ਵਲੋਂ ਦੁਕਾਨਾਂ ਬਣਾਕੇ ਕਾਰੋਬਾਰ ਕਰਨ 'ਤੇ ਪਾਬੰਦੀ ਲਗਾਈ ਹੈ। ਜਾਰੀ ਹੁਕਮ ਅਨੁਸਾਰ ਸ਼ਿਡਊਲ 'ਐਕਸ' ਤੇ 'ਐਚ' ਦਵਾਈਆਂ ਵੇਚਣ ਵਾਲੇ ਮੈਡੀਕਲ ਸਟੋਰਾਂ 'ਤੇ ਸੀਸੀਟੀਵੀ ਕੈਮਰੇ ਲਗਾਉਣ ਲਈ ਹਦਾਇਤ ਕੀਤੀ। ਹੁਕਮ ਅਨੁਸਾਰ ਜ਼ਿਲ੍ਹੇ ਦੀਆਂ ਸਾਰੀਆਂ ਮੈਡੀਕਲ/ਕੈਮਿਸਟ/ਫਾਰਮੇਸੀ ਦੀਆਂ ਦੁਕਾਨਾਂ, ਡਰੱਗਜ਼ ਐਂਡ ਕਾਸਮੈਟਿਕਸ ਰੂਲਜ਼ 1945 ਦੇ ਨਿਯਮ 9 ਦੇ ਅਨੁਸਾਰ ਸ਼ਿਡਊਲ ਐਕਸ ਅਤੇ ਐੱਚ ਦਵਾਈਆਂ ਦੀ ਵਿਕਰੀ ਕਰਦੀਆਂ ਹਨ, ਉਨ੍ਹਾਂ ਦੁਕਾਨਾਂ ਦੇ ਬਾਹਰ ਅਤੇ ਅੰਦਰ ਸੀ.ਸੀ.ਟੀ.ਵੀ. ਕੈਮਰੇ ਲਗਾਉਣੇ ਯਕੀਨੀ ਬਣਾਉਣ। ਜਾਰੀ ਹੁਕਮ ਅਨੁਸਾਰ ਅਜਿਹੇ ਮੈਡੀਕਲ/ਕੈਮਿਸਟ/ਫਾਰਮੇਸੀ ਦੁਕਾਨਾਂ ਦੇ ਮਾਲਕਾਂ ਨੂੰ ਸੀਸੀਟੀਵੀ ਕੈਮਰੇ ਲਗਾਉਣ ਲਈ ਇੱਕ ਮਹੀਨੇ ਦਾ ਸਮਾਂ ਦਿੱਤਾ ਗਿਆ ਹੈ। ਜ਼ਿਲ੍ਹਾ ਮੈਜਿਸਟ੍ਰੇਟ ਨੇ ਜਾਰੀ ਹੁਕਮ ਮੁਤਾਬਿਕ ਪੁਰਾਣੀ ਤਹਿਸੀਲ ਕੰਪਲੈਕਸ ਬਠਿੰਡਾ ਵਿਖੇ ਸਰਕਾਰੀ ਜਗ੍ਹਾਂ ਤੇ ਗੈਰ ਕਾਨੂੰਨੀ ਢੰਗ ਨਾਲ ਬਣਾਏ ਜਾ ਰਹੇ ਦੁਕਾਨਾਂ/ਬੂਥ/ਚੈਂਬਰ ਆਦਿ ਦੀ ਉਸਾਰੀ ਕਰਨ 'ਤੇ ਰੋਕ ਲਗਾਈ ਗਈ ਹੈ। ਇਹ ਹੁਕਮ ਸਰਕਾਰੀ ਜਗ੍ਹਾਂ ਵਿੱਚ ਸਰਕਾਰੀ ਇਮਾਰਤ ਬਣਾਉਣ ਤੇ ਲਾਗੂ ਨਹੀਂ ਹੋਵੇਗਾ। ਹੁਕਮ ਰਾਹੀਂ ਜ਼ਿਲੇ ਦੇ ਪੇਂਡੂ/ਸ਼ਹਿਰੀ ਖੇਤਰਾਂ ਵਿਚ ਲਿਖਤੀ ਪ੍ਰਵਾਨਗੀ ਤੋਂ ਬਗੈਰ ਕੱਚੀਆਂ ਖੂਹੀਆਂ ਪੁੱਟਣ 'ਤੇ ਪਾਬੰਦੀ ਲਗਾ ਦਿੱਤੀ ਗਈ ਹੈ। ਜਾਰੀ ਹੁਕਮਾਂ ਅਨੁਸਾਰ ਕੋਈ ਵੀ ਵਿਅਕਤੀ ਕਾਰਜਕਾਰੀ ਇੰਜੀਨੀਅਰ, ਜਨ ਸਿਹਤ ਮੰਡਲ, ਬਠਿੰਡਾ ਜਾਂ ਕਾਰਜਕਾਰੀ ਇੰਜੀਨੀਅਰ ਪੰਜਾਬ ਵਾਟਰ ਸਪਲਾਈ ਤੇ ਸੀਵਰੇਜ ਬੋਰਡ ਬਠਿੰਡਾ ਦੀ ਲਿਖਤੀ ਪ੍ਰਵਾਨਗੀ ਅਤੇ ਦੇਖ-ਰੇਖ ਤੋਂ ਬਗੈਰ ਕੱਚੀਆਂ ਖੂਹੀਆਂ ਨਹੀਂ ਪੁੱਟੇਗਾ/ਪੁਟਾਏਗਾ। ਹੁਕਮ 7 ਦਸੰਬਰ 2024 ਤੱਕ ਲਾਗੂ ਰਹਿਣਗੇ।

# 'ਆਪ' ਦੀ ਸਰਕਾਰ ਮੈਡੀਕਲ ਪ੍ਰੈਕਟੀਸ਼ਨਰ ਐਸੋਸੀਏਸ਼ਨ ਦੀਆਂ ਹੱਕੀ ਮੰਗਾਂ ਜਲਦੀ ਹੱਲ ਕਰੇ- ਬਲਾਕ ਪ੍ਰਧਾਨ ਗੁਰਮੇਲ ਸਿੰਘ ਘਈ



ਤਲਵੰਡੀ ਸਾਬੋ, 07 ਅਕਤੂਬਰ (ਗੁਰਜੰਟ ਸਿੰਘ ਨਥੇਹਾ)- ਮੈਡੀਕਲ ਪ੍ਰੈਕਟੀਸ਼ੀਅਨ ਐਸੋਸੀਏਸ਼ਨ ਬਲਾਕ ਤਲਵੰਡੀ ਸਾਬੋ ਦੀ ਅੱਜ ਮਹੀਨਾਵਾਰ ਮੀਟਿੰਗ ਹੋਈ ਇਸ ਨੂੰ ਸੰਬੋਧਨ ਕਰਦੇ ਹੋਏ ਬਲਾਕ ਪ੍ਰਧਾਨ ਡਾਕਟਰ ਗੁਰਮੇਲ ਸਿੰਘ ਘਈ ਨੇ ਕਿਹਾ ਕਿ ਪੰਜਾਬ ਵਿਧਾਨ ਸਭਾ ਦੇ ਵੱਖ-ਵੱਖ ਸੈਸ਼ਨਾਂ ਵਿਚ ਆਮ ਆਦਮੀ ਪਾਰਟੀ ਦੇ ਕਾਫੀ ਐਮਐਲਏ'ਜ ਨੇ ਐਸੋਸੀਏਸ਼ਨ ਦੀਆ ਹੱਕੀ ਮੰਗਾਂ ਦੇ ਹੱਕ ਵਿੱਚ ਪੰਜਾਬ ਵਿਧਾਨ ਸਭਾ ਦੇ ਸੈਸ਼ਨ ਵਿੱਚ ਅਵਾਜ਼ ਉਠਾਈ ਗਈ ਪਰੰਤੂ ਸਰਕਾਰ ਵੱਲੋਂ ਉਹਨਾਂ ਦੀਆਂ ਮੰਗਾਂ ਦੇ ਹੱਲ ਕਰਨ, ਲਈ ਕੋਈ ਵੀ ਕਦਮ ਨਹੀਂ ਚੁੱਕਿਆ ਗਿਆ। ਕਰੋਨਾ ਵਾਇਰਸ ਤੋਂ ਲੈ ਕੇ ਜਦੋਂ ਕੋਈ ਵੀ ਆਫ਼ਤ ਆਈ ਹੋਵੇ ਸਾਡੇ ਸਾਥੀਆਂ ਨੇ ਮੂਹਰੇ ਹੋ ਕੇ ਸੇਵਾ ਭਾਵਨਾ ਨਾਲ ਗਰੀਬਾਂ, ਮਜ਼ਦੂਰਾਂ, ਕਿਸਾਨਾਂ ਦੀ ਸੇਵਾ ਕੀਤੀ ਅਤੇ ਹਰ ਸਮੇ ਪੇਂਡੂ ਅਤੇ ਸਹਿਰੀ ਖੇਤਰ ਵਿਚ ਬਿਨਾ ਕਿਸੇ ਭੇਦ-ਭਾਵ ਸੇਵਾ ਕੀਤੀ ਜਦੋਂ ਕਿ ਉਹਨਾਂ ਸਮਿਆਂ ਦੌਰਾਨ ਸਰਕਾਰੀ ਓਪੀਡੀ ਅਤੇ ਆਈਐਮਏ ਲੌਬੀ ਲਾਕਡਾਊਨ ਹੋ ਗਈ ਸੀ ਔਖੀ ਘੜੀ ਵਿੱਚ ਸਾਡੇ ਸਾਥੀ ਹੀ ਕੰਮ ਆਏ ਸਨ ਜਿਸ ਨੂੰ ਦੇਖਦਿਆਂ ਸਮਾਜ ਸੇਵੀ ਸੰਸਥਾਵਾਂ ਕਲੱਬਾਂ ਨੇ ਸਾਨੂੰ ਸਨਮਾਨਿਤ ਕਰਕੇ ਸਾਡੀ ਹੌਸਲਾ ਅਫ਼ਜ਼ਾਈ ਕੀਤੀ ਸੀ ਪਰ ਸਰਕਾਰੀ ਅਫਸਰਸ਼ਾਹੀ ਵੱਲੋਂ ਕਿਸੇ ਵੀ ਸਰਕਾਰੀ ਅਧਿਕਾਰੀਆ ਮੰਤਰੀਆਂ ਆਦਿ ਨੇ ਹਾਅ ਦਾ ਨਾਅਰਾ ਵੀ ਨਹੀਂ ਮਾਰਿਆ। ਇਸ ਮੌਕੇ ਡਾਕਟਰ ਭੋਲਾ ਸਿੰਘ ਸ਼ੇਖਪੁਰਾ, ਲਛਮਣ ਕੁਮਾਰ ਜਗਾ ਜ਼ਿਲ੍ਹਾ ਕਾਰਜਕਾਰੀ ਮੈਂਬਰ, ਬਿੱਕਰ ਸਿੰਘ ਸਿੱਧੂ ਕੈਸ਼ੀਅਰ, ਮੋਦਨ ਸਿੰਘ ਸੁਖਲੱਧੀ, ਜਸਵੀਰ ਸਿੰਘ ਕੋਟਬਖਤੂ, ਗੁਲਾਬ ਸਿੰਘ ਫੁੱਲੋਖਾਰੀ, ਬਲਵੰਤ ਸਿੰਘ ਕਣਕਵਾਲ, ਇੰਦਰਜੀਤ ਸਿੰਘ ਰਾਮਾ ਮੰਡੀ, ਬੂਟਾ ਸਿੰਘ, ਅੰਤਰ ਸਿੰਘ ਮਾਨਵਾਲਾ, ਗੱਗੜ ਸਿੰਘ ਗਹਿਲੇਵਾਲਾ, ਰਛਪਾਲ ਸਿੰਘ, ਅੰਮ੍ਰਿਤਪਾਲ ਸਿੰਘ ਤਲਵੰਡੀ, ਮੈਡਮ ਸਰਭਜੀਤ ਕੌਰ ਤਲਵੰਡੀ ਸਾਬੋ, ਕੇਵਲ ਸਿੰਘ ਸੁਖਲੱਧੀ, ਸੁਖਵਿੰਦਰ ਸਿੰਘ ਮਾਨ, ਗੁਰਨਾਮ ਸਿੰਘ ਖੋਖਰ, ਗੁਰਮੇਲ ਸਿੰਘ ਬਹਿਣੀਵਾਲ, ਜੋਗਿੰਦਰ ਸਿੰਘ ਜਗਾ ਆਦਿ ਸਾਥੀਆਂ ਨੇ ਭਾਗ ਲਿਆ।

# ਪੰਜਾਬੀ ਪ੍ਰਮੋਸ਼ਨ ਕੌਂਸਲ ਨੇ ਅਮੇਜ਼ਨ 'ਤੇ ਗੁਰਬਾਣੀ ਗੁਟਕਿਆਂ ਦੀ ਵਿਕਰੀ ਖ਼ਿਲਾਫ਼ ਕੰਪਨੀ ਤੇ ਪੁਲੀਸ ਵਿੱਚ ਸ਼ਿਕਾਇਤ ਦਰਜ ਕਰਵਾਈ ਗਈ : ਸ੍ਰ. ਜਸਵੰਤ ਸਿੰਘ ਬੌਬੀ ਪ੍ਰਧਾਨ ਪੰਜਾਬੀ ਪ੍ਰਮੋਸ਼ਨ ਕੌਂਸਲ



**ਚੌਕ ਮਹਿਤਾ,7 ਅਕਤੂਬਰ(ਬਾਬਾ ਸੁਖਵੰਤ ਸਿੰਘ ਚੰਨਣਕੇ)**-ਆਨਲਾਈਨ ਸ਼ਾਪਿੰਗ ਦੀ ਸਹੂਲਤ ਪ੍ਰਦਾਨ ਕਰਨ ਵਾਲੀ ਅਮੇਜ਼ਨ ਕੰਪਨੀ 'ਤੇ ਗੁਰਬਾਣੀ ਦੇ ਗੁਟਕਾ ਸਾਹਿਬ ਦੀ ਵਿਕਰੀ ਨੂੰ ਲੈ ਕੇ ਸਿੱਖ ਭਾਈਚਾਰੇ 'ਚ ਭਾਰੀ ਰੋਸ ਹੈ, ਜਿਸ ਕਾਰਨ ਅੱਜ ਪੰਜਾਬੀ ਪ੍ਰਮੋਸ਼ਨ ਕੌਂਸਲ ਨੇ ਸੰਸਦ ਮਾਰਗ ਥਾਣੇ 'ਚ ਪਹੁੰਚ ਕੇ ਦਰਖ਼ਾਸਤ ਰਾਹੀ ਕੰਪਨੀ ਦੇ ਖਿਲਾਫ ਸ਼ਿਕਾਇਤ ਕੀਤੀ ਗਈ ਹੈ। ਜਥੇਬੰਦੀ ਦੇ ਪ੍ਰਧਾਨ ਸ੍ਰ. ਜਸਵੰਤ ਸਿੰਘ ਬੌਬੀ ਨੇ ਕਿਹਾ ਕਿ ਕੋਈ ਵੀ ਗੁਰੂ ਦਾ ਸਿੱਖ ਇਹ ਬਰਦਾਸ਼ਤ ਨਹੀਂ ਕਰ ਸਕਦਾ ਕਿ ਕੋਈ ਗੁਰਬਾਣੀ ਦਾ ਨਿਰਾਦਰ ਕਰੇ। ਉਨ੍ਹਾਂ ਕਿਹਾ ਕਿ ਜਿਸ ਤਰੀਕੇ ਨਾਲ ਕੰਪਨੀ ਦੇ ਪੋਰਟਲ 'ਤੇ ਗੁਰਬਾਣੀ ਦੇ ਗੁਟਕੇ ਵੇਚੇ ਜਾ ਰਹੇ ਹਨ ਅਤੇ ਡਿਲੀਵਰੀ ਰਾਹੀਂ ਘਰ-ਘਰ ਪਹੁੰਚਾਏ ਜਾ ਰਹੇ ਹਨ, ਉਸ ਨਾਲ ਗੁਟਕਾ ਸਾਹਿਬ ਦੀ ਡਲਿਵਰੀ ਪੂਰੀ ਸਤਿਕਾਰ ਸਹਿਤ ਘਰ-ਘਰ ਪਹੁੰਚਾਉਣਾ ਸੰਭਵ ਨਹੀਂ ਹੋਵੇਗਾ। ਗੈਰ-ਸਿੱਖ ਜੋ ਸਿੱਖ ਮਰਿਆਦਾ ਤੋਂ ਜਾਣੂ ਹਨ, ਉਹ ਵੀ ਕਈ ਤਰ੍ਹਾਂ ਦੇ ਪਦਾਰਥਾਂ ਦਾ ਸੇਵਨ ਕਰ ਸਕਦੇ ਹਨ ਜੋ ਸਿੱਖ ਸੰਪਰਦਾ ਵਿੱਚ ਵਰਜਿਤ ਹਨ, ਜੇਕਰ ਅਜਿਹੇ ਲੋਕ ਗੁਟਕਾ ਸਾਹਿਬ ਪਹੁੰਚਾਉਣ ਤਾਂ ਕੋਈ ਵੀ ਸਿੱਖ ਬਰਦਾਸ਼ਤ ਨਹੀਂ ਕਰੇਗਾ। ਜਿਸ ਕਾਰਨ ਅੱਜ ਸੰਸਦ ਮਾਰਗ ਥਾਣੇ 'ਚ ਸਬੰਧਿਤ ਅਧਿਕਾਰੀਆਂ ਕੋਲ ਲਿਖਤੀ ਸ਼ਿਕਾਇਤ ਦਰਜ ਕਰਵਾਈ ਗਈ ਹੈ ਅਤੇ ਅਮੇਜ਼ਨ ਕੰਪਨੀ ਵੱਲੋਂ ਗੁਰਬਾਣੀ ਦੇ ਗੁਟਕਾ ਸਾਹਿਬ ਦੀ ਵਿਕਰੀ 'ਤੇ ਤੁਰੰਤ ਪ੍ਰਭਾਵ ਨਾਲ ਰੋਕ ਲਗਾਉਣ ਦੀ ਮੰਗ ਕੀਤੀ ਗਈ।






ਜਨਮ ਦਿਨ ਮੁਬਾਰਕ

ਅਨਹਦਦੀਪ ਕੌਰ
ਪਿਤਾ : ਸੰਦੀਪ ਸਿੰਘ ਸਹੋਤਾ
ਮਾਤਾ: ਸੰਦੀਪ ਕੌਰ ਸਹੋਤਾ
ਵਾਸੀ: ਰੰਗੜ ਨੰਗਲ
ਬਟਾਲਾ

ਆਵਾਜ਼ਿ ਕੌਮ AWAZE QAUM International Newspaper & WEB TV




## • ਸੱਦਾ-ਪੱਤਰ •

ਸਤਿਕਾਰਯੋਗ ਜੀਓ, ਵਾਹਿਗੁਰੂ ਜੀ ਕਾ ਖ਼ਾਲਸਾ। ਵਾਹਿਗੁਰੂ ਜੀ ਕੀ ਫ਼ਤਹਿ।।

ਦੇਸ਼ ਵਿਦੇਸ਼ ਵਿੱਚ ਵੱਸਦੇ ਸਮੂਹ ਪੰਥ ਦਰਦੀਆਂ, ਧਾਰਮਿਕ ਜਥੇਬੰਦੀਆਂ ਦੇ ਆਗੂਆਂ ਅਤੇ ਪੰਥਕ ਸੋਚ ਰੱਖਣ ਵਾਲੇ ਸਮੂਹ ਲੀਡਰ ਸਾਹਿਬਾਨਾਂ ਨੂੰ ਪੁਰਜ਼ੋਰ ਅਪੀਲ ਕੀਤੀ ਜਾਂਦੀ ਹੈ ਕਿ ਆਪਣੇਂ ਕੀਮਤੀ ਰੁਝੇਵਿਆਂ ਵਿੱਚੋਂ ਸਮਾਂ ਕੱਢ ਕੇ ਸਿੱਖ ਕੌਮ ਦੇ ਮਹਾਨ ਸ਼ਹੀਦ, ਸਿਰਲੱਥ ਯੋਧੇ ਸ਼ਹੀਦ ਭਾਈ ਹਰਜਿੰਦਰ ਸਿੰਘ ਜਿੰਦਾ ਅਤੇ ਸ਼ਹੀਦ ਭਾਈ ਸੁਖਦੇਵ ਸਿੰਘ ਸੁੱਖਾ ਜੀ ਦੇ ਸ਼ਹੀਦੀ ਸਮਾਗਮ ਤੇ 9 ਅਕਤੂਬਰ ਨੂੰ ਉਹਨਾਂ ਦੇ ਜੱਦੀ ਪਿੰਡ ਗੱਦਲੀ, ਜਿਲਾ ਅੰਮ੍ਰਿਤਸਰ ਵਿਖੇ ਪਹੁੰਚਣ ਦੀ ਕ੍ਰਿਪਾਲਤਾ ਕਰਨੀ ਜੀ।

ਦਾਸਿਨ ਦਾਸ :-

**ਸ਼ਮਸ਼ੇਰ ਸਿੰਘ ਪੱਧਰੀ**

**ਸਮਰਥੱਕ ( ਮੈਂਬਰ ਪਾਰਲੀਮੈਂਟ ਭਾਈ ਅੰਮ੍ਰਿਤਪਾਲ ਸਿੰਘ ਜੀ )**




# ਅਖੰਡ ਪਾਠੀ ਸਿੰਘਾਂ ਦੇ ਸ਼੍ਰੋਮਣੀ ਕਮੇਟੀ ਪ੍ਰਤੀ ਸੁਰ ਤਿੱਖੇ

ਵਾਹਿਗੁਰੂ ਜੀ ਕਾ ਖਾਲਸਾ ਵਾਹਿਗੁਰੂ ਜੀ ਕੀ ਫਤਿਹ ਸ਼੍ਰੋਮਣੀ ਅਖੰਡ ਪਾਠੀ ਸਿੰਘ ਵੈਲਫੇਅਰ ਸੋਸਾਇਟੀ ਸ੍ਰੀ ਦਰਬਾਰ ਸਾਹਿਬ ਸ੍ਰੀ ਅੰਮ੍ਰਿਤਸਰ (ਰਜਿ) ਭਾਰਤ ਵੱਲੋਂ ਅਖੰਡ ਪਾਠੀ ਸਿੰਘਾਂ ਦੀ ਭੇਟਾ ਦੇ ਵਾਧੇ ਸਬੰਧੀ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਸੁਪਰਡੈਂਟ ਨਿਸ਼ਾਨ ਸਿੰਘ ਨੂੰ ਤੇਜਾ ਸਿੰਘ ਸਮੁੰਦਰੀ ਹਾਲ ਵਿਖੇ ਮੰਗ ਪੱਤਰ ਸੌਂਪਿਆ ਗਿਆ ਜਿਸ ਜਿਸ ਵਿੱਚ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਵੱਲੋਂ ਇੱਕ ਮਤਾ ਨੰਬਰ 771 ਮਿਤੀ 19 -09-2019 ਨੂੰ ਪਾਸ ਕੀਤਾ ਗਿਆ ਕਿ ਅਖੰਡ ਪਾਠੀ ਸਿੰਘਾਂ ਦੀ ਭੇਟਾ (ਤਨਖਾਹ) ਵਿੱਚ ਹਰ ਸਾਲ ਵਾਧਾ ਲਗਾਇਆ ਜਾਏਗਾ ਜੋ ਨਵੰਬਰ 2024 ਵਿੱਚ ਲੱਗ ਰਿਹਾ ਹੈ ਅਖੰਡ ਪਾਠੀ ਸਿੰਘ ਸਿੰਘਾਂ ਵੱਲੋਂ ਮੰਗ ਪੱਤਰ ਰਾਹੀਂ ਮੰਗ ਕੀਤੀ ਗਈ ਹੈ ਕਿ ਜੋ ਅਖੰਡਪਾਠੀ ਸਿੰਘਾਂ ਨੂੰ ਭੇਟਾ 1100 ਪ੍ਰਤੀ ਅਖੰਡ ਪਾਠ ਅਖੰਡ ਪਾਠ ਸਾਹਿਬ ਮਿਲ ਰਹੀ ਹੈ ਉਸ ਭੇਟਾ ਨੂੰ 1100 ਤੋਂ ਵਧਾ ਕੇ 1300 ਕਰ ਦਿੱਤੀ ਜਾਵੇ ਅਖੰਡ ਪਾਠੀ ਸਿੰਘਾਂ ਨੇ ਮੰਗ ਕੀਤੀ ਹੈ ਕਿ ਅਖੰਡ ਪਾਠੀ ਸਿੰਘਾਂ ਨੂੰ ਦੂਜੇ ਮੁਲਾਜ਼ਮਾਂ ਵਾਂਗ ਮੈਡੀਕਲ ਸਹੂਲਤ ਮਿਲਣੀ ਚਾਹੀਦੀ ਹੈ। ਜਿਸ ਦੇ ਨਾਲ ਹੀ ਅਖੰਡ ਪਾਠੀ ਸਿੰਘਾਂ ਵਿੱਚ ਜੋ ਮੌਜੂਦਾ ਜਾਂ ਸਾਬਕਾ ਮੁਲਾਜ਼ਮ ਅਖੰਡ ਪਾਠ ਸਾਹਿਬ ਦੀਆਂ ਡਿਊਟੀਆਂ ਕਰ ਰਹੇ ਹਨ ਉਹਨਾਂ ਦੀਆਂ ਡਿਊਟੀਆਂ ਨੂੰ ਤੁਰੰਤ ਬੰਦ ਕਰ ਦਿੱਤਾ ਜਾਵੇ ਅਖੰਡ ਪਾਠੀ ਸਿੰਘ ਾਂ ਵੱਲੋਂ ਰੋਸ ਜਾਹਿਰ ਕੀਤਾ ਗਿਆ ਹੈ ਕਿ ਜੋ ਸਮੁੱਚੇ ਗੁਰਦੁਆਰੇ ਸਾਹਿਬ ਚ ਅਖੰਡ ਪਾਠੀ ਸਿੰਘਾਂ ਦੀ ਧੜਾ ਧੜ ਭਰਤੀ ਕੀਤੀ ਜਾ ਰਹੀ ਉਸ ਨੂੰ ਤੁਰੰਤ ਬੰਦ ਕੀਤਾ ਜਾਵੇ। ਸ਼੍ਰੋਮਣੀ ਅਖੰਡ ਪਾਠੀ ਵੈਲਫੇਅਰ ਫਸੋਸਾਇਟੀ ਵੱਲੋਂ ਸਮੁੱਚੀਆਂ ਸਬ ਕਮੇਟੀਆਂ ਸਮੇਤ ਸਮੇਤ ਸ੍ਰੀ ਅੰਮ੍ਰਿਤਸਰ ਸਾਹਿਬ ਵਿਖੇ ਇੱਕ ਵੱਡੀ ਮੀਟਿੰਗ ਕੀਤੀ ਜਾਵੇਗੀ ਅਤੇ ਆਉਣ ਵਾਲੇ ਸਮੇਂ ਵਿੱਚ ਇਸ ਬਾਰੇ ਵਿਚਾਰ ਵਟਾਂਦਰਾ ਕੀਤਾ ਜਾਵੇਗਾ ਇਸ ਸਮੇਂ ਵੱਡੀ ਗਿਣਤੀ ਵਿੱਚ ਜੋ ਸਿੰਘ ਹਾਜ਼ਰ ਹੋਏ ਇਸ ਸਮੇਂ ਅਖੰਡ ਪਾਠੀ ਸਿੰਘਾਂ ਦੇ ਪ੍ਰਧਾਨ ਗੁਰਮੁੱਖ ਸਿੰਘ ਅਮੀਸ਼ਾਹ ਆਪ ਹੋਏ ,ਭਾਈ ਬਲਦੇਵ ਸਿੰਘ ਸੰਧੂ, ਭਾਈ ਜਗਜੀਤ ,ਜਗਮੀਤ ਸਿੰਘ ਸੰਧੂ,ਭਾਈ ਕੰਵਲਜੀਤ ਸਿੰਘ ਬੰਡਾਲਾ ਭਾਈ ਮਲਕੀਤ ਸਿੰਘ, ਭਾਈ ਰਣਜੀਤ ਸਿੰਘ ,ਭਾਈ ਸੁਮੀਤ ਸਿੰਘ ਭਾਈ ਬਲਰਾਜ ਸਿੰਘ ਗਿੱਲ ਸੁਖਰਾਜ ਸਿੰਘ ਗਿੱਲ ,ਬਾਬਾ ਬਕਾਲਾ ਕਮੇਟੀ ਪ੍ਰਧਾਨ ਮਨਪ੍ਰੀਤ ਸਿੰਘ ,ਫਿਰੋਜਪੁਰ ਸਾਹਿਬ ਕਮੇਟੀ ਪ੍ਰਧਾਨ ਅਮਰੀਕ ਸਿੰਘ ਗੁਰਦਾਸਪੁਰੀਆ ,ਛੇਹਰਟਾ ਸਾਹਿਬ ਮੱਖਣ ਸਿੰਘ ਤਰਸੇਮ ਸਿੰਘ ਨੱਥੂ ਨੰਗਲ ਬਲਵਿੰਦਰ ਸਿੰਘ ਰਤਨਜੀਤ ਸਿੰਘ ਅੰਗਰੇਜ ਸਿੰਘ ਸੰਧੂ ਗੁਰਜੀਤ ਸਿੰਘ ਭੁੱਲਰ ਹੀਰਾ ਸਿੰਘ ਹਰਪਾਲ ਸਿੰਘ ਰਖਵੰਤ ਸਿੰਘ ਗੁਰਜੰਟ ਸਿੰਘ ਆਦਿ ਹਾਜ਼ਰ ਸਨ।



# ਹਿੰਦੂਆਂ ਨੂੰ ਆਰ. ਐਸ. ਐਸ. ਤੋਂ ਖਤਰਾ ? ਕਾਂਗਰਸ ਨੇ ਮੰਗ ਲਿਆ ਮੋਹਨ ਭਾਗਵਤ ਦਾ ਅਸਤੀਫਾ

**ਚੰਡੀਗੜ੍ਹ, 7 ਅਕਤੂਬਰ (ਆਵਾਜ਼ਿ ਕੌਮ ਬਿਊਰੋ)**-ਕਾਂਗਰਸ ਦੇ ਸੀਨੀਅਰ ਨੇਤਾ ਪਵਨ ਖੇੜਾ ਨੇ ਭਾਜਪਾ ਤੇ ਸੰਘ ਮੁਖੀ ਮੋਹਨ ਭਾਗਵਤ ’ਤੇ ਤਿੱਖਾ ਹਮਲਾ ਕੀਤਾ ਹੈ। ਮੋਹਨ ਭਾਗਵਤ ਵੱਲੋਂ ਭਾਰਤ ਨੂੰ ਹਿੰਦੂ ਰਾਸ਼ਟਰ ਕਹਿਣ ਤੇ ਹਿੰਦੂਆਂ ਨੂੰ ਇੱਕਜੁੱਟ ਹੋਣ ਦਾ ਸੱਦਾ ਦੇਣ ਮਗਰੋਂ ਕਾਂਗਰਸੀ ਲੀਡਰ ਨੇ ਕਿਹਾ ਕਿ ਅਸਲ ਵਿੱਚ ਹਿੰਦੂਆਂ ਨੂੰ ਖਤਰਾ ਆਰਐਸਐਸ ਤੋਂ ਹੀ ਹੈ। ਪਵਨ ਖੇੜਾ ਨੇ ਹਰਿਆਣਾ ਐਗਜ਼ਿਟ ਪੋਲ ਨੂੰ ਲੈ ਕੇ ਭਾਜਪਾ ’ਤੇ ਵੀ ਨਿਸ਼ਾਨਾ ਸਾਧਿਆ। ਉਨ੍ਹਾਂ ਕਿਹਾ ਕਿ ਐਗਜ਼ਿਟ ਪੋਲ ਵਿੱਚ ਟੀਵੀ ਚੈਨਲ ਮੋਦੀ ਦੀ ਥਾਂ ਨੱਡਾ ਤੇ ਸੈਣੀ ਦੀਆਂ ਤਸਵੀਰਾਂ ਦਿਖਾ ਰਹੇ ਹਨ। ਇਸ ਤੋਂ ਪਤਾ ਲੱਗਦਾ ਹੈ ਕਿ ਭਾਜਪਾ ਦੀ ਹਾਲਤ ਕਿੰਨੀ ਮਾੜੀ ਹੋ ਗਈ ਹੈ। ਉਨ੍ਹਾਂ ਨੇ ਕਿਹਾ ਕਿ ਇੰਨਾ ਹੀ ਨਹੀਂ ਇਹ ਲੋਕ ਜੰਮੂ-ਕਸ਼ਮੀਰ ’ਚ ਵੀ ਹਾਰ ਰਹੇ ਹਨ। ਇਸ ਲਈ ਜੰਮੂ-ਕਸ਼ਮੀਰ ਵਿਧਾਨ ਸਭਾ ਵਿੱਚ ਪੰਜ ਮੈਂਬਰ ਨਾਮਜ਼ਦ ਕੀਤੇ ਗਏ ਹਨ। ਉਹ ਜੋ ਮਰਜ਼ੀ ਸਾਜ਼ਿਸ਼ ਕਰਨ, ਅਸੀਂ ਉੱਥੇ ਸਰਕਾਰ ਬਣਾਉਣ ਜਾ ਰਹੇ ਹਾਂ। ਮੋਹਨ ਭਾਗਵਤ ਦੇ ਬਿਆਨ ’ਤੇ ਵੀ ਪਵਨ ਖੇੜਾ ਨੇ ਟਿੱਪਣੀ ਕੀਤੀ ਹੈ। ਉਨ੍ਹਾਂ ਕਿਹਾ ਕਿ ਭਾਗਵਤ ਨੂੰ ਪਹਿਲਾਂ ਆਪਣੇ ਅਹੁਦੇ ਤੋਂ ਅਸਤੀਫਾ ਦੇ ਕੇ ਕਿਸੇ ਦਲਿਤ ਜਾਂ ਆਦਿਵਾਸੀ ਨੂੰ ਆਰਐਸਐਸ ਦਾ ਮੁਖੀ ਬਣਾਉਣਾ ਚਾਹੀਦਾ ਹੈ ਤੇ ਫਿਰ ਜਾਤੀ ਸਮਾਨਤਾ ਦੀ ਗੱਲ ਕਰਨੀ ਚਾਹੀਦੀ ਹੈ। ਜੇਕਰ ਹਿੰਦੂ ਖ਼ਤਰੇ ਵਿੱਚ ਹਨ ਤਾਂ ਉਨ੍ਹਾਂ ਨੂੰ ਤੁਹਾਡੇ ਤੋਂ ਖ਼ਤਰਾ ਹੈ। ਪਵਨ ਖੇੜਾ ਇੱਥੇ ਹੀ ਨਹੀਂ ਰੁਕੇ। ਉਨ੍ਹਾਂ ਕਿਹਾ ਕਿ ਕਈ ਸ਼ਹਿਰਾਂ ਵਿੱਚ ਨਸ਼ੇ ਬਰਾਮਦ ਹੋ ਰਹੇ ਹਨ।

# ਗੈਂਗਸਟਰ ਦੇ ਡਰ ਕਾਰਨ ਬਹਿਬਲ ਕਲਾਂ ’ਚ ਕਿਸੇ ਨੇ ਨਹੀਂ ਭਰੀ ਨਾਮਜ਼ਦਗੀ

**ਚੰਡੀਗੜ੍ਹ, 7 ਅਕਤੂਬਰ (ਆਵਾਜ਼ਿ ਕੌਮ ਬਿਊਰੋ)**-ਪੰਜਾਬ ਦੇ ਬਾਕੀ ਹਿੱਸਿਆਂ ਵਾਂਗ ਫਰੀਦਕੋਟ ਜ਼ਿਲ੍ਹੇ ਵਿੱਚ ਵੀ ਪੰਚਾਇਤੀ ਚੋਣਾਂ ਲਈ ਨਾਮਜ਼ਦਗੀ ਪ੍ਰਕਿਰਿਆ ਮੁਕੰਮਲ ਹੋ ਗਈ ਹੈ। ਇਸ ਤੋਂ ਬਾਅਦ ਉਮੀਦਵਾਰਾਂ ਦੀ ਸੂਚੀ ਵੀ ਜਾਰੀ ਕਰ ਦਿੱਤੀ ਗਈ ਹੈ।ਉਧਰ ਇੱਥੋਂ ਦੇ ਪਿੰਡ ਬਹਿਬਲ ਕਲਾਂ ਵਿੱਚ ਨਾ ਤਾਂ ਸਰਪੰਚ ਦੇ ਅਹੁਦੇ ਲਈ ਅਤੇ ਨਾ ਹੀ ਪੰਚ ਦੇ ਅਹੁਦੇ ਲਈ ਕਿਸੇ ਵਿਅਕਤੀ ਨੇ ਨਾਮਜ਼ਦਗੀ ਦਾਖ਼ਲ ਕੀਤੀ ਹੈ। ਇਸ ਲਈ 15 ਅਕਤੂਬਰ ਨੂੰ ਪਿੰਡ ਵਿੱਚ ਪੰਚਾਇਤੀ ਚੋਣਾਂ ਨਹੀਂ ਹੋਣਗੀਆਂ।ਬਹਿਬਲ ਕਲਾਂ ਵਿੱਚ ਅਜਿਹੀ ਸਥਿਤੀ ਦਾ ਕਾਰਨ ਗੈਂਗਸਟਰ ਸਿੰਮਾ ਬਹਿਬਲ ਦਾ ਡਰ ਮੰਨਿਆ ਜਾ ਰਿਹਾ ਹੈ।ਸੂਤਰਾਂ ਅਨੁਸਾਰ ਸਿੰਮਾ ਬਹਿਬਲ ਆਪਣੇ ਪਿਤਾ ਨੂੰ ਪਿੰਡ ਦਾ ਸਰਪੰਚ ਬਣਾਉਣਾ ਚਾਹੁੰਦੀ ਸੀ ਪਰ ਚੋਣ ਪ੍ਰਕਿਰਿਆ ਸ਼ੁਰੂ ਹੋਣ ਤੋਂ ਪਹਿਲਾਂ ਹੀ ਪੁਲਿਸ ਨੇ ਸਿੰਮਾ ਬਹਿਬਲ ਸਮੇਤ ਉਸ ਦੇ ਪਿਤਾ ਅਤੇ ਹੋਰ ਸਾਥੀਆਂ ਖ਼ਿਲਾਫ਼ ਕੇਸ ਦਰਜ ਕਰ ਲਿਆ। ਇਸ ਲਈ ਪਰਿਵਾਰ ਨਾਮਜ਼ਦਗੀ ਦਾਖਲ ਨਹੀਂ ਕਰ ਸਕਿਆ। ਸਿੰਮਾ ਬਹਿਬਲ ਪਰਿਵਾਰ ਦੇ ਡਰ ਕਰਕੇ ਪਿੰਡ ਦਾ ਕੋਈ ਹੋਰ ਵਿਅਕਤੀ ਨਾਮਜ਼ਦਗੀ ਦਾਖ਼ਲ ਕਰਨ ਲਈ ਅੱਗੇ ਨਹੀਂ ਆਇਆ।ਪਿੰਡ ਦਾ ਕੋਈ ਵੀ ਵਿਅਕਤੀ ਇਸ ਮਾਮਲੇ ’ਤੇ ਟਿੱਪਣੀ ਕਰਨ ਨੂੰ ਤਿਆਰ ਨਹੀਂ ਹੈ। ਇਸ ਮਾਮਲੇ ਸਬੰਧੀ ਜਦੋਂ ਐਸਪੀ ਬਲਜੀਤ ਸਿੰਘ ਭੁੱਲਰ ਨਾਲ ਗੱਲ ਕੀਤੀ ਗਈ ਤਾਂ ਉਨ੍ਹਾਂ ਕਿਹਾ ਕਿ ਪੁਲਿਸ ਦਾ ਕੰਮ ਸੁਰੱਖਿਆ ਪ੍ਰਦਾਨ ਕਰਨਾ ਹੈ ਅਤੇ ਨਾਮਜ਼ਦਗੀਆਂ ਭਰਨ ਵਾਲੀਆਂ ਥਾਵਾਂ ’ਤੇ ਲੋੜੀਂਦੀ ਪੁਲਿਸ ਫੋਰਸ ਤਾਇਨਾਤ ਕੀਤੀ ਗਈ ਹੈ।ਪੁਲਿਸ ਅਧਿਕਾਰੀ ਨੇ ਕਿਹਾ ਕਿ ਬਹਿਬਲ ਕਲਾਂ ਵਿੱਚ ਕਿਸੇ ਨੇ ਨਾਮਜ਼ਦਗੀ ਕਿਉਂ ਨਹੀਂ ਭਰੀ ਇਸ ਬਾਰੇ ਸਿਰਫ਼ ਸਿਵਲ ਪ੍ਰਸ਼ਾਸਨ ਹੀ ਜਾਣਕਾਰੀ ਦੇ ਸਕਦਾ ਹੈ। ਉਨ੍ਹਾਂ ਦੱਸਿਆ ਕਿ ਕੁਝ ਦਿਨ ਪਹਿਲਾਂ ਸਿੰਮਾ ਬਹਿਬਲ ਵੱਲੋਂ ਆਪਣੇ ਪਿਤਾ ਨੂੰ ਪਿੰਡ ਦਾ ਸਰਪੰਚ ਬਣਾਉਣ ਲਈ ਮੀਟਿੰਗ ਕੀਤੀ ਗਈ ਸੀ ਅਤੇ ਪੁਲਿਸ ਨੂੰ ਸੂਚਨਾ ਮਿਲੀ ਸੀ ਕਿ ਕੁਝ ਗਲਤ ਹੋ ਸਕਦਾ ਹੈ। ਸੂਚਨਾ ਤੋਂ ਬਾਅਦ ਮੌਕੇ ’ਤੇ ਪਹੁੰਚੀ ਪੁਲਿਸ ਨਾਲ ਉਸ ਨੇ ਬਹਿਸ ਕੀਤੀ ਅਤੇ ਜਦੋਂ ਉਸ ਨੂੰ ਗ੍ਰਿਫਤਾਰ ਕਰਨ ਦੀ ਕੋਸ਼ਿਸ਼ ਕੀਤੀ ਗਈ ਤਾਂ ਉਹ ਉਥੋਂ ਭੱਜ ਗਿਆ।ਮੀਟਿੰਗ ਵਿੱਚ ਮੌਜੂਦ ਦੋ ਵਿਅਕਤੀਆਂ ਨੂੰ ਪੁਲਿਸ ਨੇ ਫੜ ਲਿਆ ਅਤੇ ਉਨ੍ਹਾਂ ਕੋਲੋਂ ਹਥਿਆਰ ਵੀ ਬਰਾਮਦ ਕੀਤੇ ਗਏ। ਇਸ ਮਾਮਲੇ ਵਿੱਚ ਸਿੰਮਾ ਬਹਿਬਲ, ਉਸ ਦੇ ਪਿਤਾ ਅਤੇ ਹੋਰਾਂ ਨੂੰ ਨਾਮਜ਼ਦ ਕੀਤਾ ਗਿਆ ਹੈ। ਐਸਪੀ ਨੇ ਮੰਨਿਆ ਕਿ ਇਸ ਤੋਂ ਬਾਅਦ ਬੇਸ਼ੱਕ ਪਿੰਡ ਵਿੱਚ ਦਹਿਸ਼ਤ ਦਾ ਮਾਹੌਲ ਸੀ ਪਰ ਇਹ ਨਹੀਂ ਕਿਹਾ ਜਾ ਸਕਦਾ ਕਿ ਇਸੇ ਕਾਰਨ ਕੋਈ ਨਾਮਜ਼ਦਗੀ ਦਾਖ਼ਲ ਨਹੀਂ ਕੀਤੀ ਗਈ। ਪੁਲਿਸ ਰਿਕਾਰਡ ਅਨੁਸਾਰ ਏ-ਕੈਟਾਗਰੀ ਦੇ ਗੈਂਗਸਟਰ ਸਿੰਮਾ ਬਹਿਬਲ ਖ਼ਿਲਾਫ਼ ਫਰੀਦਕੋਟ ਜ਼ਿਲ੍ਹੇ ਅਤੇ ਹੋਰ ਜ਼ਿਲ੍ਹਿਆਂ ਵਿੱਚ ਗੰਭੀਰ ਧਾਰਾਵਾਂ ਤਹਿਤ 20 ਤੋਂ ਵੱਧ ਕੇਸ ਦਰਜ ਹਨ। ਇਨ੍ਹੀਂ ਦਿਨੀਂ ਉਹ ਜ਼ਮਾਨਤ ’ਤੇ ਬਾਹਰ ਹੈ।

# ਚੋਣ ਆਬਜਰਵਰ, ਡਾ. ਅਭਿਨਵ ਤ੍ਰਿਖਾ ਵਲੋਂ ਕਲਾਨੌਰ, ਬਟਾਲਾ ਤੇ ਸ੍ਰੀ ਹਰਗੋਬਿੰਦਪੁਰ ਸਾਹਿਬ ਦਾ ਦੌਰਾ



**ਗੁਰਦਾਸਪੁਰ/ਸ੍ਰੀ ਹਰਗੋਬਿੰਦਪੁਰ ਸਾਹਿਬ, 7 ਅਕਤੂਬਰ (ਕੁਲਜੀਤ ਸਿੰਘ ਖੋਖਰ)**-ਡਾ. ਅਭਿਨਵ ਤ੍ਰਿਖਾ, ਸੈਕਰਟਰੀ, ਹੈਲਥ ਐਂਡ ਫੈਮਲੀ ਵੈਲਫੇਅਰ, ਪੰਜਾਬ, ਚੰਡੀਗੜ੍ਹ ਨੂੰ ਰਾਜ ਚੋਣ ਕਮਿਸ਼ਨ, ਪੰਜਾਬ ਵਲੋਂ ਗ੍ਰਾਮ ਪੰਚਾਇਤ ਚੋਣਾਂ-2024 ਸਬੰਧੀ ਜ਼ਿਲ੍ਹਾ ਗੁਰਦਾਸਪੁਰ ਦੇ ਚੋਣ ਆਬਜ਼ਰਵਰ ਵਜੋਂ ਨਿਯੁਕਤ ਕੀਤਾ ਗਿਆ ਹੈ। ਡਾ. ਅਭਿਨਵ ਤ੍ਰਿਖਾ, ਸੈਕਰਟਰੀ ਹੈਲਥ ਐਂਡ ਫੈਮਲੀ ਵੈਲਫੇਅਰ, ਪੰਜਾਬ ਵਲੋਂ ਕਲਾਨੌਰ,ਬਟਾਲਾ,ਸ੍ਰੀ ਹਰਗੋਬਿੰਦਪੁਰ ਸਾਹਿਬ, ਦੀਨਾਨਗਰ, ਗੁਰਦਾਸਪੁਰ ਤੇ ਧਾਰੀਵਲ ਦਾ ਦੌਰਾ ਕੀਤਾ ਗਿਆ ਤੇ ਪੰਚਾਇਤੀ ਚੋਣਾਂ ਦੀ ਚੱਲ ਰਹੀ ਪ੍ਰਕਿਰਿਆ ਦਾ ਜਾਇਜ਼ਾ ਲਿਆ। ਇਸ ਮੌਕੇ ਸ੍ਰੀ ਸੁਰਿੰਦਰ ਸਿੰਘ, ਵਧੀਕ ਡਿਪਟੀ ਕਮਿਸ਼ਨਰ (ਜ) ਗੁਰਦਾਸਪੁਰ ਅਤੇ ਲਾਇਜ਼ਨ ਅਫਸਰ ਐਕਸੀਅਨ ਹਰਜੋਤ ਸਿੰਘ ਵੀ ਮੌਜੂਦ ਸਨ। ਡਾ. ਅਭਿਨਵ ਤ੍ਰਿਖਾ, ਸੈਕਰਟਰੀ ਹੈਲਥ ਐਂਡ ਫੈਮਲੀ ਵੈਲਫੇਅਰ, ਪੰਜਾਬ ਨੇ ਰਿਟਰਨਿੰਗ ਅਧਿਕਾਰੀਆਂ ਨੂੰ ਕਿਹਾ ਕਿ 15 ਅਕਤੂਬਰ ਨੂੰ ਗ੍ਰਾਮ ਪੰਚਾਇਤਾਂ ਦੀਆਂ ਹੋਣ ਵਾਲੀਆਂ ਆਮ ਚੋਣਾਂ ਦੇ ਸਮੁੱਚੇ ਅਮਲ ਨੂੰ ਪੂਰੀ ਨਿਰਪੱਖਤਾ, ਪਾਰਦਰਸ਼ਤਾ ਤੇ ਨਿਰਵਿਘਨ ਢੰਗ ਨਾਲ ਨੇਪਰੇ ਚਾੜ੍ਹਿਆ ਜਾਵੇ। ਉਨ੍ਹਾਂ ਨੇ ਅਧਿਕਾਰੀਆਂ ਨੂੰ ਕਿਹਾ ਕਿ ਚੋਣਾਂ, ਆਜ਼ਾਦਾਨਾ, ਨਿਰਪੱਖ ਤੇ ਪੂਰੀ ਪਾਰਦਸ਼ਤਾ ਨਾਲ ਕਰਵਾਉਣੀਆਂ ਯਕੀਨੀ ਬਨਾਉਣ ਲਈ ਰਾਜ ਚੋਣ ਕਮਿਸ਼ਨ ਦੀਆਂ ਹਦਾਇਤਾਂ ਤੇ ਨਿਯਮਾਂ ਦੀ ਇੰਨ ਬਿੰਨ ਪਾਲਣਾ ਸਖ਼ਤੀ ਨਾਲ ਕੀਤੀ ਜਾਵੇ।

ਆਵਾਜ਼ਿ ਕੌਮ AWAZE QAUM International Newspaper & WEB TV

# ਨਾੜ ਨੂੰ ਅੱਗ ਲਗਾਉਣ ਵਾਲੇ, 10 ਕਿਸਾਨਾਂ ਤੋਂ 25000 ਰੁਪਏ ਦਾ ਵਾਤਾਵਰਨ ਮੁਆਵਜ਼ਾ ਵਸੂਲਿਆ ਤੇ ਰੈਵਨਿਊ ਰਿਕਾਰਡ ਵਿੱਚ ਰੈੱਡ ਐਂਟਰੀ ਦਰਜ ਡੀਸੀ




**ਗੁਰਦਾਸਪੁਰ/ਸ੍ਰੀ ਹਰਗੋਬਿੰਦਪੁਰ ਸਾਹਿਬ, 7 ਅਕਤੂਬਰ (ਕੁਲਜੀਤ ਸਿੰਘ ਖੋਖਰ)**-ਵਮਾਨਯੋਗ ਨੈਸ਼ਨਲ ਗ੍ਰੀਨ ਟ੍ਰਿਬਊਨਲ ਵੱਲੋਂ ਫਸਲਾਂ ਦੀ ਰਹਿੰਦ-ਖੂੰਹਦ ਨੂੰ ਸਾੜਨ ‘ਤੇ ਪਬੰਦੀ ਲਗਾਈ ਗਈ ਹੈ, ਜਿਸ ਦੇ ਚੱਲਦਿਆਂ ਜ਼ਿਲ੍ਹੇ ਵਿੱਚ ਗਠਿਤ ਵੱਖ ਵੱਖ ਟੀਮਾਂ ਵਲੋਂ ਸਖ਼ਤ ਨਜ਼ਰ ਰੱਖੀ ਜਾ ਰਹੀ ਹੈ। ਜ਼ਿਲ੍ਹੇ ਵਿੱਚ ਹੁਣ ਤੱਕ,10 ਕਿਸਾਨਾਂ ਵੱਲੋਂ ਪਰਾਲੀ/ਨਾੜ ਨੂੰ ਅੱਗ ਲਗਾਈ ਗਈ, ਜਿਸ ਕਾਰਨ ਉਨ੍ਹਾਂ ਨੂੰ 25,000 ਰੁਪਏ ਦਾ ਵਾਤਾਵਰਨ ਮੁਆਵਜ਼ਾ ਵਸੂਲ ਕੇ, ਰੈਵੀਨਿਊ ਰਿਕਾਰਡ ਵਿੱਚ ਰੈੱਡ ਐਂਟਰੀ ਕੀਤੀ ਗਈ ਹੈ। ਇਸ ਸਬੰਧੀ ਜਾਣਕਾਰੀ ਦਿੰਦਿਆਂ ਸ੍ਰੀ ਉਮਾ ਸ਼ੰਕਰ ਗੁਪਤਾ, ਡਿਪਟੀ ਕਮਿਸ਼ਨਰ ਗੁਰਦਾਸਪੁਰ ਨੇ ਜਾਣਕਾਰੀ ਦਿੰਦਿਆਂ ਦੱਸਿਆ ਕਿ ਬਲਾਕ ਫਤਿਹਗੜ੍ਹ ਚੂੜੀਆਂ ਦੇ ਪਿੰਡ ਅਲੀਵਾਲ ਜੱਟਾਂ,ਹਰਦੋਵਾਲ ਕਲਾ. ਤੇ ਮਾਨਸੈਂਡ ਵਾਲ ਅਤੇ ਬਟਾਲਾ ਬਲਾਕ ਦੇ ਪਿੰਡ ਵੈਰੋਨੰਗਲ, ਸੰਦਲ, ਤਲਵੰਡੀ ਬਖ਼ਤਾਂ, ਦੋਲਤਪੁਰ ਦੇ ਤਿੰਨ ਕਿਸਾਨਾਂ ਅਤੇ ਸਰਵਾਲੀ ਦੇ ਕਿਸਾਨ, ਕੁਲ 10 ਕਿਸਾਨਾਂ ਵੱਲੋਂ ਅੱਗ ਲਗਾਈ ਗਈ ਸੀ। ਜਿਸ ਲਈ 2500 ਰੁਪਏ ਦੇ ਹਿਸਾਬ ਨਾਲ 10 ਕਿਸਾਨਾਂ ਨੂੰ 25,000 ਰੁਪਏ ਵਾਤਾਵਰਨ ਮੁਆਵਜ਼ਾ ਵਸੂਲ ਕੇ, ਰੈਵਨਿਊ ਰਿਕਾਰਡ ਵਿੱਚ ਰੈੱਡ ਐਂਟਰੀਆਂ ਕੀਤੀਆਂ ਗਈਆਂ ਹਨ। ਡਿਪਟੀ ਕਮਿਸ਼ਨਰ ਨੇ ਕਿਸਾਨ ਵੀਰਾਂ ਨੂੰ ਅਪੀਲ ਕੀਤੀ ਕਿ ਉਹ ਮਾਨਯੋਗ ਸੁਪਰੀਮ ਕੋਰਟ ਅਤੇ ਮਾਨਯੋਗ ਨੈਸ਼ਨਲ ਗਰੀਨ ਟ੍ਰਿਬਿਊਨਲ ਦੀਆਂ ਹਦਾਇਤਾਂ ਦੀ ਪਾਲਣਾ ਕਰਦੇ ਹੋਏ ਫਸਲ ਦੀ ਰਹਿੰਦ-ਖੂੰਹਦ/ਪਰਾਲੀ/ਨਾੜ ਨੂੰ ਅੱਗ ਨਾ ਲਗਾਉਣ। ਉਨ੍ਹਾਂ ਦੱਸਿਆ ਕਿ ਜ਼ਿਲ੍ਹਾ ਪ੍ਰਸ਼ਾਸਨ ਵੱਲੋਂ ਪਰਾਲੀ ਦੀ ਸਾਂਭ- ਸੰਭਾਲ ਲਈ ਲੋੜੀਂਦੀ ਖੇਤੀ ਮਸ਼ੀਨਰੀ ਉਪਲਬਧ ਹੈ। ਸਹਿਕਾਰੀ ਸੁਸਾਇਟੀਆਂ ਤੇ ਪੰਚਾਇਤਾਂ ਕੋਲੋਂ ਖੇਤੀ ਮਸ਼ੀਨਰੀ ਮੌਜੂਦ ਹੈ। ਜੇਕਰ ਫਿਰ ਵੀ ਕਿਸੇ ਕਿਸਾਨ ਨੂੰ ਕੋਈ ਮੁਸ਼ਕਿਲ ਪੇਸ਼ ਆਉਂਦੀ ਹੈ, ਤਾਂ ਉਹ ਨੇੜਲੇ ਖੇਤੀਬਾੜੀ ਵਿਭਾਗ ਦੇ ਦਫ਼ਤਰ, ਐੱਸ.ਡੀ.ਐੱਮ. ਦਫ਼ਤਰ ਵਿਖੇ ਸੰਪਰਕ ਕਰ ਸਕਦੇ ਹਨ। ਡਿਪਟੀ ਕਮਿਸ਼ਨਰ ਨੇ ਅੱਗੇ ਕਿਹਾ ਕਿ ਜ਼ਿਲ੍ਹਾ ਪ੍ਰਸ਼ਾਸਨ ਵੱਲੋਂ ਝੋਨੇ ਦੀ ਫ਼ਸਲ ਦੀ ਕਟਾਈ ਤੋਂ ਬਾਅਦ ਫ਼ਸਲ ਦੀ ਰਹਿੰਦ ਖੂੰਹਦ ਨੂੰ ਨਾ ਸਾੜਨ ਲਈ ਲਗਾਤਾਰ ਜਾਗਰੂਕਤਾ ਮੁਹਿੰਮ ਵਿੱਢੀ ਗਈ ਹੈ ਅਤੇ ਉਹ ਖੁਦ ਪਿੰਡਾਂ ਵਿੱਚ ਜਾ ਕੇ ਕਿਸਾਨਾ ਨੂੰ ਪਰਾਲੀ ਨਾ ਸਾੜਨ ਦੀ ਅਪੀਲ ਕਰ ਰਹੇ ਹਨ। ਡਿਪਟੀ ਕਮਿਸ਼ਨਰ ਨੇ ਜ਼ਿਲ੍ਹੇ ਦੇ ਸਮੂਹ ਕਿਸਾਨਾਂ ਨੂੰ ਅਪੀਲ ਕੀਤੀ ਕਿ ਉਹ ਜ਼ਿਲ੍ਹਾ ਪ੍ਰਸ਼ਾਸ਼ਨ ਨਾਲ ਸਹਿਯੋਗ ਕਰਨ ਅਤੇ ਪਰਾਲੀ/ਨਾੜ ਨੂੰ ਅੱਗ ਨਾ ਲਾਉਣ।

ਆਵਾਜ਼ਿ ਕੌਮ AWAZE QAUM International Newspaper & WEB TV

# ਬੁਰਜ ਗੌਂਹਰਾ ਦੇ ਸੂਝਵਾਨ ਵੋਟਰਾਂ ਵੱਲੋਂ ਮਿਲ ਰਿਹਾ ਹੈ ਭਰਮਾ ਹੁੰਗਾਰਾ : ਗੁਰਮੇਲ ਸਿੰਘ



ਧੂਰੀ ( ਰਣਜੀਤ ਸਿੰਘ ਪੇਧਨੀ ) ਪਿੰਡ ਬੁਰਜ ਗੌਂਹਰਾ ਤੋਂ ਜਰਨਲ ਸੀਟ ਲਈ ਪੜੇ ਲਿਖੇ ਗੁਰਮੇਲ ਸਿੰਘ ਬੁਰਜ ਗੌਂਹਰਾ ਨੇ ਵੀ ਚੋਣ ਲੜਨ ਦਾ ਬਿਗਲ ਵਜਾ ਦਿੱਤਾ ਹੈ। ਬੁਰਜ ਗੌਂਹਰਾ ਅੰਦਰ ਵੱਖ ਵੱਖ ਵਾਰਡਾਂ ਅਤੇ ਦੁਕਾਨਦਾਰਾਂ ਪਾਸੋਂ ਡੋਰ ਟੂ ਡੋਰ ਵੋਟਾਂ ਮੰਗਣ ਉਪਰੰਤ ਚੋਣਵੇਂ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਗੁਰਮੇਲ ਸਿੰਘ ਬੁਰਜ ਗੌਂਹਰਾ ਨੇ ਕਿਹਾ ਕਿ ਪਿੰਡ ਦੀਆਂ ਰਹਿੰਦੀਆਂ ਸਮੱਸਿਆਵਾ ਨੂੰ ਪਰਮਾਤਮਾਂ ਨੇ ਮੌਕਾ ਦਿੱਤਾ ਤਾਂ ਪਹਿਲ ਦੇ ਅਧਾਰ ਤੇ ਹੱਲ ਕੀਤਾ ਜਾਵੇਗਾ। ਉਹਨਾਂ ਕਿਹਾ ਹੈ ਕਿ ਉਹ ਸਭਨਾਂ ਦੇ ਸਾਂਝੇ ਉਮੀਦਵਾਰ ਹਨ ਅਤੇ ਧੜੇਬੰਦੀ ਤੋਂ ਉੱਪਰ ਉੱਠ ਕੇ ਪਿੰਡ ਦੇ ਵਿਕਾਸ ਵਿੱਚ ਕੋਈ ਕਸਰ ਬਾਕੀ ਨਹੀਂ ਛੱਡਣਗੇ। ਉਹਨਾਂ ਕਿਹਾ ਕਿ ਉਹ ਸ਼ੁਰੂ ਤੋਂ ਹੀ ਪਿੰਡ ਨੂੰ ਸਾਫ ਅਤੇ ਸੁੰਦਰ ਬਣਾਉਣ ਲਈ ਲਗਾਤਾਰ ਯਤਨਾਂ ਵਿੱਚ ਹਨ ਅਤੇ ਆਉਣ ਵਾਲੇ ਸਮੇਂ ਅੰਦਰ ਪਿੰਡ ਵਿੱਚ ਵੱਡੇ ਬਦਲਾਅ ਨਜ਼ਰ ਆਉਣਗੇ। ਉਹਨਾਂ ਕਿਹਾ ਕਿ ਪਿੰਡ ਦੇ ਸੂਝਵਾਨ ਵੋਟਰ ਅਤੇ ਸਪੋਰਟਰ ਉਹਨਾਂ ਦਾ ਪੂਰਨ ਸਾਥ ਦੇ ਰਹੇ ਹਨ ਅਤੇ ਗੁਰੂ ਮਹਾਰਾਜ ਦੀ ਅਸ਼ੀਰਵਾਦ ਸਦਕਾ ਜੇਕਰ ਉਨਾਂ ਨੂੰ ਸੇਵਾ ਕਰਨ ਦਾ ਮੌਕਾ ਮਿਲਿਆ ਤਾਂ ਕਸਬੇ ਪਿੰਡ ਦੀ ਨੁਹਾਰ ਬਦਲ ਵਿੱਚ ਕੋਈ ਕਸਰ ਬਾਕੀ ਨਹੀਂ ਛੱਡਣਗੇ।